Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to$90,000 in government bonds & grants.
Contact : 647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 21* Issue 68 | Thursday, April 07, 2022 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਵੱਡੇ ਬੈਂਕਾਂ ਤੇ ਇੰਸ਼ੋਰੈਂਸ ਕੰਪਨੀਆਂ ਤੋਂ ਵੱਧ ਟੈਕਸ ਵਸੂਲੇਗੀ ਲਿਬਰਲ ਸਰਕਾਰ

ਓਟਵਾ, 6 ਅਪਰੈਲ (ਪੋਸਟ ਬਿਊਰੋ) : ਮਹਾਂਮਾਰੀ ਦੌਰਾਨ ਵੱਡੇ ਮੁਨਾਫੇ ਕਮਾਉਣ ਵਾਲੇ ਵੱਡੇ ਬੈਂਕਾਂ ਤੋਂ ਫੈਡਰਲ ਬਜਟ ਵਿੱਚ ਵਾਧੂ ਟੈਕਸ ਵਸੂਲਿਆ ਜਾਵੇਗਾ।



ਆਪਣੀ ਆਮਦਨ ਦਾ ਖੁਲਾਸਾ ਕਰਨ ਲਈ ਇਨ੍ਹਾਂ ਬੈਂਕਾਂ ਨੂੰ ਆਖਿਆ ਗਿਆ ਹੈ ਤੇ ਵੱਡੇ ਚਾਰਟਰਡ ਬੈਂਕ ਤੇ ਵੱਡੀਆਂ ਇੰਸ਼ੋਰੈਂਸ ਕੰਪਨੀਆਂ ਨਵੇਂ ਮਾਪਦੰਡਾਂ ਨੂੰ ਅਪਨਾਉਣ ਦੀ ਤਿਆਰੀ ਕਰ ਰਹੀਆਂ ਹਨ ਜਿਸ ਨਾਲ ਉਨ੍ਹਾਂ ਦੇ ਕਾਰਪੋਰੇਟ ਇਨਕਮ ਟੈਕਸ ਵਿੱਚ ਵਾਧਾ ਹੋਵੇਗਾ। ਉਨ੍ਹਾਂ ਨੂੰ ਹੋਰ ਕਿੰਨੀ ਰਕਮ ਵੱਧ ਅਦਾ ਕਰਨੀ ਹੋਵੇਗੀ ਇਸ ਦਾ ਖੁਲਾਸਾ ਬਜਟ ਵਿੱਚ ਕੀਤਾ ਜਾਵੇਗਾ। 2021 ਦੇ ਇਲੈਕਸ਼ਨ ਪਲੇਟਫਾਰਮ ਵਿੱਚ ਲਿਬਰਲਾਂ ਨੇ ਇਹ ਵਾਅਦਾ ਕੀਤਾ ਸੀ ਕਿ ਉਹ ਬੈਂਕਾਂ ਉੱਤੇ ਤਿੰਨ ਫੀ ਸਦੀ ਵਾਧੂ ਟੈਕਸ ਵਸੂਲਣਗੇ। ਇਸ ਦੇ ਨਾਲ ਹੀ ਹਰ ਸਾਲ ਇੱਕ ਬਿਲੀਅਨ ਡਾਲਰ ਤੋਂ ਵੱਧ ਕਮਾਉਣ ਵਾਲੇ ਇੰਸ਼ੋਰਰ ਤੋਂ ਵੀ ਇਹ ਵਾਧੂ ਟੈਕਸ ਵਸੂਲਿਆ ਜਾਵੇਗਾ।

ਵਿੱਤੀ ਸੰਸਥਾਵਾਂ ਉੱਤੇ ਟੈਕਸ ਲਾਉਣ ਦੀ ਇਹ ਗੱਲ ਕੁੱਝ ਹਫਤੇ ਪਹਿਲਾਂ ਹੋਈ ਲਿਬਰਲ-ਐਨਡੀਪੀ ਡੀਲ ਵਿੱਚ ਵੀ ਕੀਤੀ ਗਈ ਹੈ। ਦੋਵੇਂ ਪਾਰਟੀਆਂ ਇਹ ਸੰਕੇਤ ਦੇ ਚੁੱਕੀਆਂ ਹਨ ਕਿ ਉਹ ਮਹਾਂਮਾਰੀ ਦੌਰਾਨ ਲਾਹਾ ਖੱਟਣ ਵਾਲਿਆਂ ਤੋਂ ਟੈਕਸ ਵਸੂਲਣਗੀਆਂ। ਲਿਬਰਲਾਂ ਦੇ ਅੰਦਾਜ਼ੇ ਮੁਤਾਬਕ ਤਿੰਨ ਫੀ ਸਦੀ ਦੇ ਇਸ ਵਾਧੂ ਟੈਕਸ ਨਾਲ ਸਾਲ ਦੇ 1.2 ਬਿਲੀਅਨ ਡਾਲਰ ਇੱਕਠੇ ਹੋਣਗੇ ਤੇ ਆਉਣ ਵਾਲੇ ਤਿੰਨ ਸਾਲਾਂ ਵਿੱਚ ਇਹ ਰਕਮ 3•6 ਬਿਲੀਅਨ ਡਾਲਰ ਹੋ ਜਾਵੇਗੀ। ਤਿੰਨ ਸਾਲਾਂ ਲਈ ਕੀਤੀ ਗਈ ਡੀਲ ਤਹਿਤ ਐਨਡੀਪੀ ਵੱਲੋਂ ਲਿਬਰਲਾਂ ਨੂੰ 2022 ਦੇ ਬਜਟ ਵਿੱਚ ਆਪਣੀ ਇਹ ਸ਼ਰਤ ਪੂਰੀ ਕਰਨ ਲਈ ਦਬਾਅ ਪਾਇਆ ਜਾ ਰਿਹਾ ਹੈ।

## ਏਅਰ ਕੈਨੇਡਾ ਨੇ ਵੈਨਕੂਵਰ ਤੇ ਦਿੱਲੀ ਦਰਮਿਆਨ ਉਡਾਨਾਂ ਕੀਤੀਆਂ ਸਸਪੈਂਡ

ਓਟਵਾ, 6 ਅਪਰੈਲ (ਪੋਸਟ ਬਿਊਰੋ) : ਏਅਰ ਕੈਨੇਡਾ ਵੱਲੋਂ ਬੁੱਧਵਾਰ ਨੂੰ ਇਹ ਐਲਾਨ ਕੀਤਾ ਗਿਆ ਕਿ ਉਹ ਸਤੰਬਰ ਤੱਕ ਵੈਨਕੂਵਰ ਤੇ ਦਿੱਲੀ ਦਰਮਿਆਨ ਫਲਾਈਟਸ ਨੂੰ ਸਸਪੈਂਡ ਕਰਨ ਜਾ ਰਹੀ ਹੈ। ਇਹ ਫੈਸਲਾ ਰੂਸ ਤੇ ਯੂਕਰੇਨ ਦੀ ਏਅਰਸਪੇਸ ਵਿੱਚ ਮੌਜੂਦ ਰੀਫਿਊਲਿੰਗ ਸਟੌਪ ਉੱਤੇ ਜਾਣ ਤੋਂ ਬਚਣ ਲਈ ਕੀਤਾ ਗਿਆ ਹੈ।

ਕੈਨੇਡੀਅਨ ਏਅਰਲਾਈਨ ਨੇ ਇੱਕ ਪ੍ਰੈੱਸ ਰਲੀਜ਼ ਵਿੱਚ ਆਖਿਆ ਕਿ ਗਰਮੀਆਂ ਵਾਲੀ ਹਵਾ ਤੇ ਸਾਊਥ ਏਸ਼ੀਆ ਵਿੱਚ ਮੌਸਮ ਦੇ ਹਾਲਾਤ ਵੀ ਇਨ੍ਹਾਂ ਫਲਾਈਟਸ ਦੀ ਇਜਾਜ਼ਤ ਨਹੀਂ ਦਿੰਦੇ। ਸੱਭ ਤੋਂ ਵੱਡਾ ਕਾਰਨ ਰੂਸ ਤੇ ਯੂਕਰੇਨ ਦਰਮਿਆਨ ਜਾਰੀ ਸੰਘਰਸ਼ ਹੈ ਜਿਸ ਤੋਂ ਏਅਰਲਾਈਨਜ਼ ਬਚਣਾ ਚਾਹੁੰਦੀਆਂ ਹਨ।

ਪ੍ਰੈੱਸ ਰਲੀਜ਼ ਵਿੱਚ ਇਹ ਵੀ ਆਖਿਆ ਗਿਆ ਕਿ ਇਸ ਅਰਸੇ ਦੌਰਾਨ ਏਅਰ ਕੈਨੇਡਾ ਭਾਰਤ ਤੇ ਕੈਨੇਡਾ ਦਰਮਿਆਨ



11 ਹਫਤਾਵਾਰੀ ਉਡਾਨਾਂ ਜਾਰੀ ਰੱਖੇਗੀ ਜੋ ਕਿ ਟੋਰਾਂਟੋ ਤੇ ਮਾਂਟਰੀਅਲ ਦਰਮਿਆਨ ਹੋਣਗੀਆਂ। ਏਅਰਲਾਈਨ ਨੇ ਆਖਿਆ ਕਿ ਇਨ੍ਹਾਂ ਰੂਟਸ ਲਈ ਵੱਖਰੇ ਹਵਾਈ ਸਪੇਸ ਦੀ ਵਰਤੋਂ ਕੀਤੀ ਜਾਂਦੀ ਹੈ। ਇਹ ਵੀ ਆਖਿਆ ਗਿਆ ਹੈ ਕਿ ਏਅਰ ਕੈਨੇਡਾ ਭਾਰਤ ਵਿਚਲੀ ਮਾਰਕਿਟ ਲਈ ਸਮਰਪਿਤ ਹੈ ਤੇ 6 ਸਤੰਬਰ ਤੋਂ ਵੈਨਕੂਵਰ ਤੇ ਦਿੱਲੀ ਦਰਮਿਆਨ ਨੌਨ ਸਟੌਪ ਉਡਾਨਾਂ ਮੁੜ ਸ਼ੁਰੂ ਕੀਤੀਆਂ ਜਾਣਗੀਆਂ। ...ਬਾਕੀ ਪੰਨਾ 4 'ਤੇ

## ਓਨਟਾਰੀਓ ਵਿੱਚ ਇੱਕ ਵਾਰੀ ਫਿਰ ਵੱਧ ਰਹੇ ਹਨ ਕੋਵਿਡ-19 ਦੇ ਮਾਮਲੇ : ਜੂਨੀ

ਓਨਟਾਰੀਓ, 6 ਅਪਰੈਲ (ਪੋਸਟ ਬਿਊਰੋ) : ਓਨਟਾਰੀਓ ਵਿੱਚ ਰੋਜ਼ਾਨਾ ਕੋਵਿਡ-19 ਦੇ 100,000 ਨਵੇਂ ਮਾਮਲੇ ਸਾਹਮਣੇ ਆ ਸਕਦੇ ਹਨ। ਇਸ ਸਮੇਂ ਪੰਜ ਫੀ ਸਦੀ ਓਨਟਾਰੀਓ ਵਾਸੀ ਕੋਵਿਡ-19 ਤੋਂ ਪ੍ਰਭਾਵਿਤ ਹਨ। ਇਹ ਖੁਲਾਸਾ ਪ੍ਰੋਵਿੰਸ ਦੀ ਸਾਇੰਸ ਟੇਬਲ ਦੇ ਹੈੱਡ ਵੱਲੋਂ ਕੀਤਾ ਗਿਆ।

ਇੱਕ ਇੰਟਰਵਿਊ ਵਿੱਚ ਪੀਟਰ ਜੂਨੀ ਨੇ ਕੋਵਿਡ-19 ਦੇ ਮੁੜ ਸਿਰ ਚੁੱਕਣ ਦੀ ਗੱਲ ਕਰਦਿਆਂ ਆਖਿਆ ਕਿ ਇਸ ਸਮੇਂ ਵਾਇਰਸ ਕਾਰਨ ਹਸਪਤਾਲ ਵਿੱਚ ਦਾਖਲ ਹੋਣ ਵਾਲਿਆਂ ਦੀ ਗਿਣਤੀ ਵਿੱਚ ਲਗਾਤਾਰ ਵਾਧਾ ਵੇਖਣ ਨੂੰ ਮਿਲ ਰਿਹਾ ਹੈ। ਹਸਪਤਾਲ ਵਿੱਚ ਭਰਤੀ ਹੋਣ ਵਾਲਿਆਂ ਦੀ ਗਿਣਤੀ ਹਫਤਾ ਦਰ ਹਫਤਾ ਦੇ ਹਿਸਾਬ ਨਾਲ 40 ਫੀ ਸਦੀ ਵਧੀ ਹੈ। ਉਨ੍ਹਾਂ ਆਖਿਆ ਕਿ



ਵੇਸਟਵਾਟਰ ਦੇ ਵਿਸ਼ਲੇਸ਼ਣ ਤੋਂ ਸਾਹਮਣੇ ਆਇਆ ਹੈ ਕਿ ਜੋ ਹਾਲ ਜਨਵਰੀ ਵਿੱਚ ਸੀ ਅਸੀਂ ਜਲਦ ਹੀ ਮੁੜ ਉੱਥੇ ਪਹੁੰਚਣ ਵਾਲੇ ਹਾਂ। ਉਸ ਸਮੇਂ ਰੋਜ਼ਾਨਾ 100,000 ਤੋਂ 120,000 ਨਵੇਂ ਮਾਮਲੇ ਆਉਂਦੇ ਸਨ। ਨਵੇਂ ਵਿਸ਼ਲੇਸ਼ਣ ਤੋਂ ਸਾਹਮਣੇ ਆਇਆ ਹੈ ਕਿ ਇੱਕ ਵਾਰੀ ਫਿਰ ਇਨ੍ਹਾਂ ਮਾਮਲਿਆਂ ਵਿੱਚ ਇਜਾਫਾ ਹੋਣਾ ਸ਼ੁਰੂ ਹੋਇਆ ਹੈ। ਉਨ੍ਹਾਂ ਆਖਿਆ ਕਿ ਮਾਸਕ ਸਬੰਧੀ ਨਿਯਮਾਂ ਵਿੱਚ ਢਿੱਲ ਦਿੱਤੇ ਜਾਣ ਨਾਲ ਕੋਵਿਡ-19 ਸਬੰਧੀ ਮਾਮਲਿਆਂ ਵਿੱਚ ਤੇਜ਼ੀ ਆਈ ਹੈ।

## ਕੋਵਿਡ-19 ਵਰਗੇ ਲੱਛਣਾਂ ਨਾਲ ਐਮਰਜੈਂਸੀ ਰੂਮਜ਼ ਵਿੱਚ ਦਾਖਲ ਹੋਣ ਵਾਲੇ ਬੱਚਿਆਂ ਦੀ ਗਿਣਤੀ ਵਧੀ

ਓਨਟਾਰੀਓ, 6 ਅਪਰੈਲ (ਪੋਸਟ ਬਿਊਰੋ) : ਐਮਰਜੰਸੀ ਰੂਮਜ਼ ਵਿੱਚ ਦਾਖਲ ਬੱਚਿਆਂ ਦੀ ਗਿਣਤੀ ਵਿੱਚ ਲਗਾਤਾਰ ਵਾਧਾ ਵੇਖਣ ਨੂੰ ਮਿਲ ਰਿਹਾ ਹੈ। ਇਨ੍ਹਾਂ ਵਿੱਚ ਬਹੁਤਾ ਕਰਕੇ ਕੋਵਿਡ-19 ਵਰਗੇ ਲੱਛਣ ਪਾਏ ਜਾ ਰਹੇ ਹਨ। ਮਹਾਂਮਾਰੀ ਸ਼ੁਰੂ ਹੋਇਆਂ ਨੂੰ ਭਾਵੇਂ ਦੋ ਸਾਲ ਤੋਂ ਵੀ ਵੱਧ ਦਾ ਸਮਾਂ ਹੋ ਗਿਆ ਹੈ ਪਰ ਇਸ ਤਰ੍ਹਾਂ ਦਾ ਇਹ ਆਪਣੀ ਕਿਸਮ ਦਾ ਵੱਖਰਾ ਮਾਮਲਾ ਹੈ।

ਪਿਛਲੇ ਦੋ ਹਫਤਿਆਂ ਵਿੱਚ ਪ੍ਰੋਵਿੰਸ ਪੱਧਰ ਉੱਤੇ 89 ਬੱਚਿਆਂ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਬੱਚਿਆਂ ਵਿੱਚ ਇਸ ਤਰ੍ਹਾਂ ਦੇ ਮਾਮਲੇ ਓਨਟਾਰੀਓ ਵਿੱਚ ਸਾਹਮਣੇ ਆ ਰਹੇ ਹਨ ਤੇ ਇਸ ਦੌਰਾਨ ਕਿਊਬਿਕ ਵਿੱਚ ਮਾਸਕ ਸਬੰਧੀ ਨਿਯਮ ਨੂੰ ਮੁੜ ਲਾਜ਼ਮੀ ਕਰ ਦਿੱਤਾ ਗਿਆ ਹੈ। ਇਸ



ਤਰ੍ਹਾਂ ਦੇ ਕੇਸ ਸਾਹਮਣੇ ਆਉਣ ਤੋਂ ਬਾਅਦ ਫੋਰਡ ਸਰਕਾਰ ਨੂੰ ਵੀ ਇਹ ਨਿਯਮ ਦੁਬਾਰਾ ਲਾਗੂ ਕਰਨ ਲਈ ਆਖਿਆ ਜਾ ਰਿਹਾ ਹੈ।

ਇੱਕ ਇੰਟਰਵਿਊ ਵਿੱਚ ਟੋਰਾਂਟੋ ਦੇ ਐਮਰਜੰਸੀ ਰੂਮ ਦੇ ਡਾ. ਬ੍ਰੈਟ ਬੈਲਸੈਟਜ਼ ਨੇ ਆਖਿਆ ਕਿ ਬੱਚਿਆਂ ਵਿੱਚ ਪਾਏ ਜਾਣ ਵਾਲੇ ਲੱਛਣਾਂ ਵਿੱਚ ਤੇਜ਼ ਬੁਖਾਰ ਵੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਨੂੰ ਸਾਹ ਲੈਣ ਵਿੱਚ ਵੀ ਦਿੱਕਤ ਮਹਿਸੂਸ ਹੋ ਰਹੀ ਹੈ ਤੇ ਕੁੱਝ ਬੱਚਿਆਂ ਨੂੰ ਤਾਂ ਆਕਸੀਜ਼ਨ ਵੀ ਲਾਉਣੀ ਪੈ ਰਹੀ ਹੈ। ਜੀਟੀਏ ਵਿੱਚ ਕਈ ਐਮਰਜੰਸੀ ਡਿਪਾਰਟਮੈਂਟਸ ਵਿੱਚ ਅਜਿਹੇ ਨਿੱਕੇ ਬੱਚਿਆਂ ਨੂੰ ਦਾਖਲ ਕਰਨਾ ਪੈ ਰਿਹਾ ਹੈ ਜਿਨ੍ਹਾਂ ਦੀ ਵੈਕਸੀਨੇਸ਼ਨ ਨਹੀਂ ਹੋਈ ਤੇ ਜਿਨ੍ਹਾਂ ਨੂੰ ਕੋਵਿਡ-19 ਵਰਗੇ ਲੱਛਣ ਹਨ।

ਦਿੱਕਤ ਇਹ ਹੈ ਕਿ ਪੰਜ ਸਾਲ ਤੋਂ ਘੱਟ ਬੱਚਿਆਂ ਲਈ ਕੋਵਿਡ-19 ਵੈਕਸੀਨੇਸ਼ਨ ਬਣੀ ਹੀ ਨਹੀਂ ਹੈ। ਯੌਰਕ ਰੀਜਨ ਦੇ ਈਆਰ ਡਾਕਟਰ ਸਟੀਵ ਫਲਿੰਡਲ ਨੇ ਆਖਿਆ ਕਿ ਉਨ੍ਹਾਂ ਦਾ ਮੰਨਣਾ ਹੈ ਕਿ ਸਕੂਲਾਂ ਸਮੇਤ ਇੰਡੋਰ ਸੈਟਿੰਗਜ਼ ਵਿੱਚ ਮਾਸਕ ਹਟਾਉਣ ਦੀ ਦਿੱਤੀ ਗਈ ਖੁੱਲ੍ਹ ਕਾਰਨ ਹੀ ਨਿੱਕੇ ਬੱਚਿਆਂ ਵਿੱਚ ਕੋਵਿਡ-19 ਆਸਾਨੀ ਨਾਲ ਫੈਲ ਸਕਦਾ ਹੈ। ਹੈਮਿਲਟਨ ਦੇ ਮੈਕਮਾਸਟਰਜ਼ ਚਿਲਡਰਨਜ਼ ਹਸਪਤਾਲ ਨੇ ਆਖਿਆ ਕਿ ਸਾਲ 2022 ਦੇ ਪਹਿਲੇ ਦੋ ਮਹੀਨਿਆਂ ਵਿੱਚ 1600 ਤੋਂ ਵੱਧ ਬੱਚਿਆਂ ਨੂੰ ਕੋਵਿਡ-19 ਵਰਗੇ ਲੱਛਣਾਂ ਨਾਲ ਐਮਰਜੰਸੀ ਰੂਮ ਵਿੱਚ ਲਿਆਂਦਾ ਗਿਆ। ਚਿਲਡਰਨਜ਼ ਹਾਸਪਿਟਲ ਆਫ ਈਸਟਰਨ ਓਨਟਾਰੀਓ (ਸੀਐਚਈਓ) ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਉੱਥੇ ਵੀ ਇਸ ਤਰ੍ਹਾਂ ਦੇ ਲੱਛਣਾਂ ਵਾਲੇ ਬੱਚਿਆਂ ਨੂੰ ਵੱਡੀ ਗਿਣਤੀ ਵਿੱਚ ਲਿਆਂਦਾ ਗਿਆ।

NOW HIRING !!! ALLKIND INSURANCE
•Life Insurance •Critical illness Ins •Travel & Visitor Ins •RESP & TFSA & RRSP
•Super Visa Insurance •Mortgage Insurance •Disability Insurance •Funeral Insurance
SIMRAN SAINI 416.994.7272
www.allkindinsurance.com

MOTEL FOR SALE ON HWY 7
IN THE MIDDLE OF TORONTO AND OTTAWA
$1,275,000
•Excellent Cash Flow And Low Vacancy Rate •Low Operating Costs •Many Recent Upgrades To Rooms
•New Security Camera System •Plan Approved For Additional Unit
RAJ HANDA BROKER OF RECORD DIR: 647-546-5228 OFF: 905-457-4588
SAVE MAX GLOBAL REALTY RAJ@SAVEMAXGLOBALREALTY.COM

INSURANCE
Home, Auto, Business, Trucking, Life Insurance, Commercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance, Life & Disability, Critical illness, RESP, Visitor & Travel insurance
(416-845-1352) Manwinder Mangat
Aaxel InsuranceBrokers Ltd. 1332 Khalsa Dr, Unit # 11, Mississauga, ON L5S 0A2

Locations: Woodbridge, Mississauga, Scarborough
YES! Immigration Yes we can...
Celebrating 16 Years
16 ਸਾਲਾਂ ਤੋਂ ਤੋਹਾਡੀ ਸੇਵਾ ਵਿਚ
ICCRC Raj Narang, Ritu Narang
ਕੈਨੇਡਾ ਦੇ ਵੀਜ਼ਾ ਵਾਸਤੇ ਅੱਜ ਹੀ ਸੰਪਰਕ ਕਰੋ:
ਇੰਮੀਗਰੇਸ਼ਨ ਸੇਵਾਵਾਂ 10-20% Discount
(416)740-6969 (647)616-1020

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance, Mortgage Insurance, Life Insurance, Visitor & Travel Insurance, RESP(Education Plan), Critical Illness Insurance
RANJIT GILL Insurance Advisor 416-724-5000

ROYAL STAR Realty Inc. Brokerage
Off: 905-793-1111 Fax: 905-793-1455
RESIDENTIAL | COMMERCIAL | INVESTMENT
Serving you from one of the Largest Offices in GTA !
GURVIR DHILLON Sales Representative
Dir: 647-409-1302
170 Steelwell Rd., Unit 200, Brampton, ON L6T 5T3
gaggi04@hotmail.com | www.royalstarrealty.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc. Residential, Commercial www.ksgpestcontrol.ca ksgpestcontrol@gmail.com
Amarjeet Singh Gill

Dubai Jewellers
Gift Prize with Every Purchase
10% additional discount on gold and upto 50% on diamond.
* Repair at no extra cost
* Appraisal Certificate
* Buy, Sell, Trade
Tuesday to Sunday (12-8) (Monday Closed)
ਨਵੇਂ ਬਣੇ ਪਲਾਜ਼ਾ ਦੇ ਵਿਚ
2700 Northpark Drive Unit #19, Brampton Ontario L6S 0E9
North Park & Airport Major Intersection
Raj & Gulshan Mob: 416-465-1200
www.dubaijewellers.ca info@dubaijewellers.ca

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
JATINDERBIR S BAJWA Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma Open Saturday
Providing excellent quality legal services to our clients

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley 905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types, Walkie pallet Low Lift, Electric Motor Narrow Aisle Reach, Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
NC Dhawan Certified Instructor
Cell: 416 726 6206 Tel: 905 405 0001

Royal Pest Control
Residential Commercial Industrial
Specialist in Bedbugs Service
All Pest Control:
•Mouse & Rats •Spiders & Fleas •Bedbugs •Wasps •Cockroaches •Carpenter Ants •Silver Fish •Racoons
Call : PARESH PATEL
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Brokerage Lic. 12538
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333 www.mannlawfirm.ca




# Now Hiring

LIGHT SPEED
Logistics Inc.

## Owner Operators

| | |
|---|---|
| US TEAM | $2.09 |
| US SINGLE | $1.94 |
| ONTARIO/QUEBEC TO MIDWEST | $2.24 |
| CANADIAN TEAM | $1.89 |
| CANADIAN SINGLE | $1.74 |
| (AB-BC) (BC-AB) | $2.29 |

## Company Drivers

| | |
|---|---|
| US TEAM | $0.86 |
| US SINGLE | $0.62 |
| CANADIAN TEAM | $0.66 |
| CANADIAN SINGLE | $0.50 |
| ON/QC TEAM TO MID-WEST | $0.96 |
| ON/QC SINGLE TO MID-WEST | $0.72 |
| (AB-BC) (BC-AB) TEAM | $0.81 |
| (AB-BC) (BC-AB) SINGLE | $0.65 |

* Conditions Apply

Call us or Drop in!

JAGGI DHILLON : 403-542-4258
GURBIR SARAN : 416-768-5441
1-800-397-6009 (Press Option 3)
122 Carmek Blvd, Rocky View AB T1X 1X1

safedrivers@lslinc.com www.lslinc.com



# EXCLUSIVE OFFER!

## GET A $15 IN-STORE CREDIT

*WITH NEW ACTIVATION ON A $25/MO
DATA, TALK, & TEXT PLAN OR HIGHER



chatr™
AUTHORIZED DEALER

1 Promenade Circle | Thornhill, ON | 647-274-3808
2456 Lake Shore Blvd West | Etobicoke, ON | 416-259-3654
379 Main St. North | Brampton, ON | 905-451-0379

See in-store for details. Offer available March 6th - 31st, 2022 and subject to change without notice. *Only applicable with new activation on a $25/mo Data, Talk & Text plan or higher. In-store credit cannot be applied to top-ups, bill payments, SIM cards, vouchers or redeemed for cash and has no cash value. Visit chatrmobile.com/plans for more details. Taxes are extra and while quantities last. ™ Trademarks used under license ©2022

# ਪੰਜਾਬ ਦੀ ਜਿੱਤ ਤੋਂ ਉਤਸ਼ਾਹਤ ਕੇਜਰੀਵਾਲ ਅਤੇ ਭਗਵੰਤ ਮਾਨ ਦਾ ਹਿਮਾਚਲ ਵਿੱਚ ਰੋਡ ਸ਼ੋਅ

*** ਹਿਮਾਚਲ ਦੇ ਲੋਕਾਂ ਨੂੰ ਕਿਹਾ: ਇਕ ਮੌਕਾ ਸਾਨੂੰ ਦਿਓ**



ਮੰਡੀ, (ਹਿਮਾਚਲ ਪ੍ਰਦੇਸ਼), 6 ਅਪਰੈਲ, (ਪੋਸਟ ਬਿਊਰੋ)- ਪੰਜਾਬ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੀਹੂੰਝਾ-ਫੇਰ ਜਿੱਤ ਦੇ ਬਾਅਦ ਇਸ ਪਾਰਟੀ ਦੀ ਲੀਡਰਸ਼ਿਪ ਨੇ ਹਿਮਾਚਲ ਪ੍ਰਦੇਸ਼ ਵਿੱਚਚੋਣ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਹਿਮਾਚਲ ਪ੍ਰਦੇਸ਼ ਦੇ ਮੰਡੀਸ਼ਹਿਰ ਵਿੱਚ ਅੱਜ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇਆਮ ਆਦਮੀ ਪਾਰਟੀ ਦੇ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਮਿਲ ਕੇ ਰੋਡ ਸ਼ੋਅਕੱਢਿਆ।

ਵਰਨਣ ਯੋਗ ਹੈ ਕਿ ਹਿਮਾਚਲ ਪ੍ਰਦੇਸ਼ ਵਿੱਚ ਇਸ ਸਾਲ ਦੇ ਅੰਤ ਵਿੱਚ ਵਿਧਾਨ ਸਭਾ ਚੋਣਾਂ ਹੋਣ ਵਾਲੀਆਂ ਹਨ।ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਜੋੜੀ ਨੇ ਅੱਜ ਬੁੱਧਵਾਰ ਨੂੰ ਹਿਮਾਚਲ ਪ੍ਰਦੇਸ਼ ਦੇ ਪ੍ਰਮੁੱਖ ਸ਼ਹਿਰ ਮੰਡੀ ਵਿੱਚ ਤਿਰੰਗਾ ਯਾਤਰਾ ਕੱਢ ਕੇ ਸ਼ਕਤੀ ਪ੍ਰਦਰਸ਼ਨ ਕੀਤਾ। ਇਸ ਦੌਰਾਨ ਤਿਰੰਗੇ ਝੰਡੇ ਲਹਿਰਾਏ ਗਏ ਤੇ ਰੋਡ ਸ਼ੋਅ ਵਿੱਚਸ਼ਹੀਦੇ ਆਜ਼ਮ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਦਾ ਮਨਪਸੰਦਗੀਤ'ਮੇਰਾ ਰੰਗ ਦੇ ਬਸਤੀ ਚੋਲਾ...' ਵੀ ਲਗਾਤਾਰ ਗੂੰਜਦਾ ਰਿਹਾ। ਕੇਜਰੀਵਾਲ ਅਤੇ ਭਗਵੰਤ ਮਾਨ ਨੇ ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਜੈਰਾਮ ਠਾਕੁਰ ਦੇ ਆਪਣੇ ਜ਼ਿਲੇ ਮੰਡੀ ਤੋਂ ਚੋਣਾਂ ਦਾ ਸੰਖ ਪੂਰਿਆ ਤੇ ਇਸ ਮੌਕੇ ਦੋਵਾਂ ਆਗੂਆਂ ਨੇ ਇਸ ਰਾਜ ਦੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਵਾਰੀ ਇੱਕ ਮੌਕਾ ਸਾਨੂੰ ਆਮ ਆਦਮੀ ਪਾਰਟੀ ਨੂੰ ਦਿਓ।

ਰੋਡ ਸ਼ੋਅ ਦੌਰਾਨ ਆਮ ਆਦਮੀ ਪਾਰਟੀ ਦੇ ਸਮਰਥਕਾਂ ਦੀ ਵੱਡੀ ਗਿਣਤੀ ਵਿੱਚ ਇਕੱਠੀ ਹੋਈ ਭੀੜ ਨੂੰ ਸੰਬੋਧਨ ਕਰਦਿਆਂ ਇਸ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ, "ਪਹਿਲਾਂ ਅਸੀਂ ਦਿੱਲੀ ਅਤੇ ਫਿਰ ਪੰਜਾਬ ਵਿੱਚ ਭ੍ਰਿਸ਼ਟਾਚਾਰ ਮਿਟਾਇਆ ਹੈ, ਇਸ ਦੇ ਬਾਅਦ ਹਿਮਾਚਲ ਪ੍ਰਦੇਸ਼ ਤੋਂ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਉਖਾੜ ਸੁੱਟਣ ਦਾ ਸਮਾਂ ਆ ਗਿਆ ਹੈ। ਸਾਨੂੰ ਅਜੇ ਤੱਕ ਰਾਜਨੀਤੀ ਕਰਨੀ ਨਹੀਂ ਆਈ। ਸਾਨੂੰ ਸਕੂਲ, ਹਸਪਤਾਲ ਬਣਾਉਣੇ ਆਉਂਦੇ ਹਨ। ਸਾਨੂੰ ਭ੍ਰਿਸ਼ਟਾਚਾਰ ਖਤਮ ਕਰਨਾ ਆਉਂਦਾ ਹੈ।" ਇਸ ਦੇ ਹੁੰਗਾਰੇ ਵਿੱਚ ਲੋਕਾਂ ਦੇ ਨਾਅਰੇ ਗੂੰਜਦੇ ਰਹੇ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ "ਪੰਜਾਂ ਸਾਲ ਪਿੱਛੋਂ ਆਪਣੇ ਆਪ ਵਾਰੀ ਆ ਜਾਂਦੀ ਹੈ, ਇਸ ਵਾਰੀ ਭਗਵਾਨ ਨੇ ਸਿਆਸੀ ਗੰਦਗੀ ਸਾਫ ਕਰਨ ਲਈ 'ਝਾੜੂ' ਭੇਜਿਆ ਹੈ।ਤੁਸੀਂ ਬੁਨਿਆਦੀ ਸਹੂਲਤਾਂ ਦੇ ਲਈ ਵੋਟ ਪਾਓ। ਜਦੋਂ ਪੰਜਾਬ ਵਿਧਾਨ ਸਭਾ ਦੇ ਚੋਣ ਨਤੀਜੇ ਆਏ ਤਾਂ ਭਾਜਪਾ ਅਤੇ ਕਾਂਗਰਸ ਕਲੀਨ ਬੋਲਡ ਹਨ। 20 ਦਿਨ ਹੋਏ ਪੰਜਾਬ ਵਿੱਚ ਸਾਡੀ ਸਰਕਾਰ ਬਣਿਆਂ, ਕੰਮ ਕਰਨ ਵਾਲੀ ਨੀਤ ਹੋਣੀ ਚਾਹੀਦੀ ਹੈ, ਇਨ੍ਹਾਂ ਦੀ ਨੀਤ ਨਹੀਂ ਸੀ।ਉਸ ਰਾਜ ਵਿੱਚ ਦੋਵੇਂ ਪਾਰਟੀਆਂ ਪਰਿਵਾਰਵਾਦ ਨੂੰ ਹੱਲਾਸ਼ੇਰੀ ਦੇ ਰਹੀਆਂ ਸਨ, ਲੋਕਾਂ ਨੂੰ ਸਾਨੂੰ ਹਮਾਇਤ ਦੇ ਦਿੱਤੀ ਹੈ।

ਇਸ ਵਾਰੀ ਹਿਮਾਚਲ ਪ੍ਰਦੇਸ਼ ਵਿੱਚ ਭਾਜਪਾ ਤੇ ਕਾਂਗਰਸ ਵਿਚਾਲੇ ਆਮ ਕਰ ਕੇ ਸਿੱਧਾ ਮੁਕਾਬਲਾ ਸਮਝਿਆ ਜਾ ਰਿਹਾ ਹੈ। ਇੱਥੇ ਮੁੱਖ ਮੰਤਰੀ ਜੈਰਾਮ ਠਾਕੁਰ ਦੀ ਅਗਵਾਈ ਵਿੱਚਇਸ ਵਕਤ ਭਾਜਪਾ ਸਰਕਾਰ ਹੈ। ਹਿਮਾਚਲ ਦੀ 68 ਮੈਂਬਰੀ ਵਿਧਾਨ ਸਭਾ ਵਿੱਚ ਭਾਜਪਾ ਦੇ 43, ਕਾਂਗਰਸ ਦੇ 22 ਅਤੇ 2 ਮੈਂਬਰ ਵਿਧਾਇਕ ਹਨ। ਆਮ ਆਦਮੀ ਪਾਰਟੀ ਦੇ ਪੱਖ ਵਿੱਚ ਅਚਾਨਕ ਹੀ ਹਵਾ ਮਹਿਸੂਸ ਕੀਤੀ ਜਾਣ ਲੱਗ ਪਈ ਹੈ।

# ਹਾਊਸਿੰਗ ਪਲੈਨ ਉਤੇ 10 ਬਿਲੀਅਨ ਡਾਲਰ ਖਰਚੇਗੀ ਫੈਡਰਲ ਸਰਕਾਰ



ਓਟਵਾ, 6 ਅਪਰੈਲ (ਪੋਸਟ ਬਿਊਰੋ) : ਟਰੂਡੋ ਸਰਕਾਰ ਵੱਲੋਂ ਵੀਰਵਾਰ ਨੂੰ ਪੇਸ਼ ਕੀਤੇ ਜਾਣ ਵਾਲੇ ਬਜਟ ਵਿੱਚ ਕਿਫਾਇਤੀ ਹਾਊਸਿੰਗ ਲਈ ਜਿੱਥੇ ਕਈ ਮਾਪਦੰਡ ਅਪਣਾਉਣ ਦੀ ਗੱਲ ਕੀਤੀ ਜਾਵੇਗੀ ਉੱਥੇ ਹੀ ਵਿਦੇਸ਼ੀ ਲੋਕਾਂ ਦੇ ਕੈਨੇਡਾ ਵਿੱਚ ਘਰ ਖਰੀਦਣ ਉੱਤੇ ਪਾਬੰਦੀ ਲਾਉਣ ਦਾ ਜ਼ਿਕਰ ਵੀ ਹੋਵੇਗਾ।

ਪ੍ਰਾਪਤ ਜਾਣਕਾਰੀ ਅਨੁਸਾਰ ਲਿਬਰਲਾਂ ਵੱਲੋਂ ਅਗਲੇ ਦੋ ਸਾਲਾਂ ਲਈ ਵਿਦੇਸ਼ੀ ਲੋਕਾਂ ਦੇ ਕੈਨੇਡਾ ਵਿੱਚ ਰਿਹਾਇਸ਼ੀ ਸੰਪਤੀ ਖਰੀਦਣ ਨੂੰ ਗੈਰਕਾਨੂੰਨੀ ਕਰਾਰ ਦਿੱਤਾ ਜਾਵੇਗਾ। ਇਸ ਤਰ੍ਹਾਂ ਦੀ ਪ੍ਰਾਪਰਟੀ ਵਿੱਚ ਕੌਂਡੋਜ਼, ਅਪਾਰਟਮੈਂਟਸ ਤੇ ਸਿੰਗਲ ਰੈਜ਼ੀਡੈਂਸ਼ੀਅਲ ਯੂਨਿਟਸ ਸ਼ਾਮਲ ਹੋਣਗੀਆਂ।ਪਰਮਾਨੈਂਟ ਰੈਜ਼ੀਡੈਂਟਸ, ਵਿਦੇਸ਼ੀ ਵਰਕਰਜ਼ ਤੇ ਵਿਦਿਆਰਥੀਆਂ ਦੇ ਨਾਲ ਨਾਲ ਕੈਨੇਡਾ ਵਿੱਚ ਆਪਣੀ ਮੁੱਢਲੀ ਰਿਹਾਇਸ਼ ਖਰੀਦਣ ਵਾਲੇ ਵਿਦੇਸ਼ੀਆਂ ਨੂੰ ਇਨ੍ਹਾਂ ਮਾਪਦੰਡਾਂ ਤੋਂ ਪਾਸੇ ਰੱਖਿਆ ਜਾਵੇਗਾ।

ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ 2021 ਦੀ ਫੈਡਰਲ ਚੋਣ ਕੈਂਪੇਨ ਵਿੱਚ ਇਹ ਤਹੱਈਆ ਪ੍ਰਗਟਾਇਆ ਸੀ ਕਿ ਉਹ ਵਿਦੇਸ਼ੀ ਲੋਕਾਂ ਦੇ ਕੈਨੇਡਾ ਵਿੱਚ ਘਰ ਖਰੀਦਣ ਉੱਤੇ ਦੋ ਸਾਲ ਦੀ ਪਾਬੰਦੀ ਲਾਉਣਗੇ। ਇਹ ਉਹ ਲੋਕ ਹਨ ਜਿਹੜੇ ਬਾਹਰੋਂ ਆ ਕੇ ਕੈਨੇਡਾ ਵਿੱਚ ਘਰ ਤਾਂ ਖਰੀਦ ਲੈਂਦੇ ਹਨ ਪਰ ਉਨ੍ਹਾਂ ਘਰਾਂ ਵਿੱਚ ਰਹਿਣ ਲਈ ਕਦੇ ਨਹੀਂ ਆਉਂਦੇ ਤੇ ਉਨ੍ਹਾਂ ਦੇ ਘਰ ਖਾਲੀ ਪਏ ਰਹਿੰਦੇ ਹਨ ਤੇ ਇਸ ਤਰ੍ਹਾਂ ਹੋਰ ਲੋਕ ਉਹ ਘਰ ਨਹੀਂ ਖਰੀਦ ਪਾਉਂਦੇ। ਵੀਰਵਾਰ ਨੂੰ ਪੇਸ਼ ਕੀਤੇ ਜਾਣ ਵਾਲੇ ਬਜਟ ਵਿੱਚ ਅਪਣਾਏ ਜਾਣ ਵਾਲੇ ਹੋਰ ਮਾਪਦੰਡਾਂ ਵਿੱਚ ਰਿਹਾਇਸ਼ੀ ਪ੍ਰਾਪਰਟੀਜ਼ ਦੀ ਤੇਜ਼ੀ ਨਾਲ ਉਸਾਰੀ ਦਾ ਰਾਹ ਪੱਧਰਾ ਕਰਨ ਵਾਸਤੇ ਮਿਊਂਸਪੈਲਿਟੀਜ਼ ਦੀ ਮਦਦ ਲਈ 4 ਬਿਲੀਅਨ ਡਾਲਰ ਰਾਖਵੇਂ ਰੱਖੇ ਜਾਣਗੇ ਜਿਸ ਨਾਲ ਉਹ ਆਪਣੇ ਜ਼ੋਨਿੰਗ ਤੇ ਪਰਮਿਟ ਸਿਸਟਮਜ਼ ਨੂੰ ਅਪਡੇਟ ਕਰ ਸਕਣ।ਇਸ ਤੋਂ ਇਲਾਵਾ ਲੋਨਜ਼ ਤੇ ਕੋ-ਆਪ ਹਾਊਸਿੰਗ ਲਈ 1.5 ਬਿਲੀਅਨ ਡਾਲਰ ਤੇ ਕਿਫਾਇਤੀ ਘਰਾਂ ਦੀ ਉਸਾਰੀ ਲਈ 1 ਬਿਲੀਅਨ ਡਾਲਰ ਰਾਖਵੇਂ ਰੱਖੇ ਜਾਣਗੇ।

ਵਿੱਤ ਮੰਤਰੀ ਕ੍ਰਿਸਟੀਆ ਫਰੀਲੈਂਡ ਵੱਲੋਂ ਵੀਰਵਾਰ ਨੂੰ ਦੁਪਹਿਰੇ 4:00 ਵਜੇ ਬਜਟ ਪੇਸ਼ ਕੀਤਾ ਜਾਵੇਗਾ।

# ਸਕਾਰਬਰੋ ਵਿੱਚ ਵਾਪਰੀ ਛੁਰੇਬਾਜ਼ੀ ਦੀ ਘਟਨਾ ਵਿੱਚ ਤਿੰਨ ਜ਼ਖ਼ਮੀ, ਇੱਕ ਗ੍ਰਿਫਤਾਰ



ਟੋਰਾਂਟੋ, 6 ਅਪਰੈਲ (ਪੋਸਟ ਬਿਊਰੋ) : ਸਕਾਰਬਰੋ ਵਿੱਚ ਕਥਿਤ ਤੌਰ ਉੱਤੇ ਵਾਪਰੀ ਛੁਰੇਬਾਜ਼ੀ ਦੀ ਘਟਨਾ ਵਿੱਚ ਤਿੰਨ ਵਿਅਕਤੀ ਜ਼ਖ਼ਮੀ ਹੋ ਗਏ, ਜਿਨ੍ਹਾਂ ਵਿੱਚੋਂ ਦੋ ਦੀ ਹਾਲਤ ਨਾਜ਼ੁਕ ਦੱਸੀ ਜਾਂਦੀ ਹੈ। ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਇਹ ਜਾਣਕਾਰੀ ਟੋਰਾਂਟੋ ਪੁਲਿਸ ਨੇ ਦਿੱਤੀ। ਮਾਰਖਮ ਰੋਡ ਤੇ ਮੈਕਨਿਕੋਲੀ ਐਵਨਿਊ ਏਰੀਆ ਵਿੱਚ ਇੱਕ ਇਮਾਰਤ ਨੇੜੇ ਕਈ ਵਿਅਕਤੀਆਂ ਦੇ ਛੁਰੇਬਾਜ਼ੀ ਵਿੱਚ ਜ਼ਖ਼ਮੀ ਹੋਣ ਦੀ ਰਿਪੋਰਟ ਦੇ ਕੇ ਸ਼ਾਮੀਂ 6:30 ਵਜੇ ਦੇ ਨੇੜੇ ਤੇੜੇ ਪੁਲਿਸ ਅਧਿਕਾਰੀਆਂ ਨੂੰ ਇੱਥੇ ਸੱਦਿਆ ਗਿਆ।ਪੁਲਿਸ ਨੇ ਦੱਸਿਆ ਕਿ ਮੌਕੇ ਤੋਂ ਉਨ੍ਹਾਂ ਨੂੰ ਦੋ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮਿਲੇ ਤੇ ਥੋੜ੍ਹੀ ਦੂਰੀ ਉੱਤੇ ਤੀਜਾ ਵਿਅਕਤੀ ਵੀ ਜ਼ਖ਼ਮੀ ਹਾਲਤ ਵਿੱਚ ਮਿ-ਲਿਆ।

ਪੈਰਾਮੈਡਿਕਸ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਦੋ ਵਿਅਕਤੀਆਂ ਨੂੰ ਗੰਭੀਰ ਜ਼ਖ਼ਮ ਹੋਏ ਸਨ ਪਰ ਉਹ ਜ਼ਖ਼ਮ ਜਾਨਲੇਵਾ ਨਹੀਂ ਸਨ। ਦੋਵਾਂ ਵਿਅਕਤੀਆਂ ਨੂੰ ਐਮਰਜੰਸੀ ਰਨ ਰਾਹੀਂ ਹਸਪਤਾਲ ਲਿਜਾਇਆ ਗਿਆ। ਤੀਜੇ ਵਿਅਕਤੀ ਨੂੰ ਇੱਕ ਲੋਕਲ ਹਸਪਤਾਲ ਵਿੱਚ ਇਲਾਜ ਲਈ ਭੇਜਿਆ ਗਿਆ।ਪੁਲਿਸ ਨੇ ਦੱਸਿਆ ਕਿ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

IMMIGRATION SERVICES
INCLUDE
Express Entry
Visitor Visa | Super Visa
Work Permit
Study Permit
Spousal Sponsorship
PNP Nominations
LMIA
WE SPECIALIZE IN HUMANITARIAN AND COMPASSIONATE APPLICATIONS
DRAKE IMMIGRATION SOLUTIONS
AUTHORIZED AGENT FOR MITT
MANITOBA INSTITUTE OF TRADES & TECHNOLOGY
(204) 558-9750
www.drakeimmigration.ca
Toronto Office: 98 Gallucci Cres Brampton, ON L6P 1R7
Winnipeg Office: Centro Caboto Centre 128-1055 Wilkes Ave, Winnipeg, MB R3P 2L7

ਪੇਪਰ ਡਲਿਵਰੀ ਵਾਸਤੇ ਕਾਮਿਆਂ ਦੀ ਜ਼ਰੂਰਤ
ਸੈਰ ਸਪਾਟੇ ਨਾਲ ਹੁਣ ਕਰੋ ਕਮਾਈ
Flyer Distribution
ਅਸੀਂ ਪੇਪਰਾਂ ਦੀ ਡਲੀਵਰੀ ਕਰਦੇ ਹਾਂ ਅਤੇ ਸਾਨੂੰ ਵੀਕਡੇਜ਼ ਵਾਸਤੇ ਬੰਦਿਆਂ ਦੀ ਜ਼ਰੂਰਤ ਹੈ ਜਿਨ੍ਹਾਂ ਨੇ ਪੇਪਰਾਂ ਦਾ ਕੰਮ ਕੀਤਾ ਹੋਵੇ ਉਨ੍ਹਾਂ ਨੂੰ ਪਹਿਲ ਦਿੱਤੀ ਜਾਵੇਗੀ।
ਮਾਰਕਟਿੰਗ ਲਈ ਤਜਰੇਬੇਕਾਰ ਪ੍ਰੋਫੈਸ਼ਨਲਜ ਦੀ ਤੁਰੰਤ ਲੋੜ ਹੈ, ਵਧੀਆ ਪੈਕੇਜ
ਰੈਕਸਡੇਲ, ਮਾਲਟਨ ਅਤੇ ਬਰੈਂਪਟਨ ਦੇ ਨਿਵਾਸੀ ਹੀ ਕਾਲ ਕਰਨ।
ਹੋਰ ਜਾਣਕਾਰੀ ਲਈ ਕਾਲ ਕਰੋ।
647-218-7043
647-208-7011

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
How your spouse can join you within 4-6 months
How your parents can join you
How students & skilled people can come to Canada
How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਖਿੜਕੀਆਂ ਅਤੇ ਦਰਵਾਜੇ ਲਗਵਾਓ Free Estimates
ਵਨਾਈਲ ਅਤੇ ਐਲੂਮੀਨੀਅਮ ਵਿੰਡੋਜ਼, ਸਟੋਰਮ ਡੋਰ, ਕਲੋਸੈਟ ਡੋਰ ਮਿਰਰਜ਼, ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ, ਹਰ ਤਰਾਂ ਦਾ ਗਲਾਸ ਰਿਪਲੇਸਮੈਂਟ
ਅਸੀਂ ਪੇਂਟ ਵੀ ਕਰਦੇ ਹਾਂ
24 ਘੰਟੇ ਤੁਹਾਡੀ ਸੇਵਾ ਵਿੱਚ
SINGH (TOCHI)
416-454-3031
647-784-8240
Email: tochisangha1@hotmail.com
CANADIAN GLASS AND WINDOW

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਅੱਜ ਨਾਮਾ

ਨਾ ਸੀ ਸੋਚਿਆ ਕਦੇ ਵਿਧਾਇਕ ਬਣਨਾ,
ਲਈ ਨਹੀਂ ਜੀਪ, ਨਾ ਕਦੇ ਟਰੱਕ ਬੇਲੀ।
ਸਾਈਕਲ ਉੱਪਰ ਸੀ ਸਾਰਦੇ ਰਹੇ ਬੁੱਤਾ,
ਸਕੂਟਰ ਵੱਲ ਵੀ ਸਕੇ ਨਹੀਂ ਤੱਕ ਬੇਲੀ।
ਆਈ ਫਿਰ ਚੋਣ ਪੰਜਾਬ ਅਸੰਬਲੀ ਦੀ,
ਲਾਟਰੀ ਲੱਗੀ ਦੇ ਵਾਂਗ ਸੀ ਲੱਕ ਬੇਲੀ।
ਬਣੇ ਵਿਧਾਇਕ ਤਾਂ ਉੱਡਣਾ ਸ਼ੁਰੂ ਕੀਤਾ,
ਦਿੱਤਾ ਈ ਸਾਰਿਆਂ ਨੂੰ ਪਿੱਛੇ ਧੱਕ ਬੇਲੀ।
ਕਬਜ਼ਾ ਕਰਨ ਸੀ ਚੱਲ ਪਿਆ ਧਾੜ ਲੈ ਕੇ,
ਟਰੱਕਾਂ ਵਾਲਿਆਂ ਦੀ ਲੀਡਰੀ ਚੜ੍ਹੀ ਬੇਲੀ।
ਦਾਅ ਉੱਤੇ ਵਿਧਾਇਕੀ ਵੀ ਲਾਉਣ ਲੱਗਾ,
ਪਗਡੰਡੀ ਪੁੱਠੀ ਵਿਧਾਇਕ ਨੇ ਫੜੀ ਬੇਲੀ।

**ਤੀਸ ਮਾਰ ਖਾਂ**

# ਹਰਿਆਣਾ ਦਾ ਪੰਜਾਬ ਵਿਰੁੱਧ ਨਵਾਂ ਪੈਂਤੜਾ, ਭਾਖੜਾ ਨਹਿਰ ਦਾ ਬਦਲ ਤਿਆਰ ਕਰਨ ਦਾ ਮੁੱਦਾ ਕੱਢ ਲਿਆ

ਚੰਡੀਗੜ੍ਹ, 6 ਅਪਰੈਲ, (ਪੋਸਟ ਬਿਊਰੋ)- ਅਜੇ ਤੱਕ ਸਤਲੁਜ-ਯਮੁਨਾ ਲਿੰਕ (ਐੱਸ ਵਾਈਐੱਲ) ਨਹਿਰ ਨਾਲ ਪੰਜਾਬ ਤੋਂ ਸਤਲੁਜ ਦਾ ਪਾਣੀ ਲੈਣ ਲਈ ਸੰਘਰਸ਼ ਕਰ ਰਹੇ ਹਰਿਆਣਾ ਦੀ ਭਾਜਪਾ ਸਰਕਾਰ ਨੇ ਇਸ ਦੇ ਬਾਅਦ ਭਾਖੜਾ ਮੇਨ ਲਾਈਨ (ਬੀਐੱਮਐੱਲ) ਨਹਿਰ ਵਾਸਤੇ ਵੀ ਪੈਂਤੜਾ ਮੱਲ ਲਿਆ ਹੈ।

ਹਰਿਆਣਾ ਸਰਕਾਰ ਨੇ 60 ਸਾਲ ਪੁਰਾਣੀ ਭਾਖੜਾ ਮੇਨ ਲਾਈਨ (ਬੀਐੱਮਐੱਲ) ਨਹਿਰ ਦਾ ਬਦਲ ਲੱਭਣ ਦੇ ਲਈ ਪੰਜਾਬ ਉੱਤੇ ਦਬਾਅ ਪਾਉਣਾ ਸ਼ੁਰੂ ਕਰ ਦਿੱਤਾ ਹੈ ਤਾਂ ਜੋ ਇਸ ਨਹਿਰ ਦੇ ਟੁੱਟਣ ਦੀ ਹਾਲਤ ਵਿਚ ਹਰਿਆਣਾ ਦੀ ਧਰਤੀ ਨੂੰ ਕਿਸੇ ਹੋਰ ਨਹਿਰ ਰਾਹੀਂ ਪਾਣੀ ਦੀ ਸਪਲਾਈ ਕੀਤੀ ਜਾਂਦੀ ਰਹੇ। ਦੋਵਾਂ ਰਾਜਾਂ ਦੀ ਸਾਂਝੀ ਰਾਜਧਾਨੀ ਚੰਡੀਗੜ੍ਹ ਉੱਤੇ ਆਪਣਾ ਹੱਕ ਜਤਾਉਂਦੇ ਹੋਏ ਦੋਵਾਂ ਰਾਜਾਂ ਪੰਜਾਬ ਤੇ ਹਰਿਆਣਾ ਨੇ ਆਪੋ ਆਪਣੀ ਵਿਧਾਨ ਸਭਾ ਵਿੱਚ ਬੀਤੇ ਦਿਨੀਂ ਮਤਾ ਪਾਸ ਕੀਤਾ ਸੀ, ਜਿਸਨਾਲ ਸਿਆਸਤ ਗਰਮਾ ਗਈ ਹੈ। ਇਸ ਦੌਰਾਨ ਅੱਜ ਬੁੱਧਵਾਰ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਹਰਿਆਣਾ ਦੇਮੁੱਖ ਮੰਤਰੀ ਮਨੋਹਰ ਲਾਲ ਖੱਟਰ ਨੇ ਕਿਹਾ ਕਿ ਭਵਿੱਖ ਵਿੱਚ ਜੇ ਕਦੀ ਬੀਐੱਮਐੱਲ ਨਹਿਰ ਟੁੱਟ ਜਾਵੇ ਤਾਂ ਪੰਜਾਬ ਦਾ ਵੱਡਾ ਹਿੱਸਾ ਪਾਣੀ ਵਿੱਚ ਡੁੱਬ ਜਾਵੇਗਾ, ਜਦਕਿ ਹਰਿਆਣਾ ਦਾ ਵੱਡਾ ਹਿੱਸਾ ਸੋਕੇ ਦੀ ਮਾਰ ਹੇਠ ਆ ਜਾਵੇਗਾ। ਇਸ ਲਈ ਭਾਖੜਾ ਮੇਨ ਲਾਈਨ ਦੀ ਇੱਕ ਬਦਲਵੀਂ ਨਹਿਰ ਸਮੇਂ ਸਿਰ ਤਿਆਰ ਕਰਨੀ ਚਾਹੀਦੀ ਹੈ।



ਮੁੱਖ ਮੰਤਰੀ ਮਨੋਹਰ ਲਾਲ ਖੱਟਰ ਨੇ ਕਿਹਾ ਕਿ ਜਿੱਥੋਂ ਤੱਕ ਸਤਲੁਜ ਯਮੁਨਾ ਲਿੰਕ (ਐੱਸਵਾਈਐੱਲ) ਨਹਿਰ ਦਾ ਸਵਾਲ ਹੈ, ਮੈਂ ਸਾਫ ਕਹਾਂ ਕਿ ਸੁਪਰੀਮ ਕੋਰਟ ਦਾ ਫੈਸਲਾ ਹਰਿਆਣਾ ਦੇ ਹੱਕ ਵਿੱਚਸੀ ਤੇ ਸਿਰਫ਼ ਲਾਗੂ ਹੁਕਮਾਂ ਦੀਉਡੀਕ ਹੈ, ਜਿਸ ਤੋਂ ਪਤਾ ਚੱਲੇਗਾ ਕਿ ਕਿਹੜੀ ਏਜੰਸੀ ਇਸ ਨੂੰ ਬਣਾਏਗੀ।ਉਨ੍ਹਾ ਕਿਹਾ ਕਿ ਪੰਜਾਬ ਨੇ ਸੁਪਰੀਮ ਕੋਰਟ ਵਿੱਚ ਬਹਾਨਾ ਬਣਾਇਆ ਕਿ ਉਸ ਕੋਲ ਵਾਧੂ ਪਾਣੀ ਨਹੀਂ, ਪਰ ਅਸੀਂ ਸਿਰਫ਼ ਆਪਣੇ ਅਨੁਪਾਤ ਅਨੁਸਾਰ ਬਣਦਾ ਪਾਣੀ ਮੰਗਦੇ ਹਾਂ। ਹਰਿਆਣਾ ਨੂੰ ਮੌਜੂਦ ਪਾਣੀ ਵਿੱਚ ਉਸ ਦਾ ਅਨੁਪਾਤਕ ਹਿੱਸਾ ਚਾਹੀਦਾ ਹੈ। ਬੀਐੱਮਐੱਲ ਨੂੰ ਅੱਗੋਂ ਹਾਂਸੀ-ਬੁਟਾਣਾ ਨਹਿਰ ਰਾਹੀਂ ਭਾਖੜਾ ਮੇਨ ਲਾਈਨ ਨਾਲ ਜੋੜਨ ਪਿੱਛੋਂ ਹਰਿਆਣਾ ਦੇ ਜ਼ਿਲਾ ਗੁਰੂਗ੍ਰਾਮ, ਫਰੀਦਾਬਾਦ, ਨਾਰਨੌਲ, ਰੇਵਾੜੀ, ਮੰਡੀ ਅਟੇਲੀ, ਬਾਵਲ, ਝੱਜਰ, ਜਾਟੂਸਾਨਾ, ਮਹਿੰਦਰਗੜ੍ਹ, ਜੀਂਦ ਦੇ ਕਿਸਾਨਾਂ ਲਈ ਪਾਣੀ ਮਿਲੇਗਾ।

ਇਹੀ ਨਹੀਂ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚ ਹਰਿਆਣਾ ਦਾ ਹਿੱਸਾ ਬਹਾਲ ਕਰਨ ਲਈ ਵੀ ਇਸ ਰਾਜ ਦੀ ਭਾਜਪਾ ਸਰਕਾਰ ਨੇ ਕੇਂਦਰ ਸਰਕਾਰ ਨੂੰ ਪੱਤਰ ਲਿਖਿਆ ਹੈ ਕਿ ਇਸ ਮਕਸਦ ਲਈ ਸਰਕਾਰ ਪੰਜਾਬ ਯੂਨੀਵਰਸਿਟੀ ਨੂੰ ਫੰਡ ਵੀ ਦੇਣ ਲਈ ਤਿਆਰ ਹੈ। ਇਸ ਤੋਂ ਪਹਿਲਾਂ ਪੰਜਾਬ ਯੂਨੀਵਰਸਿਟੀ ਵਿੱਚ ਕੇਂਦਰ ਸਰਕਾਰ ਦੀ 92 ਫੀਸਦੀ ਅਤੇ ਪੰਜਾਬ ਅਤੇ ਹਰਿਆਣਾ ਦੀ ਚਾਰ-ਚਾਰ ਫੀਸਦੀ ਹਿੱਸੇਦਾਰੀ ਸੀ। ਇਸ ਯੂਨੀਵਰਸਿਟੀ ਨਾਲ ਪਹਿਲਾਂ ਪੰਚਕੂਲਾ, ਅੰਬਾਲਾ, ਯਮੁਨਾਨਗਰ ਦੇ ਕਾਲਜ ਜੁੜੇ ਹੋਏਸਨ। ਸਾਬਕਾ ਮੁੱਖ ਮੰਤਰੀ ਚੌਧਰੀ ਬੰਸੀਲਾਲ ਨੇ ਫੰਡ ਦੇਣ ਤੋਂ ਇਨਕਾਰ ਕਰਦੇ ਹੋਏ ਹਿੱਸੇਦਾਰੀ ਛੱਡਦਿੱਤੀ ਸੀ। ਪੰਜਾਬ ਯੂਨੀਵਰਸਿਟੀ ਵਿੱਚ 85 ਫੀਸਦੀ ਸੀਟਾਂ ਚੰਡੀਗੜ੍ਹ ਦੇ ਵਿਦਿਆਰਥੀਆਂ ਦੇ ਲਈ ਹੋਣ ਕਾਰਨ ਏਥੇ ਹਰਿਆਣਾ ਦੇ ਵਿਦਿਆਰਥੀ ਬਹੁਤ ਘੱਟ ਦਾਖਲਾ ਲੈਂਦੇ ਹਨ।

# ਏਅਰ ਕੈਨੇਡਾ ਨੇ ਵੈਨਕੂਵਰ ਤੇ ਦਿੱਲੀ ਦਰਮਿਆਨ ਉਡਾਨਾਂ ਕੀਤੀਆਂ ਸਸਪੈਂਡ

ਪੰਨਾ 1 ਦਾ ਬਾਕੀ

ਏਅਰ ਕੈਨੇਡਾ ਵੱਲੋਂ ਗਲੋਬਲ ਸਥਿਤੀ ਉੱਤੇ ਬਰੀਕੀ ਨਾਲ ਨਜ਼ਰ ਰੱਖੀ ਜਾ ਰਹੀ ਹੈ ਤੇ ਜੇ ਹਾਲਾਤ ਇਜਾਜ਼ਤ ਦੇਣਗੇ ਤਾਂ ਵੈਨਕੂਵਰ-ਦਿੱਲੀ ਰੂਟ ਉੱਤੇ ਉਡਾਨਾਂ ਜਲਦੀ ਵੀ ਸ਼ੁਰੂ ਕੀਤੀਆਂ ਜਾ ਸਕਣਗੀਆਂ।

ਏਅਰ ਕੈਨੇਡਾ ਮੁਤਾਬਕ ਜੇ ਤੁਸੀਂ 2 ਜੂਨ ਤੇ 6 ਸਤੰਬਰ ਦਰਮਿਆਨ ਵੈਨਕੂਵਰ ਤੋਂ ਦਿੱਲੀ ਜਾਣਾ ਸੀ ਜਾਂ 4 ਜੂਨ ਤੋਂ 8 ਸਤੰਬਰ ਦਰਮਿਆਨ ਦਿੱਲੀ ਤੋਂ ਵੈਨਕੂਵਰ ਜਾਣਾ ਸੀ ਤਾਂ ਤੁਹਾਨੂੰ ਆਟੋਮੈਟੀਕਲੀ, ਬਿਨਾਂ ਕਿਸੇ ਵਾਧੂ ਫੀਸ ਦੇ ਬਦਲਵੀਆਂ ਫਲਾਈਟਸ ਉੱਤੇ ਰੀ-ਸ਼ਡਿਊਲ ਕਰ ਦਿੱਤਾ ਜਾਵੇਗਾ। ਕਿਸੇ ਟਰੈਵਲ ਏਜੰਸੀ ਜਾਂ ਵੈੱਬਸਾਈਟ ਤੋਂ ਟਿਕਟਾਂ ਖਰੀਦਣ ਵਾਲੇ ਟਰੈਵਲਰਜ਼ ਨੂੰ ਅਗਲੇ ਸ਼ਡਿਊਲ ਬਾਰੇ ਇਨ੍ਹਾਂ ਕੰਪਨੀਆਂ ਨਾਲ ਸਿੱਧੇ ਸੰਪਰਕ ਕਰਨਾ ਚਾਹੀਦਾ ਹੈ।

# ਵਿਧਾਨ ਸਭਾ ਵਿੱਚ ਬਾਈਕਾਟ ਕਰਨ ਪਿੱਛੋਂ ਪੰਜਾਬ ਦੀ ਭਾਜਪਾ ਪੰਜਾਬ ਦੇ ਪੱਖ ਵਿੱਚ ਵੀ ਬੋਲ ਪਈ

## * ਚੰਡੀਗੜ੍ਹ ਉੱਤੇ ਪੰਜਾਬ ਦਾ ਹੱਕ ਹੈ, ਪੰਜਾਬ ਨੂੰ ਮਿਲਣਾ ਚਾਹੀਦੈ : ਭਾਜਪਾ

ਸੰਗਰੂਰ, 6 ਅਪਰੈਲ, (ਪੋਸਟ ਬਿਊਰੋ)- ਅੱਜ ਪੰਜਾਬ ਦੀ ਭਾਰਤੀ ਜਨਤਾ ਪਾਰਟੀ ਦੀ ਲੀਡਰਸ਼ਿਪ ਦੇ ਸਿਆਸੀ ਸਟੈਂਡ ਵਿੱਚ ਅਚਾਨਕ ਇੱਕ ਨਵੀਂ ਤਬਦੀਲੀ ਵੇਖਣ ਨੂੰ ਮਿਲੀ ਹੈ। ਪੰਜਾਬ ਵਿਧਾਨ ਸਭਾ ਵਿੱਚ ਚੰਡੀਗੜ੍ਹ ਦੇ ਮੁੱਦੇ ਉੱਤੇ ਵਿਸ਼ੇਸ਼ ਸੈਸ਼ਨ ਦੌਰਾਨ ਪਾਸੇ ਕੀਤੇ ਗਏ ਮਤੇ ਦੇ ਵਿਰੋਧ ਪਿੱਛੋਂ ਅੱਜ ਪੰਜਾਬ ਦੀ ਭਾਜਪਾ ਨੇ ਚੰਡੀਗੜ੍ਹ ਉੱਤੇ ਪੰਜਾਬ ਦਾ ਹੱਕ ਦੱਸ ਕੇ ਇਹ ਕਹਿ ਦਿੱਤਾ ਹੈ ਕਿ ਇਹ ਸ਼ਹਿਰ ਪੰਜਾਬ ਨੂੰ ਹੀ ਮਿਲਣਾ ਚਾਹੀਦਾ ਹੈ।

ਵਿਧਾਨ ਸਭਾ ਚੋਣ ਨਤੀਜੇ ਪਿੱਛੋਂ ਹਰ ਜ਼ਿਲ੍ਹੇ ਦਾ ਦੌਰਾ ਕਰ ਰਹੇ ਪੰਜਾਬ ਭਾਜਪਾ ਦੇ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਇਸ ਜ਼ਿਲੇ ਦੇ ਪਾਰਟੀ ਦੇ ਆਗੂਆਂ ਤੇ ਵਰਕਰਾਂ ਨਾਲ ਬੈਠਕ ਕੀਤੀ। ਇਸ ਮੌਕੇ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਕਿਉਂਕਿ ਸਾਡੀ ਪਾਰਟੀ ਦੀ ਪਰੰਪਰਾ ਹੈ ਕਿ ਸਿਰਫ਼ ਚੋਣਾਂ ਦਿਨਾਂ ਵਿੱਚ ਕੰਮ ਨਹੀਂ ਕਰਦੀ, ਪੂਰਾ ਸਮਾਂ ਵਰਕਰਾਂ ਤੇ ਲੋਕਾਂ ਦੇ ਨਾਲ ਰਹਿੰਦੀ ਹੈ, ਇਸ ਲਈ ਮੈਂ ਅੱਜ ਏਥੇ ਆਇਆ ਹੈ।ਇਸ ਪਿੱਛੋਂ ਪ੍ਰੈੱਸ ਕਾਨਫਰੰਸ ਵਿਚ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਸਾਨੂੰ ਇਸ ਗੱਲ ਦਾ ਮਾਣ ਹੈ ਕਿ ਪੰਜਾਬ ਦੇ ਏਕੇ ਅਤੇ ਭਾਈਚਾਰਕ ਸਾਂਝ ਮਜ਼ਬੂਤ ਕਰਨ ਵਿੱਚ ਸਾਡੀ ਅਹਿਮ ਭੂਮਿਕਾ ਰਹੀ ਹੈ।ਪੰਜਾਬ ਵਿਧਾਨ ਸਭਾ ਦੇ ਚੋਣ ਨਤੀਜੇਬਾਰੇ ਉਨ੍ਹਾਂ ਕਿਹਾ ਕਿ ਇਸ ਚੋਣ ਦੌਰਾਨਭਾਜਪਾ ਨੂੰ ਮਿਲੀ ਵੋਟ ਫੀਸਦੀ ਦੱਸਦੀ ਹੈ ਕਿ ਇਸ ਰਾਜ ਵਿੱਚ ਆਉਣ ਵਾਲਾ ਸਮਾਂ ਭਾਜਪਾ ਦਾ ਹੈ।




ਪੰਜਾਬ ਵਿੱਚ ਨਵੀਂ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਵਿਅੰਗ ਕਰਦਿਆਂ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਇਹ ਸਰਕਾਰ ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਕਾਬੂ ਕਰਨ ਵਿੱਚ ਅਸਫ਼ਲ ਸਾਬਤ ਹੋ ਰਹੀ ਹੈ। ਬੀਤੇ ਦਿਨਾਂ ਵਿੱਚ ਤਿੰਨ ਕਬੱਡੀ ਖਿਡਾਰੀਆਂ ਦਾ ਕਤਲ ਹੋ ਜਾਣਾ ਚਿੰਤਾ ਦਾ ਵਿਸ਼ਾਹੈ, ਪਰ ਆਮ ਆਦਮੀ ਪਾਰਟੀ ਦੇ ਵਿਧਾਇਕ ਖ਼ੁਦ ਦਖ਼ਲ ਦੇ ਕੇ ਟਰੱਕ ਯੂਨੀਅਨਾਂ ਉੱਤੇ ਕਬਜ਼ੇ ਕਰਨ ਜੁੱਟੇ ਹੋਏ ਹਨ, ਟਰੱਕ ਯੂਨੀਅਨਾਂ ਦੇ ਪ੍ਰਧਾਨ ਟਰੱਕ ਆਪ੍ਰੇਟਰਾਂ ਦੀ ਸਹਿਮਤੀ ਨਾਲ ਬਣਨੇ ਚਾਹੀਦੇ ਹਨ, ਸਿਆਸੀ ਦਖ਼ਲ ਨਹੀਂ ਚਾਹੀਦਾ।ਸਾਰੇ ਭਾਰਤ ਤੇ ਪੰਜਾਬ ਵਿੱਚ ਵਧ ਰਹੀਆਂ ਤੇਲ ਦੀਆਂ ਕੀਮਤਾਂ ਬਾਰੇ ਪੁੱਛੇ ਜਾਣ ਤੇ ਉਨ੍ਹਾਂਕਿਹਾ ਕਿ ਰੂਸ-ਯੂਕਰੇਨ ਦੇ ਯੁੱਧ ਕਾਰਨ ਅੰਤਰਰਾਸ਼ਟਰੀ ਪੱਧਰ ਉੱਤੇ ਕੀਮਤਾਂ ਪ੍ਰਭਾਵਤ ਹੋਈਆਂ ਹਨ, ਜਦ ਯੁੱਧ ਦੇ ਹਾਲਾਤ ਠੀਕ ਹੋ ਗਏ ਤਾਂ ਤੇਲ ਦੀਆਂ ਕੀਮਤਾਂ ਵਿੱਚ ਸੁਧਾਰ ਹੋ ਜਾਵੇਗਾ।

ਇਸ ਮੌਕੇ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਆਪਣੇ ਜ਼ਿਲ੍ਹੇ ਸੰਗਰੂਰ ਵਿੱਚ ਵੀ ਧਰਨੇ ਮੁਜ਼ਾਹਰੇ ਹੋ ਰਹੇ ਹਨ, ਕਿਉਂਕਿ ਪਹਿਲਾਂ ਨੌਜਵਾਨਾਂ ਨੂੰ ਰੋਜ਼ਗਾਰ ਦੇ ਨਾਂ ਉੱਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਗੁੰਮਰਾਹ ਕੀਤਾ ਸੀ ਅਤੇ ਫਿਰ ਉਨ੍ਹਾਂ ਦੀ ਸਾਰ ਨਹੀਂ ਲੈ ਰਹੇ, ਇਸ ਕਰਕੇ ਸਰਕਾਰ ਦੀ ਕਹਿਣੀ ਅਤੇ ਕਥਨੀਦਾ ਫ਼ਰਕ ਉਨ੍ਹਾਂ ਦੇ ਮੂਹਰੇ ਆ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਚੰਡੀਗੜ੍ਹ ਸ਼ਹਿਰ ਬਾਰੇ ਵਿਧਾਨ ਸਭਾ ਵਿੱਚ ਪਾਸ ਕਰਾਏਮਤੇ ਦੇ ਸਵਾਲ ਦੇ ਜਵਾਬ ਵਿੱਚਭਾਜਪਾ ਪ੍ਰਧਾਨ ਨੇ ਕਿਹਾ ਕਿ ਚੰਡੀਗੜ੍ਹ ਉੱਤੇ ਪੰਜਾਬ ਦਾ ਹੱਕ ਹੈ, ਭਾਜਪਾ ਪਹਿਲਾਂਹੀ ਇਸ ਦੇ ਹੱਕ ਵਿੱਚ ਹੈ ਕਿ ਚੰਡੀਗੜ੍ਹ ਪੰਜਾਬ ਨੂੰ ਦੇਣਾ ਚਾਹੀਦਾ ਹੈ।ਵਰਨਣ ਯੋਗ ਹੈ ਕਿ ਬੀਤੀ ਇੱਕ ਅਪ੍ਰੈਲ ਨੂੰ ਬੁਲਾਏ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਵਿੱਚ ਚੰਡੀਗੜ੍ਹ ਦੇ ਮੁੱਦੇ ਉੱਤੇ ਸਰਕਾਰ ਨੇ ਇੱਕ ਮਤਾ ਲਿਆਂਦਾ ਸੀ, ਜਿਸ ਦਾ ਹੋਰਸਭ ਪਾਰਟੀਆਂ ਨੇ ਸਮੱਰਥਨ ਕੀਤਾ ਸੀ, ਪਰ ਭਾਜਪਾ ਨੇ ਓਦੋਂ ਇਸ ਦਾ ਬਾਈਕਾਟ ਕੀਤਾ ਸੀ। ਪੰਜਾਬ ਭਾਜਪਾ ਪ੍ਰਧਾਨ ਦਾ ਚੰਡੀਗੜ੍ਹ ਬਾਰੇ ਦਿੱਤਾ ਗਿਆ ਇਹ ਨਵਾਂ ਬਿਆਨ ਸਿਆਸੀ ਤੌਰ ਉੱਤੇ ਕਈ ਮਾਅਨੇ ਰੱਖਦਾ ਹੈ।

# ‘ਮਿਸ ਪੰਜਾਬਣ ਕੇਸ’ ਵਿੱਚ ਪੀ ਟੀ ਸੀ ਚੈਨਲ ਦਾ ਐੱਮ ਡੀ ਰਵਿੰਦਰ ਪੰਜਾਬ ਪੁਲਸ ਵੱਲੋਂ ਗ੍ਰਿਫਤਾਰ

ਚੰਡੀਗੜ੍ਹ, 6 ਅਪਰੈਲ, (ਪੋਸਟ ਬਿਊਰੋ)- ਪੰਜਾਬ ਪੁਲਸ ਨੇ ਪੀਟੀਸੀ ਚੈਨਲ ਦੇ ਐੱਮਡੀ (ਮੈਨੇਜਿੰਗ ਡਾਇਰੈਕਟਰ) ਰਬਿੰਦਰ ਨਰਾਇਣ ਨੂੰ ‘ਮਿਸ ਪੰਜਾਬਣ’ ਮੁਕਾਬਲੇ ਦੇ ਕੇਸ ਵਿੱਚ ਇੱਕਮੁਕਾਬਲੇਬਾਜ਼ ਲੜਕੀ ਵੱਲੋਂ ਦਰਜ ਕਰਾਈ ਗਈ ਸ਼ਿਕਾਇਤ ਬਾਰੇ ਪੁੱਛਗਿੱਛ ਲਈ ਹਿਰਾਸਤ ਵਿੱਚ ਲੈ ਲਿਆ ਹੈ।



ਵਰਨਣ ਯੋਗ ਹੈ ਕਿ ਕਾਨੂੰਨ ਦੀ ਗ੍ਰੈਜੂਏਟ ਇਸ ਮੁਕਾਬਲੇਬਾਜ਼ ਕੁੜੀ ਨੇ ਦੋਸ਼ ਲਾਇਆ ਸੀ ਕਿ ਇਸ ਮੁਕਾਬਲੇ ਦੇ ਨਾਂਅ ਉੱਤੇ ਹੋਰ ਕੁੜੀਆਂ ਵਾਂਗ ਸੱਦ ਕੇ ਉਸ ਨੂੰ ਇੱਕ ਹੋਟਲ ਦੇ ਕਮਰੇ ਵਿੱਚ ਬੰਦ ਕਰ ਦਿੱਤਾ ਗਿਆ ਅਤੇ ਚੈਨਲਦੇ ਮਰਦ ਸਟਾਫ਼ ਨੇ ਇਸ ਦੌਰਾਨ ਉਸ ਨਾਲ ਦੁਰ-ਵਿਹਾਰ ਕੀਤਾ ਸੀ।ਇਸ ਲੜਕੀ ਨੂੰ ਹਾਈ ਕੋਰਟ ਦੇ ਵਾਰੰਟ ਅਫਸਰ ਨੇ ਛਾਪਾ ਮਾਰ ਕੇ ਛੁਡਾਇਆ ਸੀ ਤੇ ਇਸ ਦੇ ਬਾਅਦ ਇਸ ਲੜਕੀ ਨੇ ਇਹ ਸ਼ਿਕਾਇਤ ਦਰਜ ਕਰਵਾਈ ਸੀ।

ਜਾਣਕਾਰ ਸੂਤਰਾਂ ਅਨੁਸਾਰ ਰਵਿੰਦਰ ਨਰਾਇਣ ਦੀ ਗ੍ਰਿਫ਼ਤਾਰੀ ਪਿਛਲੇ ਦਿਨੀਂ ਉਸ ਸੁੰਦਰਤਾ ਮੁਕਾਬਲੇ ਵਿੱਚ ਹਿੱਸਾ ਲੈਣ ਲਈ ਸੱਦੀ ਗਈ ਉਸ ਲੜਕੀ ਦੀ ਸ਼ਿਕਾਇਤ ਉੱਤੇ ਮੁਹਾਲੀ ਵਿਖੇ ਦਰਜ ਕੀਤੇ ਗਏਕੇਸ ਵਿੱਚ ਕੀਤੀ ਗਈ ਹੈ। ਰਵਿੰਦਰ ਨਰਾਇਣ ਨੂੰ ਉਨ੍ਹਾਂ ਦੀ ਗੁੜਗਾਉਂ ਵਾਲੀ ਰਿਹਾਇਸ਼ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ।ਦੱਸਿਆ ਗਿਆ ਹੈ ਕਿ ਇਸ ਕੇਸ ਵਿੱਚ ਇੱਕਦੋਸ਼ੀ ਕੁੜੀ ਦੀ ਭੂਮਿਕਾ ਬਹੁਤ ਅਹਿਮ ਹੈ, ਜਿਹੜੀਮਿਸ ਪੰਜਾਬਣ ਮੁਕਾਬਲਾ ਕਰਵਾਉਣ ਦੇ ਨਾਂ ਉੱਤੇ ਭੋਲੀਆਂ ਭਾਲੀਆਂ ਕੁੜੀਆਂ ਨੂੰ ਸੱਦ ਕੇ ਗਲਤ ਧੰਦੇ ਵਿੱਚਪਾ ਕੇ ਪੈਸਾ ਕਮਾਉਂਦੀ ਸੀ।

# ਪਤੀ ਨਾਲ ਐਕਟਿਵਾ ਉੱਤੇ ਜਾਂਦੀ ਔਰਤ ਦੀਆਂ ਵਾਲੀਆਂ ਝਪਟੀਆਂ

ਜਲੰਧਰ, 6 ਅਪ੍ਰੈਲ (ਪੋਸਟ ਬਿਊਰੋ)- ਬੀਤੇ ਦਿਨੀਂ ਮਕਸੂਦਾਂ ਮੰਡੀ ਤੋਂ ਪਤੀ ਨਾਲ ਐਕਟਿਵਾ ਉੱਤੇ ਜਾ ਰਹੀ ਔਰਤ ਦੇ ਕੰਨਾਂ ਦੀਆਂ ਵਾਲੀਆਂ ਝਪਟ ਕੇ ਬਾਈਕ ਵਾਰ ਲੁਟੇਰੇ ਫਰਾਰ ਹੋ ਗਏ। ਇਸ ਬਾਰੇ ਪੁਲਸ ਜਾਂਚ ਕਰ ਰਹੀ ਹੈ। ਮਕਸੂਦਾਂ ਪੁਲ ਨੇੜੇ ਰਹਿਣ ਵਾਲੀ ਸੁਖਜੀਤ ਕੌਰ ਨੇ ਦੱਸਿਆ ਕਿ ਉਹ ਆਪਣੇ ਪਤੀ ਨਾਲ ਮਕਸੂਦਾਂ ਮੰਡੀ ਵਿੱਚ ਕੱਲ੍ਹ ਸਵੇਰੇ ਸਬਜ਼ੀ ਲੈਣ ਗਈ ਸੀ। ਜਦ ਉਹ ਵਾਪਸ ਆ ਰਹੀ ਸੀ ਤਾਂ ਮਕਸੂਦਾਂ ਬਿਜਲੀ ਘਰ ਸਾਹਮਣੇ ਬਾਈਕ ਸਵਾਰ ਲੁਟੇਰੇ ਆਏ ਤੇ ਉਸ ਦੇ ਕੰਨ ਵਿੱਚੋਂ ਵਾਲੀਆਂ ਝਪਟ ਕੇ ਫਰਾਰ ਹੋ ਗਏ। ਔਰਤ ਦੇ ਪਤੀ ਟਹਿਲ ਸਿੰਘ ਨੇ ਦੱਸਿਆ ਕਿ ਦੋਵਾਂ ਨੌਜਵਾਨਾਂ ਦੀ ਉਮਰ ਕਰੀਬ ਵੀਹ ਸਾਲ ਲੱਗਦੀ ਸੀ। ਦੋਸ਼ੀਆਂ ਦਾ ਪਿੱਛਾ ਕਰਨ ਦੀ ਕੋਸ਼ਿਸ਼ ਵੀ ਕੀਤੀ, ਪਰ ਉਹ ਫਰਾਰ ਹੋਣ ਵਿੱਚ ਕਾਮਯਾਬ ਰਹੇ। ਪੁਲਸ ਕੰਟਰੋਲ ਰੂਮ ਵਿੱਚ ਫੋਨ ਕੀਤਾ ਗਿਆ, ਪਰ ਸੰਪਰਕ ਨਹੀਂ ਹੋ ਸਕਿਆ। ਜਿਸ ਦੇ ਬਾਅਦ ਪੀੜਤ ਪਰਵਾਰ ਨੇ ਮਾਮਲੇ ਦੀ ਸ਼ਿਕਾਇਤ ਥਾਣਾ 1 ਵਿੱਚ ਪਹੁੰਚ ਕੇ ਦਰਜ ਕਰਾ ਦਿੱਤੀ।

# ਕਤੂਰਿਆਂ ਦੀ ਲੜਾਈ ਵਿੱਚ ਬਜ਼ੁਰਗ ਦੀ ਮੌਤ, ਦੋ ਜ਼ਖਮੀ

ਜ਼ੀਰਾ, 6 ਅਪ੍ਰੈਲ (ਪੋਸਟ ਬਿਊਰੋ)- ਕੱਲ੍ਹ ਰਾਤ ਜ਼ੀਰਾ ਬਲਾਕ ਦੇ ਪਿੰਡ ਮਨਸੂਰਵਾਲ ਕਲਾਂ ਵਿਖੇ ਕਤੂਰਿਆਂ ਤੋਂ ਹੋਏ ਲੜਾਈ-ਝਗੜੇ ਕਾਰਨ ਤਿੰਨ ਵਿਅਕਤੀ ਗੰਭੀਰ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਸਿਵਲ ਹਸਪਤਾਲ ਜ਼ੀਰਾ ਲਿਆਂਦਾ ਗਿਆ, ਜਿੱਥੇ ਇੱਕ ਬਜ਼ੁਰਗ ਦੀ ਮੌਤ ਹੋ ਗਈ।ਇਸ ਬਾਰੇ ਪੁਲਸ ਕਾਰਵਾਈ ਕਰ ਰਹੀ ਹੈ।

ਸਿਵਲ ਹਸਪਤਾਲ ਵਿਖੇ ਮ੍ਰਿਤਕ ਦੇ ਭਤੀਜੇ ਜ਼ੇਰੇ ਇਲਾਜਮਨਪ੍ਰੀਤ ਸਿੰਘ ਨੇ ਦੱਸਿਆ ਕਿ ਉਸ ਦੇ ਅਪਾਹਜ ਚਾਚੇ ਜਸਵੀਰ ਸਿੰਘ ਨੇ ਆਪਣੇ ਘਰ ਕੁੱਤੀ ਰੱਖੀ ਸੀ, ਜਿਸ ਦੇਕਤੂਰੇ ਪਿੰਡ ਦੇ ਇੱਕ ਪਰਵਾਰ ਦੇ ਬੱਚੇ ਆਪਣੇ ਘਰ ਲੈ ਗਏ ਅਤੇ ਜਦੋਂ ਉਸ ਦਾ ਚਾਚਾ ਜਸਵੀਰ ਸਿੰਘ ਬੀਤੀ ਰਾਤ ਕਤੂਰਾ ਵਾਪਸ ਲੈਣ ਦੂਜੀ ਧਿਰ ਦੇ ਘਰ ਗਿਆ ਤਾਂ ਇਨ੍ਹਾਂ ਦੀ ਤਕਰਾਰ ਹੋ ਗਈ, ਜਿਸ ਕਾਰਨ ਉਨ੍ਹਾਂ ਨੇ ਜਸਵੀਰ ਸਿੰਘ ਉੱਤੇ ਹਮਲਾ ਕਰ ਦਿੱਤਾ ਤੇ ਉਹ ਗੰਭੀਰ ਜ਼ਖਮੀ ਹੋ ਗਿਆ। ਪਿੱਛੋਂ ਉਸ ਦੀ ਮੌਤ ਹੋ ਗਈ। ਇਸ ਦੌਰਾਨ ਦੂਜੀ ਧਿਰ ਦਾ ਵੀ ਇੱਕ ਵਿਅਕਤੀ ਜ਼ਖਮੀ ਹੋ ਗਿਆ।ਮ੍ਰਿਤਕ ਜਸਵੀਰ ਸਿੰਘ ਦੇ ਲੜਕੇ ਕੁਲਦੀਪ ਸਿੰਘ ਦੇ ਬਿਆਨਾਂ ਦੇ ਆਧਾਰ ਉੱਤੇ ਦੋਸ਼ੀਆਂ ਖਿਲਾਫ ਕਾਰਵਾਈ ਕੀਤੀ ਜਾ ਰਹੀ ਹੈ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Towing Service Car Paint Starts $799*upto 100% Deductible Paid*
Call Rick or Manminder Cheema: 416.749.9596 /416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ ‘ਨਾਂਹ’,
ਅਸੀਂ ਕਰਾਂਗੇ ‘ਹਾਂ’
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NEED A LAWYER ??
Red Seal NOTARY
KAUR LAW OFFICE
REAL ESTATE LAWYER
• Residential & Commercial
• Sale/Purchase of House
• Mortgage & Refinancing
• Drafting/Reviewing Agreements
• Title Transfer
• 2nd Mortgage
FAMILY LAWYER
• Child & Spousal support
• Custody & Access
• Divorce
• Equalization
IMMIGRATION
Skilled Worker Category
Spousal & Family Sponsorship
• Student Permits Visa & Renewals
• PR Renewal/ Citizenship Application
BUSINESS LAW
• Incorporation & Shareholder agreements
• Sales & Purchase of Assets & Shares
• Notarization & Affidavits
WILLS & ESTATE
• Wills
• Certificate of Estate Trustee with/without Will
• Power of attorney for Property & Personal Care
MANJEET KAUR
LL.B., (London UK)
Barrister, Solicitor & Notary Public
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

Grand Upholstery Ltd
Sofa Company Originality in Every Piece
Special on Sale
● ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
● ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
● ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
● ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 williams Pkway unit #45, Brampton, ON L6S 5T4 Email: grandupholsery@gmail.com

# ਰਾਮਗੜ੍ਹੀਆ ਗੇਟ ਅਤੇ ਯਾਦਗਾਰੀ ਕਿਲ੍ਹੇ ਦੇ ਦਰਸ਼ਨ ਕਰਨ ਆਏ ਮਹਿਮਾਨਾਂ ਦਾ ਸਨਮਾਨ



ਅੰਮ੍ਰਿਤਸਰ, 6 ਅਪ੍ਰੈਲ (ਗਿਆਨ ਸਿੰਘ): ਇਤਿਹਾਸਕ ਰਾਮਗੜ੍ਹੀਆ ਗੇਟ (ਕਿਲ੍ਹਾ ਰਾਮਗੜ੍ਹ), ਨਜਦੀਕ ਗੁਰਦਵਾਰਾ ਸ਼ਹੀਦਾਂ ਸਾਹਿਬ, ਅੰਮ੍ਰਿਤਸਰ ਵਿਖੇ ਆਲ ਇੰਡੀਆ ਸ੍ਰ: ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ (ਰਜ਼ਿ), ਅੰਮ੍ਰਿਤਸਰ ਦੇ ਪ੍ਰਧਾਨ ਪਿਆਰਾ ਸਿੰਘ ਮਠਾੜੂ ਦੀ ਪ੍ਰਧਾਨਗੀ ਹੇਠ ਫੈਡਰੇਸ਼ਨ ਦੀ ਇਕੱਤਰਤਾ ਹੋਈ । ਇਸ ਵਿਚ ਜਲੰਧਰ ਤੋਂ ਆਏ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ ਅਤੇ ਉੱਘੇ ਸਮਾਜ ਸੇਵਕ ਅਮਰਜੀਤ ਸਿੰਘ ਬੀਰਮੀ, ਤਜਿੰਦਰਪਾਲ ਸਿੰਘ ਉਭੀ, ਅਵਤਾਰ ਸਿੰਘ ਸਹਿਮੀ ਅਤੇ ਬਲਬੀਰ ਸਿੰਘ ਸ਼ਾਮਲ ਹੋਏ । ਰਾਮਗੜ੍ਹੀਆ ਬੁੰਗਾ, ਸ੍ਰੀ ਦਰਬਾਰ ਸਾਹਿਬ ਦੇ ਹੋ ਰਹੇ ਕੰਮਾਂ, ਰਾਮਗੜ੍ਹੀਆਂ ਦੀਆਂ ਸਮੱਸਿਆਵਾਂ ਅਤੇ ਆਪਸੀ ਏਕਤਾ ਬਾਰੇ ਵਿਚਾਰਾਂ ਹੋਈਆਂ। ਰਾਮਗੜ੍ਹੀਆ ਗੇਟ ਅਤੇ ਰਾਮਗੜ੍ਹ ਕਿਲ੍ਹੇ ਦੀ ਦੁਬਾਰਾ ਕਾਇਮ ਕੀਤੀ ਇਤਿਹਾਸਕ ਯਾਦਗਾਰ ਦੇ ਦਰਸ਼ਨ ਕਰਨ ਉਪਰੰਤ ਇਸਦੀ ਸ਼ਲਾਘਾ ਕੀਤੀ । ਪ੍ਰਧਾਨ ਪਿਆਰਾ ਸਿੰਘ ਮਠਾੜੂ, ਸਕੱਤਰ ਜਨਰਲ ਗਿਆਨ ਸਿੰਘ ਬਮਰਾਹ, ਪ੍ਰਚਾਰ ਸਕੱਤਰ ਲਖਬੀਰ ਸਿੰਘ ਘੁੰਮਨ, ਮੀਤ ਖਜਾਨਚੀ ਧਰਮਪਾਲ ਸਿੰਘ ਬਮਰਾਹ ਅਤੇ ਐਗਜੈਕਟਿਵ ਮੈਂਬਰ ਨਵਦੀਪ ਸਿੰਘ ਬਮਰਾਹ ਨੇ ਉਹਨਾਂ ਨੂੰ ਗੁਰੂ ਮਹਾਰਾਜ ਦੀ ਬਖਸ਼ਿਸ਼ ਸਿਰੋਪਾਓ ਸਾਹਿਬ ਤੇ ਰਾਮਗੜ੍ਹੀਆ ਇਤਹਾਸ ਦੀਆਂ ਕਿਤਾਬਾਂ ਭੇਟ ਕਰਕੇ ਸਨਮਾਨਿਤ ਕੀਤਾ।

ਇਸ ਮੌਕੇ ਸਰਪ੍ਰਸਤ ਗਿਆਨ ਸਿੰਘ ਸੱਗੂ, ਜਸਪਾਲ ਸਿੰਘ ਠੇਠੀ, ਖੁਸ਼ਵਿੰਦਰ ਸਿੰਘ ਸੰਧੂ, ਨਾਨਕ ਸਿੰਘ ਵਰਿਆਹ, ਗੁਰਦਿਆਲ ਸਿੰਘ ਵਿਰਦੀ, ਮੀਤ ਪ੍ਰਧਾਨ ਸਰਦਾਰਾ ਸਿੰਘ ਮਠਾੜੂ, ਹਰਵਿੰਦਰ ਸਿੰਘ ਵਿਰਦੀ ਖਜਾਨਚੀ, ਸਤਬੀਰ ਸਿੰਘ ਹੁੰਜਣ ਸਕੱਤਰ, ਅਵਤਾਰ ਸਿੰਘ ਵੰਧਲ ਸਕੱਤਰ, ਬਲਵਿੰਦਰ ਸਿੰਘ ਧੰਮੂ ਸਕੱਤਰ, ਨਿਰਮਲ ਸਿੰਘ ਭਰਮੀ, ਪ੍ਰੈਸ ਸਕੱਤਰ ਤਜਿੰਦਰ ਪਾਲ ਸਿੰਘ ਬਮਰਾਹ, ਮੁਖਵੰਤਪਾਲ ਸਿੰਘ ਖੋਖਰ, ਜਗਮੋਹਨ ਸਿੰਘ ਖੋਖਰ, ਗੁਰਚਰਨ ਸਿੰਘ ਭੁਲੱਰ, ਚਰਨਜੀਤ ਸਿੰਘ ਸੋਹਲ, ਮਲਕੀਅਤ ਸਿੰਘ ਸੋਹਲ, ਜਸਵਿੰਦਰ ਸਿੰਘ ਸਹਿਮੀ, ਹਰਪਾਲ ਸਿੰਘ ਕੜਿਆਂਵਾਲੇ, ਹਰਮਿੰਦਰ ਸਿੰਘ ਫੁੱਲ, ਹਰਮੀਤ ਸਿੰਘ ਮਠਾੜੂ, ਹਰਜਿੰਦਰ ਸਿੰਘ, ਕੁਲਜੀਤ ਸਿੰਘ, ਭਗਵੰਤ ਸਿੰਘ ਭੱਟੀ ਅਤੇ ਹੋਰ ਬਹੁਤ ਸਾਰੀਆਂ ਉਘੀਆਂ ਸ਼ਖਸ਼ੀਅਤਾਂ ਸ਼ਾਮਲ ਹੋਈਆਂ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| **Founder Editor** | Jagdish Singh Grewal |
| **Managing Director** | Parminder Kaur Grewal |
| **Contributing Editors** | Gyan Singh, |
| **Office Admin** | Sajandeep Singh |
| **Graphic Designer** | Angrez Singh |
| **Photographer** | Kanwaljit Singh Kanwal |
| **Distributer Marketing:** | Aman Warraich **Sajandeep Singh** |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

## ਰੰਗਲਾ ਪੰਜਾਬ ਬਣਾਉਣ ਲਈ ਪ੍ਰਵਾਸੀ ਭਾਰਤੀਆਂ ਨੂੰ ਖੁੱਲ੍ਹਾ ਸੱਦਾ : ਕੁਲਦੀਪ ਧਾਲੀਵਾਲ

ਚੰਡੀਗੜ੍ਹ, 6 ਅਪ੍ਰੈਲ (ਗਿਆਨ ਸਿੰਘ): ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਬੁੱਧਵਾਰ ਨੂੰ ਦੁਨੀਆਂ ਭਰ 'ਚ ਵਸਦੇ ਪੰਜਾਬੀਆਂ ਨੂੰ ਆਪਣੀ ਪਿੱਠ ਭੂਮੀ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਅੱਗੇ ਆਉਣ ਦਾ ਖੁੱਲ੍ਹਾ ਸੱਦਾ ਦਿੱਤਾ। ਧਾਲੀਵਾਲ ਨੇ ਅੱਜ ਇੱਥੇ ਆਪਣੇ ਦਫਤਰ ਵਿਖੇ ਪ੍ਰਵਾਸੀ ਭਾਰਤੀ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਪ੍ਰਵਾਸੀ ਭਾਰਤੀਆਂ (ਐਨ.ਆਰ.ਆਈਜ) ਨੂੰ ਆਪਣੀ ਮਾਤ ਭੂਮੀ ਦੀ ਬਿਹਤਰੀ ਅਤੇ ਖੁਸਹਾਲੀ ਲਈ ਮੋਹਰੀ ਭੂਮਿਕਾ ਨਿਭਾਉਣ ਚਾਹੀਦੀ ਹੈ ਅਤੇ ਉਹਨਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਦੂਰਅੰਦੇਸ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਪੂਰਨ ਸਹਿਯੋਗ ਦਿੱਤਾ ਜਾਵੇਗਾ । ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ ਦਿੰਦਿਆਂ ਕਿਹਾ ਕਿ ਦੋ ਹਫਤਿਆਂ ਵਿੱਚ ਐਨ.ਆਰ.ਆਈ ਨੀਤੀ ਦਾ ਖਰੜਾ ਪੇਸ ਕੀਤਾ ਜਾਵੇ, ਜਿਸ ਨੂੰ ਮੁੱਖ ਮੰਤਰੀ ਨਾਲ ਪੂਰੀ ਬਾਰੀਕੀ ਨਾਲ ਵਿਚਾਰਨ ਮਗਰੋਂ ਪ੍ਰਵਾਨਗੀ ਦਿੱਤੀ ਜਾਵੇਗੀ। ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਪ੍ਰਵਾਸੀ ਭਾਰਤੀਆਂ ਦੀ ਭਲਾਈ ਅਤੇ ਸੁਵਿਧਾ ਲਈ ਪਾਰਦਰਸੀ ਅਤੇ ਤਰਕਸੰਗਤ ਐਨ.ਆਰ.ਆਈ ਨੀਤੀ ਤਿਆਰ ਕੀਤੀ ਜਾਵੇ ਤਾਂ ਜੋ ਉਨ੍ਹਾਂ ਦੀਆਂ ਸਿਕਾਇਤਾਂ ਦੇ ਜਲਦ ਨਿਪਟਾਰੇ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਨਵੀਂ ਐਨ.ਆਰ.ਆਈ ਨੀਤੀ ਨਿਵੇਸ ਲਈ ਆਸਾਨ ਅਤੇ ਵਨ ਸਟਾਪ ਕਲੀਅਰੈਂਸ ਦੀ ਸਹੂਲਤ ਪ੍ਰਦਾਨ ਕਰੇਗੀ।

ਕੁਲਦੀਪ ਧਾਲੀਵਾਲ ਨੇ ਇਹ ਵੀ ਕਿਹਾ ਕਿ ਕਈ ਪ੍ਰਵਾਸੀ ਭਾਰਤੀ ਪਿੰਡਾਂ ਵਿੱਚ ਲਾਇਬ੍ਰੇਰੀਆਂ ਬਣਾਉਣ ਵਿਚ ਕਾਫੀ ਦਿਲਚਸਪੀ ਰੱਖਦੇ ਹਨ, ਜਿਸ ਲਈ ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਇਸ ਨੇਕ ਕਾਰਜ ਲਈ ਸਮੂਹ ਐਨ.ਆਰ.ਆਈਜ ਨੂੰ ਸਹੀ ਸੇਧ ਅਤੇ ਸਹਾਇਤਾ ਕੀਤੀ ਜਾਵੇ। ਮੰਤਰੀ ਨੇ ਪੰਜਾਬ ਦੇ ਵਿਰਸੇ ਅਤੇ ਸਭਿਆਚਾਰ ਨੂੰ ਸੰਭਾਲਣ ਲਈ ਵੀ ਪ੍ਰਵਾਸੀ ਭਾਰਤੀਆਂ ਦਾ ਸਵਾਗਤ ਕੀਤਾ ਜਿਸ ਲਈ ਉਨ੍ਹਾਂ ਨੇ ਪ੍ਰਵਾਸੀ ਪੰਜਾਬੀਆਂ ਨੂੰ ਠੋਸ ਤਜਵੀਜਾਂ ਪੇਸ਼ ਕਰਨ ਲਈ ਕਿਹਾ।

ਜ਼ਰੂਰ ਜਾਣੋ; ਗਿਆਨ ਗੰਗਾ

|| ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ||




- ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
- ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
- ਸਾਨੂੰ ਜਨਮ ਦੇਣ ਤੇ ਮਾਰਣ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
- ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
- ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
- ਪੂਰਨ ਸੰਤ ਦੀ ਪਹਿਚਾਣ ਕੀ ਹੈ ? 'ਤੇ ਮੋਕਸ਼ ਕਿਵੇਂ ਮਿਲੇਗਾ ?
- ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
- ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
- ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
- ਸ਼੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
- ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
- ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?

ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org

IPTV ਦੁਆਰਾ ਸਤਸੰਗ ਦੇਖੋ
Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM


Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
जन तंत्र: 7:30 PM - 8:30 PM
TV-nri 7:30am- 8:30am,TV-nri 8:30pm- 9:30pm

ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:
satlokashramcanada@gmail.com | 647-739-4641
satsahibusa@gmail.com | 346-714-0224

ਜਰੂਰੀ ਬੇਨਤੀ

ਪਿੰਡ ਸੂਸਾਂ ਜਿਲ੍ਹਾ ਹੁਸ਼ਿਆਰਪੁਰ ਅਤੇ ਸਮੂਹ ਇਲਾਕਾ ਦੀਆਂ ਸਾਧ ਸੰਗਤਾਂ ਵਲੋਂ

ਬਾਬਾ ਜਵਾਹਰ ਦਾਸ ਜੀ ਦੇ ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ ਭਾਰੀ ਸ਼ਮਾਗਮ



ਗੁਰੂ ਪਿਆਰੀ ਸਾਧ ਸੰਗਤ ਜੀ ਪਿੰਡ ਸੂਸਾਂ ਜਿਲ੍ਹਾ ਹੁਸ਼ਿਆਰਪੁਰ ਅਤੇ ਸਮੂਹ ਇਲਾਕਾ ਨਿਵਾਸੀ ਸਾਧ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਬਾਬਾ ਜਵਾਹਰ ਦਾਸ ਜੀ ਦੇ ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ ਡਿਕਸੀ ਰੋਡ ਗੁਰਦੁਆਰਾ ਸਾਹਿਬ ਵਿਖੇ 13 ਮਈ ਦਿਨ ਸ਼ੁੱਕਰਵਾਰ ਨੂੰ ਅਖੰਡ ਪਾਠ ਸਾਹਿਬ ਸਵੇਰੇ 10 ਵਜੇ ਆਰੰਭ ਹੋਣ ਜਾ ਰਹੇ ਹਨ। ਇਨ੍ਹਾਂ ਦੇ ਭੋਗ 15 ਮਈ ਦਿਨ ਐਤਵਾਰ ਨੂੰ ਸਵੇਰੇ 10 ਵਜੇ ਪੈਣਗੇ। ਇਸ ਉਪਰੰਤ ਕੀਰਤਨੀ ਜੱਥੇ ਸੰਗਤਾਂ ਨੂੰ ਗੁਰਬਾਣੀ ਦੇ ਮਨੋਹਰ ਕੀਰਤਨ ਦਵਾਰਾ ਨਿਹਾਲ ਕਰਨਗੇ। ਬੇਨਤੀ ਹੈ ਕਿ ਇਸ ਸਮੇਂ ਹੁੰਮ ਹੁੰਮਾ ਕੇ ਦਰਸ਼ਨ ਦਿਓ ਜੀ। ਵਧੇਰੇ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਧਰਮਿੰਦਰ ਸਿੰਘ ਸੂਸਾਂ: 416-879-6824 ,ਪਰਮਜੀਤ ਸਿੰਘ ਸੂਚ: 416-873-7508
ਸਰਬਜੀਤ ਸਿੰਘ ਸੂਚ: 416-357-7667, ਗੁਰਮੇਲ ਸਿੰਘ ਸੂਚ : 905-814-0756

# ਸਿੱਖ ਵਿਰਾਸਤੀ ਮਹੀਨਾ ਅਪ੍ਰੈਲ



ਕੈਨੇਡਾ ਨੂੰ ਇੱਕ ਉਤਸ਼ਾਹੀ, ਵੰਨ-ਸੁਵੰਨਤਾ ਅਤੇ ਸਹਿਣਸ਼ੀਲ ਦੇਸ਼ ਵਜੋਂ ਜਾਣਿਆ ਜਾਂਦਾ ਹੈ। ਇਹ ਜੀਵਨ ਦੇ ਸਾਰੇ ਖੇਤਰਾਂ, ਨਸਲਾਂ ਅਤੇ ਸੱਭਿਆਚਾਰਾਂ ਦੇ ਕੈਨੇਡੀਅਨਾਂ ਦਾ ਨਤੀਜਾ ਹੈ, ਇਹ ਯਕੀਨੀ ਬਣਾਉਂਦਾ ਹੈ ਕਿ ਕੈਨੇਡਾ ਇੱਕ ਅਜਿਹਾ ਦੇਸ਼ ਹੈ ਜਿਸ 'ਤੇ ਅਸੀਂ ਸਾਰੇ ਮਾਣ ਕਰ ਸਕਦੇ ਹਾਂ। ਇਹ ਇੱਕ ਕਾਰਨ ਹੈ ਕਿ ਅਸੀਂ ਇਤਾਲਵੀ, ਤਾਮਿਲ, ਕਾਲੇ, ਯਹੂਦੀ ਅਤੇ ਏਸ਼ੀਆਈ ਵਿਰਾਸਤ ਦੇ ਮਹੀਨਿਆਂ ਨੂੰ ਕਿਉਂ ਮਾਨਤਾ ਦਿੰਦੇ ਹਾਂ। ਇਹ ਮਹੀਨੇ ਸਾਨੂੰ ਪਛਾਣਨ, ਸਤਿਕਾਰ ਕਰਨ ਅਤੇ ਯਾਦ ਰੱਖਣ ਵਿੱਚ ਮਦਦ ਕਰਦੇ ਹਨ ਕਿ ਅਸੀਂ ਅਸਲ ਵਿੱਚ ਕੌਣ ਹਾਂ। ਸਾਡੀਆਂ ਕਦਰਾਂ-ਕੀਮਤਾਂ, ਸਿਧਾਂਤਾਂ ਅਤੇ ਆਦਰਸ਼ਾਂ ਨੂੰ ਇਕਜੁੱਟ ਕਰਨਾ ਕੈਨੇਡੀਅਨਾਂ ਲਈ ਇੱਕ ਸਾਂਝਾ ਵਿਸ਼ਾ ਹੈ।

ਅਪ੍ਰੈਲ ਦਾ ਮਹੀਨਾ ਕੈਨੇਡਾ ਦੀ ਸਮਾਜਿਕ, ਆਰਥਿਕ, ਰਾਜਨੀਤਿਕ ਅਤੇ ਸੱਭਿਆਚਾਰਕ ਵਿਰਾਸਤ ਵਿੱਚ ਸਿੱਖ ਭਾਈਚਾਰੇ ਵੱਲੋਂ ਕੀਤੇ ਗਏ ਮਹੱਤਵਪੂਰਨ ਯੋਗਦਾਨ ਨੂੰ ਮਾਨਤਾ ਦਿੰਦਾ ਹੈ ਅਤੇ ਇਸ 'ਤੇ ਜ਼ੋਰ ਦਿੰਦਾ ਹੈ।

ਕੈਨੇਡਾ ਵਿੱਚ ਮਾਣ ਨਾਲ ਇੱਥੇ 500,000 ਤੋਂ ਵੱਧ ਸਿੱਖ ਰਹਿੰਦੇ ਹਨ, ਇਸ ਨੂੰ ਸਮੁੱਚੇ ਦੇਸ਼ ਦੀ ਆਬਾਦੀ ਦੇ ਅਨੁਪਾਤ ਵਿੱਚ ਦੁਨੀਆ ਦੀ ਸਭ ਤੋਂ ਵੱਡੀ ਸਿੱਖ ਆਬਾਦੀ ਵਿੱਚੋਂ ਇੱਕ ਬਣਾਉਂਦਾ ਹੈ। ਸੰਯੁਕਤ ਰਾਜ ਵਿੱਚ, ਤੁਲਨਾ ਕਰਕੇ, 700,000 ਸਿੱਖ ਉਸ ਦੇਸ਼ ਨੂੰ ਆਪਣਾ ਘਰ ਕਹਿੰਦੇ ਹਨ।

ਸਿੱਖਾਂ ਨੇ 19ਵੀਂ ਸਦੀ ਦੇ ਅੰਤ ਵਿੱਚ ਭਾਰਤ ਤੋਂ ਪਰਵਾਸ ਕਰਨਾ ਸ਼ੁਰੂ ਕੀਤਾ, ਭਾਰਤੀ ਪੰਜਾਬੀ ਭਾਈਚਾਰੇ ਦੇ ਮੈਂਬਰਾਂ ਨੇ ਵੱਖ-ਵੱਖ ਖੇਤਰਾਂ ਵਿੱਚ ਆਪਣੀਆਂ ਪ੍ਰਾਪਤੀਆਂ ਰਾਹੀਂ ਕੈਨੇਡਾ ਵਿੱਚ ਯੋਗਦਾਨ ਪਾਉਣਾ ਸ਼ੁਰੂ ਕੀਤਾ ਅਤੇ ਕੈਨੇਡਾ ਦੀ ਵਿਭਿੰਨਤਾ ਨੂੰ ਆਕਾਰ ਦੇਣ ਵਿੱਚ ਮਦਦ ਕੀਤੀ। ਸਿੱਖ ਧਰਮ ਦੇ ਮੂਲ ਸਿਧਾਂਤਾਂ ਵਿੱਚ ਉਦਾਰਤਾ, ਸਮਾਨਤਾ, ਖੁੱਲੇਪਨ ਅਤੇ ਦਇਆ ਸ਼ਾਮਲ ਹਨ। ਸਿੱਖ ਹੈਰੀਟੇਜ ਮਹੀਨਾ ਇੱਕ ਮਜਬੂਤ, ਸੁਚੇਤ ਤੌਰ 'ਤੇ ਵਧੇਰੇ ਸਮਾਵੇਸ਼ੀ ਕੈਨੇਡਾ ਦੇ ਨਿਰਮਾਣ ਵਿੱਚ ਸਿੱਖ ਭਾਈਚਾਰਾ ਜੋ ਅਹਿਮ ਭੂਮਿਕਾ ਨਿਭਾਉਂਦਾ ਹੈ, ਉਸ ਬਾਰੇ ਸੋਚਣ ਦਾ ਮੌਕਾ ਹੈ।

ਜਿਸਦ ਸਿਹਰਾ ਪੰਜਾਬੀ ਮੂਲ ਦੇ ਗੁਰਬਖਸ਼ ਮੱਲ੍ਹੀ ਨੂੰ ਕੈਨੇਡਾ ਵਿੱਚ ਪਹਿਲੇ ਪਗੜੀਧਾਰੀ ਸਿੱਖ ਐਮ ਪੀ ਹੋਣ ਦਾ ਮਾਣ ਹਾਸਲ ਹੈ , ਮੱਲ੍ਹੀ , 1993 ਦੌਰਾਨ ਪਹਿਲੀ ਵਾਰ ਐਮ ਪੀ ਚੁਣੇ ਗਏ ਸਨ ਅਤੇ 6 ਵਾਰ ਲਗਾਤਾਰ ਐਮ ਪੀ ਰਹੇ।

ਉਸ ਉਪਰੰਤ ਸਮੇਂ ਦੇ ਨਾਲ ਚੱਲਦੇ ਚੱਲਦੇ, ਹਰਜੀਤ ਸਿੰਘ ਸੱਜਣ, ਰਣਦੀਪ ਸਿੰਘ ਸਰਾਏ ਅਤੇ ਸੁੱਖ ਨਵਦੀਪ ਸਿੰਘ ਬੈਂਸ, ਗਗਨ ਸਿਕੰਦ, ਰਾਮੇਸ਼ਵਰ ਸਿੰਘ ਸੰਘਾ, ਮਨਿੰਦਰ ਸਿੰਘ ਸਿੱਧੂ, ਕਮਲ ਖਹਿਰਾ, ਰੂਬੀ ਸਹੋਤਾ, ਸੋਨੀਆ ਸਿੱਧੂ, ਬਰਦੀਸ਼ ਚੱਗਰ ਅਤੇ ਰਾਜ ਸੈਣੀ ਅਤੇ ਕਿਊਬਿਕ ਤੋਂ ਅੰਜੂ ਢਿੱਲੋਂ, ਟਿਮ ਉਪਲ, ਇਸੇ ਤਰ੍ਹਾ ਹੇਟਲੀ ਸੂਬੇ ਦੀਆਂ ਸਰਕਾਰਾਂ ਵਿਚ ਪ੍ਰਭਮੀਤ ਸਰਕਾਰੀਆ, ਪਰਮ ਗਿੱਲ, ਅਮਰਜੋਤ ਸੰਧੂ ਤੇ ਕਈ ਹੋਰ ਭਾਰਤੀਆਂ ਨੇ ਕੈਨੇਡੀਅਨ ਸੱਤਾ ਵਿਚ ਮੁਹਾਰਤ ਹਾਂਸਿਲ ਕੀਤੀ। ਇਥੋ ਤੱਕ ਕੇ ਕੈਨੇਡਾ ਦੀ ਐਨ ਡੀ ਪੀ ਪਾਰਟੀ ਦੇ ਨੇਤਾ ਵੀ ਸਾਡੇ ਭਾਰਤੀ ਪੰਜਾਬੀ ਗੁਰਸਿੱਖ ਜਗਮੀਤ ਸਿੰਘ ਹਨ।

ਇਸ ਦੇ ਨਾਲ ਹੀ ਕੈਨੇਡਾ ਦੇ ਗੁਆਂਢੀ ਦੇਸ ਵਲੋਂ ਵੀ ਹੁਣ 28 ਮਾਰਚ, 2022 ਨੂੰ, ਯੂਐਸ ਕਾਂਗਰਸ ਨੇ 14 ਅਪ੍ਰੈਲ ਨੂੰ ਰਾਸ਼ਟਰੀ ਸਿੱਖ ਦਿਵਸ ਵਜੋਂ



ਸੁਰਜੀਤ ਸਿੰਘ ਫਲੋਰਾ

ਮਨਾਉਣ ਲਈ ਮਤਾ ਪੇਸ਼ ਕੀਤਾ। ਇਹ ਵੇਖਣਾ ਹੈ ਕਿ 100 ਸਾਲ ਪਹਿਲਾਂ ਅਮਰੀਕਾ ਵਿੱਚ ਪਰਵਾਸ ਕਰਨ ਵਾਲੇ ਸਿੱਖ ਭਾਈਚਾਰੇ ਨੇ ਅਮਰੀਕਾ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

ਮਤਾ ਸੰਯੁਕਤ ਰਾਜ ਦੇ ਲੋਕਾਂ ਨੂੰ ਮਜ਼ਬੂਤ ਅਤੇ ਪ੍ਰੇਰਿਤ ਕਰਨ ਵਿੱਚ ਸਿੱਖ ਭਾਈਚਾਰੇ ਦੇ ਮਹੱਤਵਪੂਰਨ ਯੋਗਦਾਨ ਨੂੰ ਸਵੀਕਾਰ ਕਰਨ ਅਤੇ ਮਨਾਉਣ ਲਈ 'ਰਾਸ਼ਟਰੀ ਸਿੱਖ ਦਿਵਸ' ਦੇ ਐਲਾਨ ਦਾ ਸਮਰਥਨ ਕਰਦਾ ਹੈ। ਇਸ ਨੂੰ ਸਿੱਖ ਕਾਕਸ, ਸਿੱਖ ਕੋਆਰਡੀਨੇਸ਼ਨ ਅਤੇ ਅਮਰੀਕਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਮਰਥਨ ਦਿੱਤਾ।

ਕਿਉਂਕਿ ਅਪ੍ਰੈਲ ਸਿੱਖ ਕੌਮ ਲਈ ਅਹਿਮ ਮਹੀਨਾ ਹੈ। ਇਸ ਮਹੀਨੇ, ਕੈਨੇਡਾ ਅਤੇ ਦੁਨੀਆ ਭਰ ਦੇ ਸਿੱਖ ਵਿਸਾਖੀ ਮਨਾਉਂਦੇ ਹਨ, ਜੋ ਕਿ ਖਾਲਸੇ ਦੀ ਸਿਰਜਣਾ ਅਤੇ ਸਿੱਖ ਧਰਮ ਦੀਆਂ ਕੁਰਬਾਨੀਆਂ ਨੂੰ ਦਰਸਾਉਂਦਾ ਹੈ। ਸਿੱਖ ਕੈਨੇਡੀਅਨ ਵਿਸਾਖੀ, ਜਿਸ ਨੂੰ ਖਾਲਸਾ ਦਿਵਸ ਵਜੋਂ ਵੀ ਜਾਣਿਆ ਜਾਂਦਾ ਹੈ, ਪੂਰੇ ਕੈਨੇਡਾ ਵਿੱਚ ਵਿਆਪਕ ਤੌਰ 'ਤੇ ਮਨਾਉਂਦੇ ਹਨ।

ਟੋਰਾਂਟੋ ਅਤੇ ਵੈਨਕੂਵਰ ਵਿੱਚ ਹਰ ਸਾਲ ਖਾਲਸਾ ਡੇਅ ਪਰੇਡ ਦਾ ਆਯੋਜਨ ਕੀਤਾ ਜਾਂਦਾ ਹੈ; ਪੂਰੇ ਕੈਨੇਡਾ ਤੋਂ 150,000 ਤੋਂ ਵੱਧ ਸਿੱਖ ਹਿੱਸਾ ਲੈਂਦੇ ਹਨ, ਪਰ ਕੁਝ ਸਾਲਾਂ ਤੋਂ ਮਹਾਂਮਾਰੀ ਕਾਰਨ ਪਰੇਡਾਂ ਨੂੰ ਮੁਲਤਵੀ ਕਰ ਦਿੱਤਾ ਗਿਆ ਹੈ।

ਅਪ੍ਰੈਲ ਨੂੰ ਸਿੱਖ ਵਿਰਾਸਤੀ ਮਹੀਨੇ ਵਜੋਂ ਘੋਸ਼ਿਤ ਕਰਕੇ, ਸਰਕਾਰਾਂ ਸਿੱਖ ਕੈਨੇਡੀਅਨਾਂ ਵੱਲੋਂ ਦੇਸ਼ ਦੇ ਸਮਾਜਿਕ, ਆਰਥਿਕ, ਰਾਜਨੀਤਿਕ ਅਤੇ ਸੱਭਿਆਚਾਰਕ ਤਾਣੇ-ਬਾਣੇ ਵਿੱਚ ਪਾਏ ਗਏ ਜ਼ਰੂਰੀ ਯੋਗਦਾਨ ਨੂੰ ਮਾਨਤਾ ਦਿੰਦੀਆਂ ਹਨ।

ਸਿੱਖ ਹੈਰੀਟੇਜ ਮਹੀਨੇ ਨੂੰ ਪਹਿਲੀ ਵਾਰ ਓਨਟਾਰੀਓ ਵਿੱਚ 2013 ਵਿੱਚ ਮਾਨਤਾ ਦਿੱਤੀ ਗਈ ਸੀ; ਅਲਬਰਟਾ ਇਸ ਜਾਗਰੂਕਤਾ ਮਹੀਨੇ ਨੂੰ ਪੰਜ ਸਾਲਾਂ ਤੋਂ ਮਾਨਤਾ ਦੇ ਰਿਹਾ ਹੈ। 7 ਨਵੰਬਰ, 2018 ਨੂੰ, ਫੈਡਰਲ ਪਾਰਲੀਮੈਂਟ ਨੇ ਹਰ ਸਾਲ ਅਪ੍ਰੈਲ ਵਿੱਚ ਰਾਸ਼ਟਰੀ ਪੱਧਰ 'ਤੇ ਸਿੱਖ ਵਿਰਾਸਤੀ ਮਹੀਨਾ ਮਨਾਉਣ ਲਈ ਵੋਟ ਕੀਤਾ। ਇਹ ਮੰਨਣਾ ਵੀ ਜ਼ਰੂਰੀ ਹੈ ਕਿ ਕੈਨੇਡਾ ਵਿਚ ਸਿੱਖਾਂ ਦਾ ਸਫ਼ਰ ਹਮੇਸ਼ਾ ਆਸਾਨ ਨਹੀਂ ਰਿਹਾ।

ਇਸ ਵਿਸ਼ਵਾਸ ਦੇ ਪੈਰੋਕਾਰ ਅਸਹਿਣਸ਼ੀਲਤਾ ਅਤੇ ਪੱਖਪਾਤ ਦਾ ਸਾਹਮਣਾ ਕੀਤਾ ਹੈ। ਇਹਨਾਂ ਚੁਣੌਤੀਆਂ ਨੇ ਸਿੱਖਾਂ ਨੂੰ ਕਈ ਵਾਰ ਅਨੁਚਿਤ ਕਿਰਤ ਕਾਨੂੰਨਾਂ ਕਾਰਨ ਪ੍ਰਭਾਵਸ਼ਾਲੀ ਢੰਗ ਨਾਲ ਦੂਜੇ ਦਰਜੇ ਦੇ ਨਾਗਰਿਕ ਬਣਾ ਦਿੱਤਾ ਹੈ। ਬਹੁਤ ਸਾਰੇ ਕੈਨੇਡੀਅਨ 1914 ਵਿੱਚ ਵਾਪਰੀ ਭਿਆਨਕ ਕਾਮਾਗਾਟਾਮਾਰੂ ਘਟਨਾ ਤੋਂ ਜਾਣੂ ਹਨ, ਜਿਸ ਵਿੱਚ ਸਿੱਖਾਂ ਦਾ ਇੱਕ ਚਾਰਟਰਡ ਜਹਾਜ਼ ਨਵੀਂ ਜ਼ਿੰਦਗੀ ਦੀ ਭਾਲ ਵਿੱਚ ਵੈਨਕੂਵਰ ਪਹੁੰਚਿਆ ਸੀ। ਪਰ ਇੱਕ ਸਾਬਕਾ ਅਭਿਆਸ ਨੇ ਭਾਰਤ ਤੋਂ ਪ੍ਰਵਾਸੀਆਂ ਨੂੰ ਕੈਨੇਡਾ ਵਿੱਚ ਦਾਖਲ ਹੋਣ ਤੋਂ ਬਾਹਰ ਰੱਖਿਆ ਸੀ ਅਤੇ ਇਨ੍ਹਾਂ ਵਿਤਕਰੇ ਵਾਲੇ ਕਾਨੂੰਨਾਂ ਕਾਰਨ ਆਉਣ ਵਾਲੇ ਲੋਕਾਂ ਨੂੰ ਦਾਖਲੇ ਤੋਂ ਇਨਕਾਰ ਕਰ ਦਿੱਤਾ ਗਿਆ ਸੀ। ਜਿਸ ਵਿਚ ਕੁਝ ਲੋਕਾ ਦੀ ਮੌਤ ਵੀ ਹੋ ਗਈ ਸੀ। ਪਰ ਜਿਸ ਵਾਰੇ ਕੈਨੇਡਾ ਸਰਕਾਰ ਵਲੋਂ ਕਈ ਵਾਰ ਸਮੇਂ ਦੇ ਹਿਸਾਬ ਮਾਲ ਚੱਲਣ ਤੇ ਉਸ ਦੇ ਹਾਣੀ ਬਣਨ ਲਈ, ਇਹ ਭੇਦ ਭਾਵ ਮਿਟਾਉਣ ਲਈ ਸਿੱਖ ਭਾਈਚਾਰੇ ਤੋਂ ਕੈਨੇਡਾ ਦੀ ਪਾਰਲੀਮੈਂਟ ਵਿਚ ਮੁਆਫ਼ੀ ਮੰਗ ਲਈ ਗਈ ਸੀ ਤੇ ਸਿੱਖਾਂ ਨੂੰ ਕੈਨੇਡਾ ਵਿਚ ਢੁਕਵਾ ਸਥਾਨ ਹੀ ਨਹੀਂ ਬੱਲਕੇ ਸਿੱਖ ਵਿਰਸੇ ਦਰਸਾਉਣ ਲਈ ਅਪ੍ਰੈਲ ਮਹੀਨਾਂ ਮਨਾਉਣ ਦਾ ਐਲਾਨ ਕੀਤਾ। ਜੋ ਹੁਣ ਬਹੁਤ ਸਾਰੇ ਕੈਨੇਡਾ ਦੇ ਸੂਬਿਆ ਅਤੇ ਸ਼ਹਿਰਾਂ ਵਲੋਂ ਨਿਸ਼ਾਨ ਸਾਹਿਬ ਲਹਿਰਾਂ ਕੇ ਮਨਾਇਆ ਜਾਂਦਾ ਹੈ।

1914 ਵਿੱਚ ਵਾਪਰੀ ਭਿਆਨਕ ਕਾਮਾਗਾਟਾਮਾਰੂ ਘਟਨਾ ਇਕ ਅਜਿਹੀਆਂ ਪ੍ਰਥਾਵਾਂ ਨੂੰ ਉਲਟਾਉਣ ਦਾ ਕਾਰਕ ਬਣਿਆ, ਜਿਸ ਨਾਲ ਸਿੱਖਾਂ ਨੂੰ ਕੈਨੇਡੀਅਨ ਸਮਾਜ ਦੇ ਬਰਾਬਰ ਦੇ ਮੈਂਬਰ ਵਜੋਂ ਦੇਖਿਆ ਜਾਣ ਲੱਗਾ। 1947 ਤੱਕ, ਸਿੱਖ ਸੰਘੀ ਚੋਣਾਂ ਵਿੱਚ ਵੋਟ ਪਾਉਣ ਦਾ ਅਧਿਕਾਰ ਪ੍ਰਪਤ ਕਰਨ ਵਿਚ ਸਫ਼ਲ ਹੋਏ। ਉਹ ਵੋਟ ਦੇ ਅਧਿਕਾਰ ਦਾ ਸਮਰਥਨ ਕਰਦੇ ਹਨ ਅਤੇ ਵਿਸ਼ਵਾਸ ਕਰਦੇ ਹਨ ਕਿ ਨਾਗਰਿਕਾਂ ਦੀ ਭਾਗੀਦਾਰੀ ਨਾ ਸਿਰਫ਼ ਇੱਕ ਅਧਿਕਾਰ ਹੈ, ਸਗੋਂ ਨਾਗਰਿਕਤਾ ਦਾ ਇੱਕ ਮਹੱਤਵਪੂਰਨ ਹਿੱਸਾ ਵੀ ਹੈ।

1908 ਵਿੱਚ, ਸਿੱਖ ਭਾਈਚਾਰੇ ਨੇ ਵੈਨਕੂਵਰ ਵਿੱਚ ਕੈਨੇਡਾ ਦਾ ਪਹਿਲਾ ਸਿੱਖ ਗੁਰੂਘਰ ਸਥਾਪਿਤ ਕੀਤਾ। ਇਹ ਵਿਸ਼ਵਾਸ, ਨਿਵਾਸ, ਵਕਾਲਤ ਅਤੇ ਅਸੈਂਬਲੀ ਦਾ ਕੇਂਦਰ ਬਣ ਗਿਆ ਹੈ, ਅਤੇ ਕਮਿਊਨਿਟੀ ਲੀਡਰ ਪੂਰੇ ਕੈਨੇਡੀਅਨ ਭਾਈਚਾਰੇ 'ਤੇ ਸਕਾਰਾਤਮਕ ਪ੍ਰਭਾਵ ਪਾਉਣ ਦੇ ਤਰੀਕੇ ਲੱਭਣ ਲਈ ਵਚਨਬੱਧ ਹਨ।

ਸਿੱਖ ਧਰਮ ਵਿੱਚ ਕਈ ਪਰੰਪਰਾਵਾਂ ਸ਼ਾਮਲ ਹਨ: "ਵਿਸ਼ਵਾਸ ਦੇ ਲੇਖ ਅਤੇ ਸਿੱਖਾਂ ਦੁਆਰਾ ਪਹਿਨੀ ਜਾਣ ਵਾਲੀ ਦਸਤਾਰ ਇਹ ਯਕੀਨੀ ਬਣਾਉਂਦੀ ਹੈ ਕਿ ਉਹ ਹਮੇਸ਼ਾਂ ਉਹਨਾਂ ਨੂੰ ਇਕ ਵੱਖਰਾਂ, ਮਾਣ ਸਤਿਕਾਰ ਦਿੰਦੀ ਹੈ। ਸਿੱਖ ਪਛਾਣ ਨੂੰ ਵੱਖਰਾ ਖੜ੍ਹਾ ਕਰਨ ਅਤੇ ਸਿੱਖਾਂ ਨੂੰ ਨਿਆਂ ਅਤੇ ਕੈਨੇਡੀਅਨ ਹੋਣ ਦਾ ਮਾਣ ਪ੍ਰਪਤ ਹੋਇਆ।

ਕੈਨੇਡਾ ਵਿੱਚ ਅਮੀਰ ਸਿੱਖ ਇਤਿਹਾਸ ਮੇਰੇ ਲਈ ਬਹੁਤ ਨਿੱਜੀ ਹੈ ਕਿਉਂਕਿ ਇਹ ਕੈਨੇਡਾ ਵਿੱਚ ਮੇਰੇ ਆਪਣੇ 33 ਸਾਲਾਂ ਅਤੇ ਮੇਰੇ ਨਿੱਜੀ ਸਫ਼ਰ ਅਤੇ ਅਨੁਭਵ ਨੂੰ ਵੀ ਦਰਸਾਉਂਦਾ ਹੈ।

ਕੈਨੇਡੀਅਨ ਚਾਰਟਰ ਆਫ਼ ਰਾਈਟਸ ਇਹ ਯਕੀਨੀ ਬਣਾਉਂਦਾ ਹੈ ਕਿ ਮੈਨੂੰ ਆਪਣੇ ਸਿਰ 'ਤੇ ਪੱਗ ਬੰਨ੍ਹਣ ਅਤੇ ਚਿਹਰੇ 'ਤੇ ਲੰਬੀ ਦਾੜ੍ਹੀ ਰੱਖਣ ਦਾ ਅਧਿਕਾਰ ਹੈ, ਨਾਲ ਹੀ ਮੈਨੂੰ ਆਪਣੇ ਸਰੀਰ 'ਤੇ ਕੇਸ਼ , ਕੜਾ ਸਮੇਤ ਮੇਰੇ ਸਰੀਰ 'ਤੇ ਪੰਜ ਕਕਾਰ ਪਹਿਨਣ ਦੀ ਇਜਾਜ਼ਤ ਦਿੰਦਾ ਹੈ। ਜੋ ਸਿੱਖ ਵਿਰਾਸਤੀ ਮਹੀਨੇ ਦੌਰਾਨ ਮਨਾਉਣ ਅਤੇ ਯਾਦ ਰੱਖਣ ਯੋਗ ਹੈ।

# ਗਲੋਬਲ ਮਹਾਂਮਾਰੀ ਅਤੇ ਸ਼ਹਿਰੀ ਵਿਕਾਸ



ਸ਼ਹਿਰਾਂ ਨੂੰ ਸਭਿਅਤਾ ਦੇ ਵਿਕਾਸ ਦਾ ਸ਼ੀਸ਼ਾ ਮੰਨਿਆ ਜਾਂਦਾ ਹੈ। ਹਰ ਦੇਸ਼ ਆਪਣੇ ਵੱਡੇ, ਵਿਸ਼ੇਸ਼ਤਾ ਨਾਲ ਭਰਪੂਰ ਸ਼ਹਿਰਾਂ ਨੂੰ ਦੁਨੀਆ ਦੇ ਸਾਹਮਣੇ ਬਹੁਤ ਸਾਰੀਆਂ ਚਮਕ-ਦਮਕ ਨਾਲ ਪੇਸ਼ ਕਰਦਾ ਹੈ।

ਵਿਸ਼ਵਵਿਆਪੀ ਮਹਾਂਮਾਰੀ ਦੇ ਯੁੱਗ ਨੇ ਇਸ ਧਾਰਨਾ ਨੂੰ ਤੋੜ ਦਿੱਤਾ ਹੈ ਕਿ ਅਸਲ ਵਿਕਾਸ ਸ਼ਹਿਰਾਂ ਵਿੱਚ ਹੈ। ਇਹ ਉਹ ਹਾਲਾਤ ਹਨ ਜਦੋਂ ਪਿਛਲੇ ਪੰਜ ਸਾਲਾਂ ਤੋਂ ਦੇਸ਼ ਦੇ ਚੁਣੇ ਹੋਏ ਸੌ ਸ਼ਹਿਰਾਂ ਨੂੰ ਹਰ ਨਜ਼ਰੀਏ ਤੋਂ ਸਮਾਰਟ ਸਿਟੀ ਬਣਾਉਣ ਦੀ ਮੁਹਿੰਮ ਚੱਲ ਰਹੀ ਹੈ। ਇਸ ਲਈ, ਸਵਾਲ ਇਹ ਉੱਠਦਾ ਹੈ ਕਿ ਕੀ ਕੋਈ ਮਹਾਂਮਾਰੀ ਸਾਡੇ ਸ਼ਹਿਰਾਂ, ਜੋ ਕਿ ਸਾਧਨਾਂ ਅਤੇ ਸ਼ਾਨਦਾਰ ਬੁਨਿਆਦੀ ਢਾਂਚੇ ਦੇ ਨਾਲ ਆਦਰਸ਼ ਮਾਡਲ ਮੰਨੇ ਜਾਂਦੇ ਹਨ, ਤੱਕ ਪੈਦਲ ਪਹੁੰਚ ਸਕਦੀ ਹੈ?

ਸ਼ਹਿਰਾਂ ਨੂੰ ਸਭਿਅਤਾ ਦੇ ਵਿਕਾਸ ਦਾ ਸ਼ੀਸ਼ਾ ਮੰਨਿਆ ਜਾਂਦਾ ਹੈ। ਹਰ ਦੇਸ਼ ਆਪਣੇ ਵੱਡੇ, ਵਿਸ਼ੇਸ਼ਤਾ ਨਾਲ ਭਰਪੂਰ ਸ਼ਹਿਰਾਂ ਨੂੰ ਦੁਨੀਆ ਦੇ ਸਾਹਮਣੇ ਬਹੁਤ ਸਾਰੀਆਂ ਚਮਕ-ਦਮਕ ਨਾਲ ਪੇਸ਼ ਕਰਦਾ ਹੈ। ਵੱਡੇ ਸ਼ਹਿਰ ਸਿਰਫ਼ ਬਾਹਰੀ ਲੋਕਾਂ ਲਈ ਹੀ ਨਹੀਂ, ਦੇਸ਼ ਦੇ ਅੰਦਰ ਵੀ ਖਿੱਚ ਦਾ ਕੇਂਦਰ ਹਨ। ਉਹ ਰੁਜ਼ਗਾਰ ਪ੍ਰਦਾਨ ਕਰਦੇ ਹਨ। ਉੱਥੇ ਉਪਲਬਧ ਸਹੂਲਤਾਂ ਨਾਲ ਜੀਵਨ ਆਸਾਨ ਹੋ ਜਾਂਦਾ ਹੈ। ਪਰ ਕੋਰੋਨਾ ਮਹਾਂਮਾਰੀ ਨੇ ਇਨ੍ਹਾਂ ਧਾਰਨਾਵਾਂ ਨੂੰ ਬਦਲ ਦਿੱਤਾ ਹੈ। ਇਸ ਨੇ ਸ਼ਹਿਰਾਂ ਦੀ ਸ਼ਾਨ ਖੋਹ ਲਈ ਹੈ।

ਸਥਿਤੀ ਇਹ ਹੈ ਕਿ ਮਹਾਂਮਾਰੀ ਦੇ ਦੌਰ ਵਿੱਚ ਅਮਰੀਕਾ ਤੋਂ ਚੀਨ ਤੱਕ ਦੇ ਵੱਡੇ ਸ਼ਹਿਰਾਂ ਦੀ ਸ਼ਾਨ ਫਿੱਕੀ ਪੈ ਗਈ ਹੈ। ਚੀਨ ਦੇ ਪੰਜ ਵੱਡੇ ਸ਼ਹਿਰ ਅਜੇ ਵੀ ਸਖ਼ਤ ਤਾਲਾਬੰਦੀ ਦਾ ਸਾਹਮਣਾ ਕਰ ਰਹੇ ਹਨ। ਇਕ ਰਿਪੋਰਟ ਮੁਤਾਬਕ ਪਿਛਲੇ ਡੇਢ ਸਾਲ 'ਚ ਅਮਰੀਕਾ ਦੇ ਵੱਡੇ ਸ਼ਹਿਰਾਂ 'ਚ ਰਹਿਣ ਵਾਲੇ ਲੱਖਾਂ ਲੋਕਾਂ ਨੇ ਸ਼ਹਿਰਾਂ ਨੂੰ ਅਲਵਿਦਾ ਕਹਿ ਦਿੱਤਾ ਹੈ। ਸਵਾਲ ਇਹ ਹੈ ਕਿ ਸ਼ਹਿਰੀ ਵਿਕਾਸ ਅੰਦਰੋਂ ਇੰਨਾ ਖੋਖਲਾ ਕਿਵੇਂ ਹੋ ਗਿਆ ਹੈ ਕਿ ਇਹ ਮਹਾਂਮਾਰੀ ਦੇ ਲੰਬੇ ਸਮੇਂ ਤੱਕ ਵੀ ਸਹਿਣ ਦੇ ਸਮਰੱਥ ਨਹੀਂ ਹੈ।

ਰੂਸ-ਯੂਕਰੇਨ ਯੁੱਧ ਦਰਮਿਆਨ ਸ਼ੰਘਾਈ ਸਮੇਤ ਚੀਨ ਦੇ ਪੰਜ ਵੱਡੇ ਸ਼ਹਿਰਾਂ 'ਚ ਪੂਰਨ ਪਾਬੰਦੀ ਕਾਰਨ ਦੁਨੀਆ ਭਰ 'ਚ ਦਹਿਸ਼ਤ ਦਾ ਮਾਹੌਲ ਹੈ। ਕਿਹਾ ਜਾ ਰਿਹਾ ਹੈ ਕਿ ਇਸ ਨਾਲ ਤੇਲ ਦੀ ਮੰਗ ਘਟ ਸਕਦੀ ਹੈ। ਕਿਉਂਕਿ ਚੀਨ ਵੀ ਭਾਰਤ ਵਾਂਗ ਤੇਲ ਦਰਾਮਦ ਕਰਨ ਵਾਲਾ ਵੱਡਾ ਦੇਸ਼ ਹੈ। ਇਹ ਦੇਸ਼ ਹਰ ਰੋਜ਼ 10 ਮਿਲੀਅਨ ਬੈਰਲ ਤੇਲ ਖਰੀਦਦਾ ਹੈ। ਅਜਿਹੇ 'ਚ ਤੇਲ ਦੀਆਂ ਵਧਦੀਆਂ ਕੀਮਤਾਂ ਇਕ ਪਲ 'ਚ ਹੇਠਾਂ ਆ ਸਕਦੀਆਂ ਹਨ। ਦਾਅਵਾ ਕੀਤਾ ਗਿਆ ਸੀ ਕਿ ਚੀਨ ਵਿੱਚ ਕੋਰੋਨਾ ਦੇ ਨਵੇਂ ਅੰਕੜੇ 65 ਹਜ਼ਾਰ ਦੇ ਨੇੜੇ ਪਹੁੰਚ ਗਏ ਹਨ।

ਅਜਿਹੇ ਵਿੱਚ ਪੰਜ ਸ਼ਹਿਰਾਂ ਵਿੱਚ ਮੁਕੰਮਲ ਪਾਬੰਦੀ ਲਗਾ ਕੇ ਸਥਿਤੀ ਨੂੰ ਸੰਭਾਲਣ ਦੀ ਕੋਸ਼ਿਸ਼ ਕੀਤੀ ਗਈ। ਇਸਦੀ ਜ਼ੀਰੋ ਕੋਵਿਡ ਨੀਤੀ ਸ਼ਹਿਰਾਂ ਵਿੱਚ ਫੇਲ੍ਹ ਹੋ ਗਈ ਹੈ, ਜੋ ਕਿ ਆਪਣੇ ਆਪ ਵਿੱਚ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਹੈ। ਮਰੀਜ਼ਾਂ ਦੀ ਵਧਦੀ ਗਿਣਤੀ ਕਾਰਨ ਚੀਨ ਦੇ ਸ਼ਹਿਰੀ ਹਸਪਤਾਲਾਂ ਵਿੱਚ ਥਾਂ ਨਹੀਂ ਬਚੀ ਹੈ। ਗੱਲ ਸਿਰਫ ਚੀਨ ਦੀ ਹੀ ਨਹੀਂ, ਅਮਰੀਕੀ ਸ਼ਹਿਰਾਂ ਦੀ ਹਾਲਤ ਵੀ ਬਹੁਤ ਖਰਾਬ ਹੈ। ਅਮਰੀਕੀ ਜਨਗਣਨਾ ਦੇ ਨਵੇਂ ਅੰਕੜੇ ਦਰਸਾਉਂਦੇ ਹਨ ਕਿ ਸਾਲ 2020-2021 ਦੌਰਾਨ ਲੱਖਾਂ ਲੋਕ ਵੱਡੇ ਅਮਰੀਕੀ ਸ਼ਹਿਰਾਂ ਤੋਂ ਛੋਟੇ ਸ਼ਹਿਰਾਂ ਵਿੱਚ ਚਲੇ ਗਏ। ਨਿਊਯਾਰਕ ਇਹਨਾਂ ਵਿੱਚੋਂ ਪਹਿਲਾ ਸੀ। ਇਸ ਸ਼ਹਿਰ ਦੇ 1.25 ਲੱਖ ਤੋਂ ਵੱਧ ਨਾਗਰਿਕ ਦੂਜੇ ਖੇਤਰਾਂ ਵਿੱਚ ਰਹਿਣ ਲਈ ਚਲੇ ਗਏ।




ਮਰਦਮਸ਼ੁਮਾਰੀ ਦੇ ਅੰਕੜੇ ਨਿਊਯਾਰਕ ਦੀ ਆਬਾਦੀ ਵਿੱਚ ਮਹੱਤਵਪੂਰਨ ਗਿਰਾਵਟ ਨੂੰ ਦਰਸਾਉਂਦੇ ਹਨ, ਜਿਸ ਨੂੰ ਇੱਕ ਵੱਡੀ ਚਿੰਤਾ ਮੰਨਿਆ ਜਾਂਦਾ ਹੈ। ਇਸੇ ਤਰ੍ਹਾਂ ਲਾਸ ਏਂਜਲਸ ਦੀ ਆਬਾਦੀ ਢਾਈ ਲੱਖ ਘੱਟ ਗਈ ਹੈ। ਲਗਭਗ 10 ਲੱਖ ਲੋਕ ਸ਼ਿਕਾਗੋ ਤੋਂ ਹੋਰ ਥਾਵਾਂ 'ਤੇ ਚਲੇ ਗਏ। ਲਗਭਗ ਤੀਹ ਹਜ਼ਾਰ ਲੋਕ ਰਾਜਧਾਨੀ ਵਾਸ਼ਿੰਗਟਨ ਤੋਂ ਭੱਜ ਗਏ। ਮੈਟਰੋ ਸ਼ਹਿਰਾਂ ਦੀ ਇਹ ਬੇਰੁਖ਼ੀ ਦੁਨੀਆ ਦੇ ਹੋਰ ਦੇਸ਼ਾਂ ਵਿੱਚ ਵੀ ਦੇਖਣ ਨੂੰ ਮਿਲ ਰਹੀ ਹੈ। ਹਾਲਾਂਕਿ, ਭਾਰਤ ਵਿੱਚ ਜਨਗਣਨਾ ਦੇ ਨਵੇਂ ਅੰਕੜੇ ਅਜੇ ਉਪਲਬਧ ਨਹੀਂ ਹਨ। ਪਰ ਅੰਦਾਜ਼ਾ ਹੈ ਕਿ ਇੱਥੇ ਵੀ ਲੋਕ ਵੱਡੇ ਸ਼ਹਿਰਾਂ ਤੋਂ ਛੋਟੇ ਕਸਬਿਆਂ ਵੱਲ ਕੂਚ ਕਰ ਗਏ ਹਨ।

ਕਰੋਨਾ ਮਹਾਮਾਰੀ ਕਾਰਨ ਪਿਛਲੇ ਦੋ ਸਾਲਾਂ ਵਿੱਚ ਹਾਲਾਤ ਅਜਿਹੇ ਬਣ ਗਏ ਹਨ ਕਿ ਹੁਣ ਕੋਈ ਵੀ ਵੱਡੇ ਸ਼ਹਿਰਾਂ ਵਿੱਚ ਨਹੀਂ ਜਾਣਾ ਚਾਹੁੰਦਾ। ਰਾਜਧਾਨੀ ਦਿੱਲੀ ਅਤੇ ਵਿੱਤੀ ਰਾਜਧਾਨੀ ਮੁੰਬਈ ਤੋਂ ਲੈ ਕੇ ਜ਼ਿਆਦਾਤਰ ਵੱਡੇ ਸ਼ਹਿਰਾਂ ਅਤੇ ਮਹਾਨਗਰਾਂ ਤੱਕ ਲੋਕਾਂ ਨੂੰ ਬੁਰੀ ਤਰ੍ਹਾਂ ਨਿਰਾਸ਼ ਕੀਤਾ ਗਿਆ ਹੈ। ਵਿਸ਼ਵਵਿਆਪੀ ਮਹਾਂਮਾਰੀ ਦੇ ਯੁੱਗ ਨੇ ਇਸ ਧਾਰਨਾ ਨੂੰ ਤੋੜ ਦਿੱਤਾ ਹੈ ਕਿ ਅਸਲ ਵਿਕਾਸ ਸ਼ਹਿਰਾਂ ਵਿੱਚ ਹੈ।

ਇਹ ਉਹ ਹਾਲਾਤ ਹਨ ਜਦੋਂ ਪਿਛਲੇ ਪੰਜ ਸਾਲਾਂ ਤੋਂ ਦੇਸ਼ ਦੇ ਚੁਣੇ ਹੋਏ ਸੌ ਸ਼ਹਿਰਾਂ ਨੂੰ ਹਰ ਨਜ਼ਰੀਏ ਤੋਂ ਸਮਾਰਟ ਸਿਟੀ ਬਣਾਉਣ ਦੀ ਮੁਹਿੰਮ ਚੱਲ ਰਹੀ ਹੈ। ਇਸ ਲਈ ਸਵਾਲ ਇਹ ਪੈਦਾ ਹੁੰਦਾ ਹੈ ਕਿ ਕੀ ਕੋਈ ਮਹਾਂਮਾਰੀ ਸਾਡੇ ਸ਼ਹਿਰਾਂ, ਜੋ ਰੁਜ਼ਗਾਰ ਤੋਂ ਲੈ ਕੇ ਸਿੱਖਿਆ-ਸਿਹਤ ਤੱਕ, ਸਾਧਨਾਂ ਅਤੇ ਵਧੀਆ ਬੁਨਿਆਦੀ ਢਾਂਚੇ ਦੇ ਨਾਲ ਆਦਰਸ਼ ਮਾਡਲ ਮੰਨੇ ਜਾਂਦੇ ਹਨ, ਤੱਕ ਪੈਦਲ ਜਾ ਸਕਦੀ ਹੈ? ਖਾਸ ਤੌਰ 'ਤੇ ਭਾਰਤ ਦੀ ਗੱਲ ਕਰੀਏ ਤਾਂ ਸਵਾਲ ਇਹ ਉੱਠਦਾ ਹੈ ਕਿ ਕਿਤੇ ਅਜਿਹਾ ਤਾਂ ਨਹੀਂ ਹੈ ਕਿ ਕੋਵਿਡ-19 ਨੇ ਸ਼ਹਿਰਾਂ ਦੀਆਂ ਉਹ ਸਾਰੀਆਂ ਬਿਮਾਰੀਆਂ ਦਾ ਪਰਦਾਫਾਸ਼ ਕਰ ਦਿੱਤਾ ਹੈ, ਜੋ ਭ੍ਰਿਸ਼ਟਾਚਾਰ, ਲਾਪਰਵਾਹੀ ਅਤੇ ਪਛੜੇਪਣ ਕਾਰਨ ਲਾਇਲਾਜ ਹੋ ਗਈਆਂ ਹਨ।

ਜੇਕਰ ਅੰਕੜਿਆਂ 'ਤੇ ਨਜ਼ਰ ਮਾਰੀਏ ਤਾਂ ਪਿਛਲੇ ਸਾਲ ਦੇਸ਼ ਦੇ ਸਿਰਫ ਅੱਠ ਵੱਡੇ ਸ਼ਹਿਰਾਂ 'ਚ ਕੋਰੋਨਾ ਸੰਕਰਮਣ ਦੇ ਸੱਠ ਫੀਸਦੀ ਤੋਂ ਵੱਧ ਮਾਮਲੇ ਸਾਹਮਣੇ ਆਏ ਸਨ। ਇਨ੍ਹਾਂ ਵਿੱਚੋਂ ਅੱਧੇ ਮਾਮਲੇ ਚੋਟੀ ਦੇ ਚਾਰ ਮਹਾਨਗਰਾਂ - ਦਿੱਲੀ, ਮੁੰਬਈ, ਕੋਲਕਾਤਾ ਅਤੇ ਚੇਨਈ ਵਿੱਚ ਵੀ ਸਾਹਮਣੇ ਆਏ ਹਨ। ਸਾਲ 2021 ਦੇ ਪਹਿਲੇ ਚਾਰ-ਪੰਜ ਮਹੀਨਿਆਂ ਵਿੱਚ ਜੋ ਹਫੜਾ-ਦਫੜੀ ਮੱਚ ਗਈ ਸੀ, ਉਹ ਭੁੱਲਣ ਵਾਲੀ ਨਹੀਂ ਹੈ। ਅਹਿਮਦਾਬਾਦ, ਇੰਦੌਰ, ਪੁਣੇ ਅਤੇ ਜੈਪੁਰ ਵਰਗੇ ਸ਼ਹਿਰਾਂ 'ਚ ਸਥਿਤੀ ਨੂੰ ਸੰਭਾਲਿਆ ਨਹੀਂ ਜਾ ਰਿਹਾ ਸੀ।

ਜੇਕਰ ਪੁੱਛਿਆ ਜਾਵੇ ਕਿ ਅਜਿਹਾ ਕਿਉਂ ਹੋਇਆ ਤਾਂ ਕਾਰਨ ਬਹੁਤ ਸਪੱਸ਼ਟ ਹਨ। ਉਦਾਹਰਣ ਵਜੋਂ, ਆਜ਼ਾਦੀ ਤੋਂ ਬਾਅਦ ਸਿਹਤ ਖੇਤਰ ਦੀ ਲਗਾਤਾਰ ਅਣਦੇਖੀ ਅਤੇ ਰੁਜ਼ਗਾਰ ਲਈ ਆਬਾਦੀ ਦਾ ਸ਼ਹਿਰਾਂ ਵੱਲ ਪਰਵਾਸ, ਇਹ ਦੋ ਮਹੱਤਵਪੂਰਨ ਕਾਰਨ ਹਨ, ਸਾਡੇ ਜ਼ਿਆਦਾਤਰ ਸ਼ਹਿਰ ਕੋਰੋਨਾ ਦੇ ਸਾਹਮਣੇ ਬੇਵੱਸ ਹੋ ਗਏ ਹਨ। ਸ਼ਹਿਰਾਂ ਦੀ ਤਬਾਹੀ ਦੇ ਇਹ ਦੋ ਅਹਿਮ ਕਾਰਨ ਹਨ। ਪਰ ਇਹ ਕਹਾਣੀ ਇੱਥੇ ਹੀ ਖਤਮ ਨਹੀਂ ਹੁੰਦੀ। ਜੇ ਕੋਈ ਮਹਾਂਮਾਰੀ ਇੰਨੀ ਗੰਭੀਰ ਹੈ, ਤਾਂ ਸਰੋਤਾਂ ਦੀ ਕਮੀ ਹੋਣੀ ਲਾਜ਼ਮੀ ਹੈ, ਇਹ ਨਿਊਯਾਰਕ ਤੋਂ ਲੰਡਨ ਤੱਕ ਹੋਇਆ ਹੈ। ਇਹ ਸਮਝਣਾ ਪਵੇਗਾ ਕਿ ਸ਼ਹਿਰਾਂ ਵਿੱਚ ਦਿਖਾਈ ਦੇਣ ਵਾਲੀ ਇਸ ਤਬਾਹੀ ਦੀਆਂ ਜੜ੍ਹਾਂ ਬਹੁਤ ਡੂੰਘੀਆਂ ਹਨ ਅਤੇ ਇੱਥੇ ਲੰਮੇ ਸਮੇਂ ਤੋਂ ਘੁਸਪੈਠ ਕੀਤੀ ਹੋਈ ਹੈ।

ਕਰੀਬ ਡੇਢ ਦਹਾਕਾ ਪਹਿਲਾਂ 2007 ਵਿੱਚ ਦਿੱਲੀ ਵਿੱਚ ਹੋਈ ਇੱਕ ਕਾਨਫਰੰਸ ਵਿੱਚ ਸ਼ਾਮਲ ਹੋਏ ਸ਼ਹਿਰੀ ਯੋਜਨਾਕਾਰਾਂ ਅਤੇ ਮਾਹਿਰਾਂ ਨੇ ਇਸ ਰਲੇਵੇਂ ਵੱਲ ਉਂਗਲ ਉਠਾਈ। ਉਹ ਸਾਰੇ ਸਹਿਮਤ ਸਨ ਕਿ ਅਣਜਾਣੇ ਵਿੱਚ ਉੱਚੀਆਂ ਇਮਾਰਤਾਂ ਅਤੇ ਸ਼ੀਸ਼ੇ ਦੇ ਟਾਵਰਾਂ ਵਾਲੇ ਸ਼ਹਿਰਾਂ ਦੇ ਆਲੇ ਦੁਆਲੇ ਅਸਲ ਵਿੱਚ ਇੱਕ ਕਿਸਮ ਦਾ 'ਰਾਖਸ਼ ਅਤੇ ਅਣਮਨੁੱਖੀ' ਅਭਿਆਸ ਸੀ ਜੋ ਕਿਸੇ ਦਿਨ ਸ਼ਹਿਰਾਂ ਨੂੰ ਹਾਵੀ ਕਰ ਦੇਵੇਗਾ। ਉਸ ਸਮੇਂ ਉਸ ਦੇ ਸਾਹਮਣੇ ਵਾਇਰਸ ਫੈਲਣ ਵਾਲੀ ਮਹਾਂਮਾਰੀ ਦਾ ਕੋਈ ਸੰਕਟ ਨਹੀਂ ਸੀ, ਪਰ ਸਰੋਤਾਂ 'ਤੇ ਭਾਰੀ ਦਬਾਅ ਦਾ ਅੰਦਾਜ਼ਾ ਰੱਖਦੇ ਹੋਏ, ਉਸਨੇ ਇਹ ਜ਼ਰੂਰ ਕਿਹਾ ਸੀ ਕਿ ਜੇਕਰ ਭਵਿੱਖ ਦੇ ਸ਼ਹਿਰਾਂ ਨੂੰ ਬਣਾਉਣ ਦੀ ਇੱਛਾ ਹੈ, ਤਾਂ ਸਾਨੂੰ ਅਤੀਤ ਵੱਲ ਝਾਤੀ ਮਾਰਨੀ ਚਾਹੀਦੀ ਹੈ, ਜਦੋਂ ਜ਼ਮੀਨ ਉੱਤੇ ਬਣੇ ਇੱਕੋ ਮੰਜ਼ਲਿ ਦੇ ਮਕਾਨਾਂ ਵਿੱਚ ਲੋਕ ਥੋੜ੍ਹੀ ਦੂਰ ਰਹਿੰਦੇ ਸਨ।

ਅਸੀਂ ਇਸ ਤੱਥ ਨੂੰ ਨਜ਼ਰਅੰਦਾਜ਼ ਨਹੀਂ ਕਰ ਸਕਦੇ ਕਿ ਭਾਰਤ ਦੇ ਸ਼ਹਿਰਾਂ ਦੀ ਸਾਂਭ-ਸੰਭਾਲ ਇੰਨੀ ਮਾੜੀ ਹੈ। ਜਿਸ ਬੇਤਰਤੀਬੇ ਨਾਲ ਉਨ੍ਹਾਂ ਨੂੰ ਵਧਣ ਦਿੱਤਾ ਗਿਆ ਸੀ, ਉਸ ਦਾ ਨਤੀਜਾ ਅੱਜ ਕੋਰੋਨਾ ਦੇ ਭਿਆਨਕ ਪ੍ਰਕੋਪ ਵਿੱਚ ਹੋਇਆ ਹੈ। ਹੁਣ ਤੱਕ ਇਹ ਸ਼ਹਿਰ ਦੋ ਤਰ੍ਹਾਂ ਨਾਲ ਵਧੇ ਹਨ। ਇੱਕ ਪਾਸੇ ਪਹਿਲਾਂ ਤੋਂ ਹੀ ਵਸੇ ਹੋਏ ਇਲਾਕੇ ਅਤੇ ਤੰਗ ਗਲੀਆਂ ਅਤੇ ਨਾਲ ਲੱਗਦੇ ਘਰਾਂ ਵਿੱਚ ਲੋਕਾਂ ਦੀ ਭੀੜ ਇਕੱਠੀ ਹੋ ਗਈ। ਇਹ ਬਹੁਤ ਸੀਮਤ ਆਮਦਨ ਵਾਲੇ ਲੋਕ ਸਨ ਅਤੇ ਹਨ ਜੋ ਕਿ ਕਿਰਾਏ 'ਤੇ ਨਹੀਂ ਰਹਿ ਸਕਦੇ ਸਨ ਜਾਂ ਵਸੇਬੇ ਵਾਲੇ ਖੇਤਰਾਂ ਵਿੱਚ ਆਪਣੇ ਫਲੈਟ ਨਹੀਂ ਲੈ ਸਕਦੇ ਸਨ। ਦੂਸਰਾ ਸਮਾਜ ਉਹ ਹੈ ਜੋ ਕਿ ਜ਼ਮੀਨ ਦੀ ਘਾਟ ਕਾਰਨ ਸ਼ਹਿਰ ਤੋਂ ਦੂਰ ਇਲਾਕਿਆਂ ਵਿੱਚ ਬਣੀਆਂ ਬਹੁ-ਮੰਜ਼ਲਿਾ ਇਮਾਰਤਾਂ ਵਿੱਚ ਤਬਦੀਲ ਹੋ ਗਿਆ ਹੈ। ਇਨ੍ਹਾਂ ਦੋਹਾਂ ਕਾਰਨਾਂ ਕਰਕੇ ਸਾਡੇ ਸਮਾਜ ਅਤੇ ਸਮਾਜ ਦੇ ਸੰਕਲਪ ਨੂੰ ਡੂੰਘੀ ਸੱਟ ਵੱਜੀ ਹੈ।

ਸ਼ਹਿਰੀ ਯੋਜਨਾਬੰਦੀ ਦੇ ਸਬੰਧ ਵਿੱਚ, ਬਹੁਤੇ ਯੋਜਨਾਕਾਰ ਇਸ ਗੱਲ 'ਤੇ ਇੱਕਮਤ ਹਨ ਕਿ ਸਿਰਫ ਉੱਚੀਆਂ ਇਮਾਰਤਾਂ ਬਣਾਉਣ ਨਾਲ ਕੰਮ ਨਹੀਂ ਹੁੰਦਾ, ਸਗੋਂ ਇਸ ਲਈ ਸਮੁੱਚਾ ਢਾਂਚਾ ਪੱਛਮ ਵਾਂਗ ਹੀ ਬਣਾਉਣਾ ਪੈਂਦਾ ਹੈ। ਇਹ ਸੰਭਵ ਨਹੀਂ ਹੈ ਕਿ ਸ਼ਹਿਰਾਂ ਦੀ ਆਬਾਦੀ ਅਤੇ ਇਮਾਰਤਾਂ ਦੀ ਉਚਾਈ ਵਧਦੀ ਰਹੇ, ਪਰ ਹਸਪਤਾਲ, ਬਿਜਲੀ, ਪਾਣੀ, ਸੜਕਾਂ ਅਤੇ ਆਵਾਜਾਈ ਦੀਆਂ ਸਹੂਲਤਾਂ ਪਹਿਲਾਂ ਵਾਂਗ ਹੀ ਰਹਿਣ। ਇਸ ਨਾਲ ਇੱਕ ਵੱਡਾ ਵਿਰੋਧਾਭਾਸ ਪੈਦਾ ਹੋਵੇਗਾ ਅਤੇ ਅਜਿਹਾ ਬੇਢੰਗੇ ਵਿਕਾਸ ਸਾਨੂੰ ਹਾਵੀ ਕਰ ਦੇਵੇਗਾ। ਬੜੇ ਦੁੱਖ ਦੀ ਗੱਲ ਹੈ ਕਿ ਇਹ ਨਤੀਜੇ ਅੱਜ ਸਾਡੇ ਸਾਹਮਣੇ ਸਿੱਧੇ ਰੂਪ ਵਿਚ ਹੋ ਰਹੇ ਹਨ। ਚੰਗਾ ਹੋਵੇਗਾ ਕਿ ਸਮਾਜ ਦੇ ਯੋਜਨਾਕਾਰ ਅਤੇ ਸਰਕਾਰ ਇਕੱਠੇ ਬੈਠ ਕੇ ਇਸ ਬਾਰੇ ਸੋਚਣ ਕਿ ਉਨ੍ਹਾਂ ਸਾਰੇ ਰਲੇਵੇਂ ਨੂੰ ਕਿਵੇਂ ਦੂਰ ਕੀਤਾ ਜਾਵੇ ਜੋ ਉਨ੍ਹਾਂ ਦੀਆਂ ਰਗਾਂ ਵਿੱਚ ਰਗੜ ਚੁੱਕੇ ਹਨ ਅਤੇ ਇੱਕ ਨਹੀਂ ਬਲਕਿ ਅਣਗਿਣਤ ਮਹਾਂਮਾਰੀਆਂ ਦਾ ਕਾਰਨ ਬਣ ਚੁੱਕੇ ਹਨ।

*-ਵਿਜੈ ਗਰਗ*
*ਰਿਟਾਇਰਡ ਪ੍ਰਿੰਸੀਪਲ*
*ਮਲੋਟ।*



# ਖ਼ਬਰਾਂ ਪੰਜਾਬ ਦੀਆਂ

## ਕਾਰ ਤੋਂ ਉਤਰਦੀ ਔਰਤ ਦਾ ਪਰਸ ਝਪਟ ਕੇ ਲੁਟੇਰੇ ਲੈ ਗਏ

ਜਲੰਧਰ, 6 ਅਪ੍ਰੈਲ (ਪੋਸਟ ਬਿਊਰੋ)- ਕੱਲ੍ਹ ਰਾਤ ਲੁਧਿਆਣਾ ਤੋਂ ਕਾਰ ਵਿੱਚ ਮੁੜੇ ਡਾਕਟਰ ਜੋੜੇ ਨੂੰ ਮੋਟਰ ਸਾਈਕਲ ਸਵਾਰ ਲੁਟੇਰਿਆਂ ਨੇ ਘਰ ਦੇ ਬਾਹਰ ਉਸ ਸਮੇਂ ਨਿਸ਼ਾਨਾ ਬਣਾ ਲਿਆ ਜਦ ਉਹ ਟੈਗੋਰ ਨਗਰ ਸਥਿਤ ਘਰ ਦੇ ਬਾਹਰ ਕਾਰ ਪਾਰਕ ਕਰ ਰਹੇ ਸਨ। ਵਾਰਦਾਤ ਸੀ ਸੀ ਟੀ ਵੀ ਕੈਮਰੇ ਵਿੱਚ ਕੈਦ ਹੋ ਗਈ ਹੈ।

ਡਾਕਟਰ ਰਮੇਸ਼ ਕਪੂਰ ਨੇ ਦੱਸਿਆ ਕਿ ਸੋਮਵਾਰ ਸਵੇਰੇ ਉਹ ਲੁਧਿਆਣੇ ਕਿਸੇ ਕੰਮ ਗਏ ਸਨ, ਦੇਰ ਰਾਤ ਜਦ ਉਹ ਆਪਣੇ ਜਲੰਧਰ ਘਰਪਹੁੰਚੇ ਤਾਂ ਉਨ੍ਹਾਂ ਦੀ ਪਤਨੀ ਗੱਡੀ ਵਿੱਚੋਂ ਬਾਹਰ ਨਿਕਲੀ ਤਾਂ ਉਥੇ ਪਹਿਲਾਂ ਤੋਂ ਖੜ੍ਹੇ ਮੋਟਰ ਸਾਈਕਲ ਸਵਾਰ ਦੋ ਲੁਟੇਰੇ ਉਸ ਦਾ ਪਰਸ ਖੋਹ ਕੇ ਫਰਾਰ ਹੋ ਗਏ। ਪਰਸ ਵਿੱਚ 18 ਹਜ਼ਾਰ ਨਕਦੀ, ਇੱਕ ਗੋਲਡਨ ਵਾਚ ਤੇ ਹੋਰ ਜ਼ਰੂਰ ਸਾਮਾਨ ਸੀ। ਪੁਲਸ ਨੇ ਮੌਕੇ ਉੱਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ।

## ਮਜੀਠੀਆ ਦੀ ਅਦਾਲਤੀ ਹਿਰਾਸਤ ’ਚ ਵਾਧਾ



ਐਸ ਏ ਐਸ ਨਗਰ, 6 ਅਪ੍ਰੈਲ (ਪੋਸਟ ਬਿਊਰੋ)- ਪੰਜਾਬ ਦੇ ਬਹੁ-ਚਰਚਿਤ ਡਰੱਗਜ਼ ਕੇਸ ਵਿੱਚ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਕੇਸ ਦੀ ਸੁਣਵਾਈ ਮੁਹਾਲੀ ਦੇ ਅਡੀਸ਼ਨਲ ਜ਼ਿਲ੍ਹਾ ਅਤੇ ਸੈਸ਼ਨ ਜੱਜ ਦੀ ਅਦਾਲਤ ਵਿੱਚ ਹੋਈ ਤਾਂ ਅਦਾਲਤ ਨੇ 14 ਦਿਨਾਂ ਲਈ ਮਜੀਠੀਆ ਦੇ ਜੁਡੀਸ਼ਲ ਰਿਮਾਂਡ ਵਿੱਚ ਵਾਧਾ ਕਰਦਿਆਂ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਪੇਸ਼ ਹੋਣ ਲਈ ਕਿਹਾ ਹੈ। ਮਜੀਠੀਆ ਨੇ ਵੀਡੀਓ ਕਾਨਫਰੰਸ ਰਾਹੀਂ ਪੇਸ਼ੀ ਭੁਗਤੀ।

ਇਸ ਦੌਰਾਨ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਆਲ ਇਜ਼ ਨਾਟ ਵੈਲ, ਵਾਰ-ਵਾਰ ਇੱਕ ਤੋਂ ਦੂਜੀ ਥਾਂ ਵੱਲ ਤਬਦੀਲ ਕੀਤਾ ਜਾਂਦਾ ਹੈ। ਮਜੀਠੀਆ ਦੇ ਵਕੀਲਾਂ ਨੇ ਕੋਰਟਨੂੰ ਅਰਜ਼ੀ ਦਿੱਤੀ ਕਿ ਪਟਿਆਲਾ ਜੇਲ੍ਹ ਵਿੱਚ ਬਿਰਕਮ ਮਜੀਠੀਆ ਦੀ ਜਾਨ ਨੂੰ ਖ਼ਤਰਾ ਹੈ ਅਤੇ ਉਹ ਖ਼ਾਲਿਸਤਾਨੀ ਖਾੜਕੂਆ ਦੇ ਨਿਸ਼ਾਨੇ ਉੱਤੇ ਹਨ। ਇਸ ਅਰਜ਼ੀ ਵਿੱਚ ਕਿਹਾ ਗਿਆ ਹੈ ਕਿ ਮਜੀਠੀਆ ਨੂੰ ਗੈਂਗਸਟਰਾਂ ਤੋਂ ਵੀ ਧਮਕੀਆਂ ਮਿਲੀਆ ਹਨ। ਅਰਜ਼ੀ ਵਿੱਚ ਕਿਹਾ ਗਿਆ ਹੈ ਕਿ ਬੀਤੀ ਰਾਤ ਡੀ ਆਈ ਜੀ ਜੇਲ੍ਹਾਂ ਵੱਲੋਂ ਮਜੀਠੀਆ ਨੂੰ ਫਾਂਸੀ ਚੱਕੀ ਵਿੱਚ ਭੇਜਣ ਦੀ ਕੋਸ਼ਿਸ਼ ਕੀਤੀ ਗਈ, ਜਿੱਥੇ ਮੌਤ ਦੀ ਸਜ਼ਾ ਪ੍ਰਾਪਤ ਕੈਦੀਆਂ ਨੂੰ ਰੱਖਿਆ ਜਾਂਦਾ ਹੈ।ਜਿਸ ਪਿੱਛੋਂ ਮਜੀਠੀਆ ਨੂੰ ਜੋਰਾ ਚੱਕੀ ਵਿੱਚ ਤਬਦੀਲ ਕਰ ਦਿੱਤਾ ਗਿਆ ਜੋ ਫਾਂਸੀ ਚੱਕੀ ਦੇ ਬਿਲਕੁਲ ਨਾਲ ਹੈ। ਅਰਜ਼ੀ ਵਿੱਚ ਕਿਹਾ ਗਿਆ ਹੈ ਕਿ ਜਿਸ ਬੈਰਕ ਵਿੱਚ ਮਜੀਠੀਆ ਨੂੰ ਰੱਖਿਆ ਗਿਆ ਹੈ ਉਥੇ ਉਨ੍ਹਾਂ ਦੀ ਜਾਨ ਨੂੰ ਖ਼ਤਰਾ ਹੈ। ਇਸ ਲਈ ਉਨ੍ਹਾਂ ਨੂੰ ਪਹਿਲਾਂ ਵਾਲੀ ਬੈਰਕ ਵਿੱਚ ਵਾਪਸ ਭੇਜਿਆ ਜਾਵੇ।

## ਮੌੜ ਮੰਡੀ ਬੰਬ ਧਮਾਕਾ ਕੇਸ ਵਿੱਚ ਸਰਕਾਰ ਨੇ ਫੇਰ ਸਮਾਂ ਮੰਗਿਆ

ਚੰਡੀਗੜ੍ਹ, 6 ਅਪ੍ਰੈਲ (ਪੋਸਟ ਬਿਊਰੋ)- ਪੰਜਾਬ ਵਿਧਾਨ ਸਭਾ ਚੋਣਾਂ 2017 ਤੋਂ ਪਹਿਲਾਂ ਬਠਿੰਡਾ ਦੇ ਮੌੜ ਮੰਡੀ ਵਿਖੇ ਇੱਕ ਚੋਣ ਰੈਲੀ ਵਾਲੀ ਥਾਂ ਉੱਤੇ ਹੋਏ ਬੰਬ ਧਮਾਕੇ ਦੇ ਕੇਸ ਵਿੱਚ ਸਰਕਾਰ ਨੇ ਜਵਾਬ ਲਈ ਫੇਰ ਸਮਾਂ ਮੰਗ ਲਿਆ ਹੈ। ਇਸ ਦੀ ਜਾਂਚ ਸੀ ਬੀ ਆਈ ਕੋਲੋਂ ਕਰਵਾਉਣ ਦੀ ਮੰਗ ਬਾਰੇ ਇੱਕ ਲੋਕਹਿੱਤ ਪਟੀਸ਼ਨ ਉੱਤੇ ਸਰਕਾਰ ਨੇ ਇਹ ਕਿਹਾ ਸੀ ਕਿ ਵਿਸ਼ੇਸ਼ ਜਾਂਚ ਟੀਮ ਬਣਾਈ ਹੋਈ ਹੈ ਤੇ ਜਾਂਚ ਸੀ ਬੀ ਆਈ ਨੂੰ ਦੇਣ ਦੀ ਕੋਈ ਲੋੜ ਨਹੀਂ ਹੈ।



ਹਾਈ ਕੋਰਟ ਨੇ ਸਰਕਾਰ ਦੀ ਜਾਂਚ ਬਾਰੇ ਸਥਿਤੀ ਰਿਪੋਰਟ ਉੱਤੇ ਸੰਤੁਸ਼ਟੀ ਪ੍ਰਗਟਾਈ ਸੀ ਪਰ ਪਟੀਸ਼ਨਰ ਨੂੰ ਛੋਟ ਦਿੱਤੀ ਸੀ ਕਿ ਜੇ ਉਸ ਦੀ ਸੰਤੁਸ਼ਟੀ ਨਾ ਹੋਈ ਤਾਂ ਉਹ ਮੁੜ ਹਾਈ ਕੋਰਟ ਆ ਕਰ ਸਕਦਾ ਹੈ। ਇਸ ਕੇਸ ਵਿੱਚ ਪੰਜਾਬ ਸਰਕਾਰ ਦੀ ਵਿਸ਼ੇਸ਼ ਜਾਂਚ ਟੀਮ (ਐੱਸ ਆਈ ਟੀ) ਨੇ ਕਿਹਾ ਸੀ ਕਿ ਕੋਈ ਦੋਸ਼ੀ ਨਹੀਂ ਫੜਿਆ ਜਾ ਸਕਿਆ ਹੈ ਤੇ ਜਦੋਂ ਕੋਈ ਫੜਿਆ ਗਿਆ ਤਾਂ ਅਗਲੀ ਕਾਰਵਾਈ ਕੀਤੀ ਜਾਵੇਗੀ। ਇਸੇ ਉੱਤੇ ਪਟੀਸ਼ਨਰ ਨੇ ਮੁੜ ਹਾਈ ਕੋਰਟ ਪਹੁੰਚ ਕੀਤੀ ਸੀ ਕਿ ਇਹ ਕੇਸ ਨੂੰ ਠੰਢੇ ਬਸਤੇ ਵਿੱਚ ਪਾਉਣ ਦੀ ਕੋਸ਼ਿਸ਼ ਹੈ ਤੇ ਪਿਛਲੇ ਕੇਸ ਨੂੰ ਮੁੜ ਖੋਲ੍ਹਿਆ ਜਾਵੇ। ਹਾਈ ਕੋਰਟ ਨੇ ਅਰਜ਼ੀ ਮਨਜ਼ੂਰ ਕਰਦਿਆਂ ਪੁਰਾਣੀ ਪਟੀਸ਼ਨ, ਜਿਸ ਵਿੱਚ ਕੇਸ ਦੀ ਜਾਂਚ ਸੀ ਬੀ ਆਈ ਨੂੰ ਦੇਣ ਦੀ ਮੰਗ ਕੀਤੀ ਗਈ ਸੀ, ਉੱਤੇ ਮੁੜ ਸੁਣਵਾਈ ਸ਼ੁਰੂ ਕੀਤੀ ਸੀ, ਪਰ ਕੱਲ੍ਹ ਸਰਕਾਰ ਨੇ ਜਵਾਬ ਲਈ ਸਮਾਂ ਮੰਗ ਲਿਆ।

## ਨਾਜਾਇਜ਼ ਕਾਲੋਨੀਆਂ ਦੀਆਂ ਰਜਿਸਟਰੀਆਂ ਉੱਤੇ ਹਾਈ ਕੋਰਟ ਵੱਲੋਂ ਰੋਕ

ਲੁਧਿਆਣਾ, 6 ਅਪ੍ਰੈਲ (ਪੋਸਟ ਬਿਊਰੋ)- ਪੰਜਾਬ ਵਿੱਚ ਪਿਛਲੇ ਕੁਝ ਸਾਲਾਂ ਦੇ ਅੰਦਰ ਅੰਨ੍ਹੇਵਾਹ ਤੇ ਸਾਰੇ ਨਿਯਮਾਂ ਦੀਆਂ ਧੱਜੀਆਂ ਉਡਾਉਂਦੇ ਹੋਏ ਕੱਟੀਆਂ ਗਈਆਂ ਨਾਜਾਇਜ਼ ਕਾਲੋਨੀਆਂ ਬਾਰੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਫੈਸਲਾ ਰਾਖਵਾਂ ਰੱਖਦੇ ਹੋਏ ਅਜਿਹੀਆਂ ਕਾਲੋਨੀਆਂ ਦੇ ਪਲਾਟਾਂ ਦੀਆਂ ਰਜਿਸਟਰੀਆਂ ਉੱਤੇ ਅਗਲੇ ਹੁਕਮਾਂ ਤਕ ਰੋਕ ਲਾਦਿੱਤੀ ਹੈ।ਇਸ ਨਾਲ ਰੀਅਲ ਅਸਟੇਟ ਕਾਰੋਬਾਰ ਨੂੰ ਧੱਕਾ ਲੱਗ ਸਕਦਾ ਹੈ।




ਵਰਨਣ ਯੋਗ ਹੈ ਕਿ ਸੂਬੇ ਵਿੱਚ ਸਿਆਸੀ ਦਖ਼ਲ ਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੀ ਮਿਲੀਭੁਗਤ ਕਾਰਨ ਪਿਛਲੇ ਕੁਝ ਸਾਲਾਂ ਦੇ ਅੰਦਰ ਹਜ਼ਾਰਾਂ ਨਾਜਾਇਜ਼ ਕਾਲੋਨੀਆਂ ਕੱਟੀਆਂ ਗਈਆਂ ਹਨ। ਕਾਲੋਨਾਈਜ਼ਰਾਂ ਨੇ ਨਿਯਮਾਂ ਦੀਆਂ ਧੱਜੀਆਂ ਉਡਾ ਕੇ ਨਾ ਸਿਰਫ਼ ਸਰਕਾਰ ਦੇ ਰੈਵੇਨਿਊ ਨੂੰ ਕਰੋੜਾਂ ਦਾ ਚੂਨਾ ਲਾਇਆ, ਸਗੋਂ ਮਾਸਟਰ ਪਲਾਨ ਦੀ ਖੁੱਲ੍ਹ ਕੇ ਉਲੰਘਣਾ ਕੀਤੀ ਹੈ।ਇਸ ਦੌਰਾਨ ਪਿਛਲੀ ਸਰਕਾਰ ਨੇ ਅਦਾਲਤੀ ਕਾਰਵਾਈ ਦੌਰਾਨ ਇਸ ਦਾ ਭਰੋਸਾ ਦਿੱਤਾ ਸੀ ਕਿ ਸੂਬੇ ਵਿੱਚ ਨਾਜਾਇਜ਼ ਕਾਲੋਨੀਆਂ ਦੇ ਪਲਾਟਾਂ ਦੀਆਂ ਰਜਿਸਟੀਆਂ ਉੱਤੇ ਰੋਕ ਲਾ ਦਿੱਤੀ ਹੈ। ਇਸ ਤੋਂ ਬਾਅਦ ਸਰਕਾਰ ਨੇ ਸਬੰਧਤ ਵਿਭਾਗ ਤੋਂ ਐਨ ਓ ਸੀ ਲੈਣ ਪਿਛੋਂ ਰਜਿਸਟਰੀ ਕਰਨ ਦਾ ਨਿਯਮ ਲਾਗੂ ਕੀਤਾ ਸੀ।ਕੱਲ੍ਹ ਮੁੜ ਪਟੀਸ਼ਨਦੀ ਸੁਣਵਾਈ ਰੱਖੀ ਗਈ ਸੀ, ਜਿਸ ਵਿੱਚ ਸਰਕਾਰ ਵੱਲੋਂ ਭੇਜੇ ਅਧਿਕਾਰੀਆਂ ਨੇ ਅਦਾਲਤ ਨੂੰ ਅਪੀਲ ਕੀਤੀ ਸੀ ਕਿ ਉਨ੍ਹਾਂ ਨੂੰ ਜਵਾਬ ਦਾਇਰ ਕਰਨ ਲਈ ਅਜੇ ਸਮਾਂ ਦਿੱਤਾ ਜਾਵੇ, ਜਿਸ ਉੱਤੇ ਅਦਾਲਤ ਨੇ ਸਰਕਾਰ ਨੂੰ ਸਮਾਂ ਦਿੰਦੇ ਹੋਏ 11 ਅਪ੍ਰੈਲ ਤਕ ਅਜਿਹੀਆਂ ਰਜਿਸਟਰੀਆਂ ਦੀ ਰਜਿਸਟ੍ਰੇਸ਼ਨ ਉੱਤੇ ਰੋਕ ਲਗਾਉਣ ਦੇ ਹੁਕਮ ਦਿੱਤੇ ਹਨ।

## ਅਕਾਲੀ ਦਲ ਸੰਯੁਕਤ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਾਂ ਉਤੇ ਸਵਾਲ ਚੁੱਕੇ

ਸੰਗਰੂਰ, 6 ਅਪ੍ਰੈਲ (ਪੋਸਟ ਬਿਊਰੋ)- ਸ਼੍ਰੋਮਣੀ ਅਕਾਲੀ ਦਲ ਸੰਯੁਕਤ ਨਾਲ ਸਬੰਧਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰਾਂ ਅਤੇ ਧਰਮ ਪ੍ਰਚਾਰ ਕਮੇਟੀ ਮੈਂਬਰਾਂ ਨੇ ਸ਼੍ਰੋਮਣੀ ਕਮੇਟੀ ਦੇ ਮਾੜੇ ਪ੍ਰਬੰਧਾਂ ਖਿਲਾਫ ਪੰਥਕ ਲਹਿਰ ਉਸਾਰਨ ਲਈ ਪੰਜਾਬ ਭਰ ਵਿੱਚ ਮੀਟਿੰਗਾਂ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਨੇ ਗੁਰੂ ਗ੍ਰੰਥ ਸਾਹਿਬ ਦੇ 328 ਪਾਵਨ ਸਰੂਪਾਂ ਦੇ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ ਦੀ ਢਿੱਲੀ ਪੈਰਵੀ ਉੱਤੇਵੀ ਸਵਾਲ ਖੜ੍ਹੇ ਕੀਤੇ ਹਨ।



ਪਾਰਟੀ ਦੇ ਸੀਨੀਅਰ ਆਗੂ ਸੁਖਦੇਵ ਸਿੰਘ ਢੀਂਡਸਾ ਦੇ ਘਰ ਹੋਈ ਮੀਟਿੰਗ ਮਗਰੋਂ ਸ਼੍ਰੋਮਣੀ ਕਮੇਟੀ ਮੈਂਬਰਾਂ ਮਿੱਠੂ ਸਿੰਘ ਕਾਹਨੇਕੇ, ਹਰਦੇਵ ਸਿੰਘ, ਮਲਕੀਤ ਸਿੰਘ ਚੰਗਾਲ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਰਾਮਪਾਲ ਸਿੰਘ ਬਹਿਣੀਵਾਲ ਤੇ ਮਨਜੀਤ ਸਿੰਘ ਬੱਪੀਆਣਾ ਨੇ ਕਿਹਾ ਕਿ ਗੁੰਮ-ਸ਼ੁਦਾ ਪਾਵਨ ਸਰੂਪਾਂ ਦੇ ਕੇਸ ਵਿੱਚ ਹਾਈ ਕੋਰਟ ਨੇ ਸਬੂਤਾਂ ਦੀ ਘਾਟ ਕਾਰਨ ਸ਼੍ਰੋਮਣੀ ਕਮੇਟੀ ਦੇ ਤਿੰਨ ਮੁਲਾਜ਼ਮਾਂ ਨੂੰ ਬਰੀ ਕਰ ਕੇ ਸੇਵਾਵਾਂ ਬਹਾਲ ਕਰ ਦਿੱਤੀਆਂ ਹਨ ਅਤੇ ਇਹ ਐਸ ਜੀ ਪੀ ਸੀ ਦੇ ਪ੍ਰਬੰਧਾਂ ਉੱਤੇ ਧੱਬਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਅਦਾਲਤੀ ਕੇਸਾਂ ਦੀ ਪੈਰਵੀ ਉੱਤੇ ਕਰੋੜਾਂ ਰੁਪਏ ਖਰਚ ਕਰਦੀ ਹੈ। ਸ਼੍ਰੋਮਣੀ ਕਮੇਟੀ ਦੇ 33 ਵਿੱਚੋਂ 31 ਕਾਲਜ ਅਤੇ 52 ਵਿੱਚੋਂ 44 ਸਕੂਲ ਘਾਟੇ ਵਿੱਚ ਚੱਲ ਰਹੇ ਹਨ।ਉਨ੍ਹਾਂ ਦੱਸਿਆ ਕਿ 13 ਅਪ੍ਰੈਲ ਨੂੰ ਸ਼੍ਰੋਮਣੀ ਅਕਾਲੀ ਦਲ ਸੰਯੁਕਤ ਨਾਲ ਸਬੰਧਤ ਐਸ ਜੀ ਪੀ ਸੀ ਮੈਂਬਰ ਅਕਾਲ ਤਖਤ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਯਾਦ ਪੱਤਰ ਸੌਂਪਣਗੇ।

## ਚੋਣਾਂ ਦੌਰਾਨ ਪੰਜਾਬ ਵਿੱਚ ਵਿਧਾਇਕਾਂ ਉਤੇ 8 ਪਰਚੇ ਦਰਜ ਹੋਏ

ਚੰਡੀਗੜ੍ਹ, 6 ਅਪ੍ਰੈਲ (ਪੋਸਟ ਬਿਊਰੋ)- ਵਿਧਾਇਕਾਂ ਤੇ ਪਾਰਲੀਮੈਂਟ ਮੈਂਬਰਾਂ ਵਿਰੁੱਧ ਦਰਜ ਕੇਸਾਂ ਦੀ ਸਥਿਤੀ ਜਾਣਨ ਅਤੇ ਇਨ੍ਹਾਂ ਦੇ ਛੇਤੀ ਨਿਪਟਾਰੇ ਦੇ ਉਦੇਸ਼ ਬਾਰੇ ਸੁਪਰੀਮ ਕੋਰਟ ਵੱਲੋਂ ਆਪੇ ਲਏ ਨੋਟਿਸ ਉੱਤੇ ਵੱਖ-ਵੱਖ ਹਾਈ ਕੋਰਟਾਂ ਵਿੱਚ ਚੱਲ ਰਹੇ ਲੋਕਹਿਤ ਮਾਮਲਿਆਂ ਦੀ ਸੁਣਵਾਈ ਲਈ ਪੰਜਾ-ਬਅਤੇ ਹਰਿਆਣਾ ਹਾਈ ਕੋਰਟ ਵਿੱਚ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਲੋਕ ਪ੍ਰਤੀਨਿਧੀਆਂ ਬਾਰੇ ਕੱਲ੍ਹ ਸੁਣਵਾਈ ਹੋਈ।

ਇਸ ਦੌਰਾਨ ਪੰਜਾਬ ਦੀ ਰਿਪੋਰਟ ਤੋਂ ਪਤਾ ਲੱਗਾ ਕਿ ਚੋਣਾਂ ਦੌਰਾਨ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਅਤੇ ਹੋਰ ਪਾਰਟੀਆਂ ਦੇ ਅੱਠ ਵਿਧਾਇਕਾਂ ਵਿਰੁੱਧ ਕੁਦਰਤੀ ਆਫ਼ਤ ਪ੍ਰਬੰਧ ਐਕਟ ਹੇਠ ਕੇਸ ਦਰਜ ਹੋਏ ਸਨ ਅਤੇ ਇਨ੍ਹਾਂ ਦੀ ਜਾਂਚ ਜਾਰੀ ਹੈ। ਪੰਜਾਬ ਸਰਕਾਰ ਦੇ ਬਿਊਰੋ ਆਫ਼ ਇਨਵੈਸਟੀਗੇਸ਼ਨ ਦੇ ਆਈ ਜੀ ਗੁਰਿੰ-ਦਰ ਸਿੰਘ ਢਿੱਲੋਂ ਨੇ ਰਿਪੋਰਟ ਦਿੱਤੀ ਹੈ। ਉਨ੍ਹਾਂ ਵੱਲੋਂ ਸੌਂਪੀ ਸੂਚੀ ਮੁਤਾਬਕ ਉਪਰੋਕਤ ਦੋ ਤੋਂ ਬਿਨਾ ਸਿਮਰਜੀਤ ਸਿੰਘ ਬੈਂਸ, ਫ਼ਤਿਹਜੰਗ ਬਾਜਵਾ, ਸੁੱਚਾ ਸਿੰਘ ਛੋਟੇਪੁਰ, ਹਰਿੰਦਰਪਾਲ ਸਿੰਘ ਚੰਦੂਮਾਜਰਾ, ਵਿਰਸਾ ਸਿੰਘ ਵਲਟੋਹਾ ਅਤੇ ਸੁਖਪਾਲ ਸਿੰਘ ਭੁੱਲਰ ਵਿਰੁੱਧ ਵੀ ਮਾਮਲੇ ਦਰਜ ਕੀਤੇ ਗਏ ਸਨ।






## ਟਰੱਕ ਯੂਨੀਅਨਾਂ ਹਵਾ ਵਿੱਚ, ਪਰ ਧਰਤੀ ’ਤੇ ਕਬਜ਼ਿਆਂ ਲਈ ਮਾਰੋ-ਮਾਰੀ

ਚੰਡੀਗੜ੍ਹ, 6 ਅਪ੍ਰੈਲ (ਪੋਸਟ ਬਿਊਰੋ)- ਪੰਜਾਬ ਵਿੱਚ ਜਦੋਂ ਤੋਂ ਸੱਤਾ ਵਿੱਚ ਤਬਦੀਲੀ ਹੋਈ ਹੈ, ਉਦੋਂ ਤੋਂ ਹੀ ਵੱਖ-ਵੱਖ ਟਰੱਕ ਯੂਨੀਅਨਾਂ ਉੱਤੇ ਕਬਜ਼ਿਆਂ ਲਈ ਖ਼ੂਨ-ਖਰਾਬਾ ਚੱਲਣ ਲੱਗਾ ਹੈ।

ਸਭ ਤੋਂ ਦਿਲਚਸਪ ਗੱਲ ਇਹ ਹੈ ਕਿ ਟਰੱਕ ਯੂਨੀਅਨਾਂ 2017 ਵਿੱਚ ਪੰਜਾਬ ਕਿਸਾਨ ਕਮਿਸ਼ਨ ਤੇ ਇੰਡਸਟਰੀ ਦੀ ਸਿਫਾਰਸ਼ ਉੱਤੇ ਭੰਗ ਕਰ ਦਿੱਤੀਆਂ ਗਈਆਂ ਸਨ। ਪੂਰੇ ਦੇਸ਼ ਵਿੱਚ ਟਰੱਕ ਆਪਰੇਟਰ ਆਪਣੇ ਤੌਰ ਉੱਤੇਕੰਮ ਚਲਾ ਰਹੇ ਸਨ, ਪਰ ਜਦੋਂ ਵਿਧਾਨ ਸਭਾ ਚੋਣਾਂ ਨੇੜੇ ਆਈਆਂ, ਟਰੱਕ ਯੂਨੀਅਨਾਂ ਵਿੱਚ ਅਹੁਦੇਦਾਰ ਰਹੇ ਲੋਕਾਂ ਨੇ ਯੂਨੀਅਨਾਂ ਨੂੰ ਬਹਾਲ ਕਰਨ ਦੀ ਮੰਗ ਕਰ ਦਿੱਤੀ। ਉਨ੍ਹਾਂ ਨੇ ਉਦੋਂ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦਾ ਘਿਰਾਓ ਵੀ ਕੀਤਾ। ਕੈਪਟਨ ਅਮਰਿੰਦਰ ਸਿੰਘ ਨੇ ਚੋਣਾਂ ਤੋਂ ਬਾਅਦ ਯੂਨੀਅਨਾਂ ਬਹਾਲ ਕਰਨ ਦਾ ਭਰੋਸਾ ਦਿੱਤਾ ਸੀ। ਇਸ ਤੋਂ ਪਹਿਲਾਂ ਕਿਉਹ ਅਮਲ ਕਰਦੇ, ਕਾਂਗਰਸੀ ਵਿਧਾਇਕਾਂ ਨੇ ਬਗਾਵਤ ਕਰ ਦਿੱਤੀ ਅਤੇ ਚਰਨਜੀਤ ਚੰਨੀ ਨੂੰ ਮੁੱਖ ਮੰਤਰੀ ਬਣਾ ਦਿੱਤਾ, ਜਿਨ੍ਹਾਂ ਨੇ ਜਾਂਦੇ-ਜਾਂਦੇ ਟਰੱਕ ਯੂਨੀਅਨਾਂ ਨੂੰ ਬਹਾਲ ਕਰਨ ਦਾ ਹੁਕਮ ਕਰ ਦਿੱਤਾ, ਪਰ ਟਰਾਂਸਪੋਰਟ ਵਿਭਾਗ ਨੇ ਇਸ ਦਾ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ। ਅੱਜਕੱਲ੍ਹ ਜਦੋਂ ਟਰੱਕ ਯੂਨੀਅਨਾਂ ਨੂੰ ਲੈ ਕੇ ਵਿਵਾਦ ਸ਼ੁਰੂ ਹੋ ਗਏ ਹਨ ਤਾਂ ਟਰਾਂਸਪੋਰਟ ਵਿਭਾਗ ਨੇ ਸਾਰੇ ਮੰਤਰੀਆਂ ਨੂੰ ਪੱਤਰ ਜਾਰੀ ਕਰ ਕੇ ਕਿਹਾ ਹੈ ਕਿ ਟਰੱਕ ਯੂਨੀਅਨਾਂ ਬਹਾਲ ਨਹੀਂ ਹੋਈਆਂ।

ਸਾਲ 2017 ਵਿੱਚ ਇਨ੍ਹਾਂ ਟਰੱਕ ਯੂਨੀਅਨਾਂ ਨੂੰ ਭੰਗ ਕਰਨ ਦੀ ਸਿਫਾਰਸ਼ ਪੰਜਾਬ ਕਿਸਾਨ ਕਮਿਸ਼ਨ ਦੇ ਚੇਅਰਮੈਨ ਅਜੈਵੀਰ ਜਾਖੜ ਨੇ ਕੀਤੀ ਸੀ। ਉਨ੍ਹਾਂ ਕਿਹਾ ਕਿ ਟਰੱਕ ਯੂਨੀਅਨਾਂ ਪੰਜਾਬ ਵਿੱਚ ਗੈਰ ਕਾਨੂੰਨੀ ਹਨ ਅਤੇ ਰੇਤ ਮਾਫੀਆ ਤੋਂ ਵੀ ਵੱਧ ਖਤਰਨਾਕ ਹਨ। ਇਹ ਮਨਮਾਨੇ ਢੰਗ ਨਾਲ ਇੰਡਸਟਰੀ ਅਤੇ ਬਰਾਮਦਕਾਰਾਂ ਤੋਂ ਸਾਮਾਨ ਢੋਣ ਦੇ ਪੈਸੇ ਵਸੂਲ ਕਰਦੇ ਹਨ। ਇਸ ਲਈ ਇਨ੍ਹਾਂ ਉੱਤੇ ਪਾਬੰਦੀ ਲਗਾਉਣ ਦੀ ਸਿਫਾਰਸ਼ ਕੀਤੀ ਗਈ ਸੀ। ਵਰਨਣ ਯੋਗ ਹੈ ਕਿ ਪਟਿਆਲਾ ਵਿੱਚ ਪਿਛਲੇ 10 ਦਿਨਾਂ ਦੌਰਾਨ ਟਰੱਕ ਯੂਨੀਅਨਾਂ ਉੱਤੇ ਕਬਜ਼ੇ ਕਰੂ ਕੁੱਟਮਾਰ ਦੀਆਂ ਦੋ ਘਟਨਾਵਾਂ ਹੋਈਆਂ ਹਨ ਅਤੇ ਸਮਾਣਾ ਟਰੱਕ ਯੂਨੀਅਨ ਦੀ ਪ੍ਰਧਾਨਗੀਬਾਰੇ ਕੁਝ ਲੋਕਾਂ ਨੇ ਇੱਕ ਟਰਾਂਸਪੋਰਟਰ ਉੱਤੇ ਹਮਲਾ ਕੀਤਾ ਸੀ। ਇਸੇ ਤਰ੍ਹਾਂ ਅਬੋਹਰ ਦੀ ਟਰੱਕ ਯੂਨੀਅਨ ਦੀ ਪ੍ਰਧਾਨਗੀ ਬਾਰੇ ਆਮ ਆਦਮੀ ਪਾਰਟੀ ਦੇ ਦੋ ਧੜੇ ਪਰਸੋਂ ਟਰੱਕ ਯੂਨੀਅਨ ਵਿੱਚ ਭਿੜ ਗਏ, ਇਸ ਵਿੱਚ ਚਾਰ ਜਣੇ ਜ਼ਖਮੀ ਹੋ ਗਏ। ਜੈਤੋਟਰੱਕ ਯੂਨੀਅਨ ਉੱਤੇ ਆਮ ਆਦਮੀ ਪਾਰਟੀ ਵੱਲੋਂ 31 ਮਾਰਚ ਨੂੰ ਕਬਜ਼ਾ ਕੀਤਾ ਗਿਆ ਸੀ। ਇਸ ਝਗੜੇ ਦੌਰਾਨ ਵੀ ਤਿੰਨ ਜਣੇ ਜ਼ਖਮੀ ਹੋਏ ਸਨ।

## ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਮਿਸ ਏਕਤਾ ਉੱਪਲ ਵੱਲੋਂ ਭਗਤ ਪੂਰਨ ਸਿੰਘ ਗੂੰਗੇ ਅਤੇ ਬੋਲੇ ਬੱਚਿਆਂ ਦੇ ਸਕੂਲ ਦਾ ਦੌਰਾ

ਫਿਰੋਜ਼ਪੁਰ 6 ਅਪ੍ਰੈਲ (ਗਿਆਨ ਸਿੰਘ ) ਚੀਫ ਜੁਡੀਸ਼ੀਅਲ ਮੈਜਿਸਟ੍ਰੇਟ-ਕਮ- ਸਕੱਤਰ ਜ਼ਿਲ੍ਹਾ ਕਾਨੂੰਨੀ ਅਥਾਰਟੀ ਫਿਰੋਜ਼ਪੁਰ ਮਿਸ ਏਕਤਾ ਉੱਪਲ ਵੱਲੋਂ ਭਗਤ ਪੂਰਨ ਸਿੰਘ ਗੂੰਗੇ ਅਤੇ ਬੋਲੇ ਬੱਚਿਆਂ ਦੇ ਸਕੂਲ ਦਾ ਦੌਰਾ ਕੀਤਾ ਗਿਆ । ਇਸ ਮੌਕੇ ਉਨ੍ਹਾਂ ਨੇ ਸਕੂਲ ਦੇ ਬੱਚਿਆਂ ਨਾਲ ਵਿਸ਼ੇਸ਼ ਪ੍ਰੋਗਰਾਮ ਰੱਖਿਆ ਜਿਸ ਵਿੱਚ ਉਨ੍ਹਾਂ ਨੇ ਬੱਚਿਆਂ ਨਾਲ ਉਨ੍ਹਾਂ ਦੇ ਇਸ਼ਾਰਿਆਂ ਦੀ ਭਾਸ਼ਾ ਵਿੱਚ ਗੱਲਬਾਤ ਕੀਤੀ ਅਤੇ ਉਨ੍ਹਾਂ ਦਾ ਹਾਲ ਚਾਲ ਪੁੱਛਿਆ । ਇਸ ਮੌਕੇ ਸਕੂਲ ਦੇ ਹੈਡ ਟੀਚਰ ਮਿਸ ਹਰਵਿੰਦਰ ਕੌਰ ਨੇ ਜੱਜ ਸਾਹਿਬ ਦੀ ਬੱਚਿਆਂ ਨਾਲ ਵਾਰਤਾਲਾਪ ਵਿੱਚ ਸਹਾਇਤਾ ਕੀਤੀ । ਇਸ ਦੇ ਨਾਲ ਹੀ ਜੱਜ ਸਾਹਿਬ ਵੱਲੋਂ ਬੱਚਿਆਂ ਦੀਆਂ ਮੁਸ਼ਕਿਲਾਂ ਸੁਣੀਆਂ ਗਈਆਂ । ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਤਹਿਸੀਲਦਾਰ ਸ਼੍ਰੀ ਭੁਪਿੰਦਰ ਸਿੰਘ ਅਤੇ ਉਨ੍ਹਾਂ ਦੇ ਸਟਾਫ ਵਿੱਚ ਕਾਨੂੰਗੋ ਅਤੇ ਪਟਵਾਰੀ ਸਾਹਿਬਾਨ ਅਤੇ ਈਐੱਨਟੀ ਡਾਕਟਰ ਮਿਸ ਸ਼ਿਵਾਨੀ ਸ਼ਰਮਾ ਤੇ ਡੀਸੀਸੀਪੀਓ ਮਿਸ ਰਾਜ ਕਿਰਨ ਹਾਜ਼ਰ ਸਨ ।





ਇਸ ਮੌਕੇ ਇਸ ਪਿੰਡ ਦੇ ਇੱਕਤਰ ਹੋਏ ਲੋਕਾਂ ਨੂੰ ਕੋਵਿਡ-19 ਦੌਰਾਨ ਹੋਈਆਂ ਮੌਤਾਂ ਨੂੰ ਮਿਲਣ ਵਾਲੇ ਮੁਆਵਜੇ ਅਤੇ ਇਸ ਮੁਆਵਜੇ ਸਬੰਧੀ ਭਰੇ ਜਾਣ ਵਾਲੇ ਪ੍ਰੋਫਾਰਮੇ ਬਾਰੇ ਵੀ ਦੱਸਿਆ ਗਿਆ। ਇਸ ਸੈਮੀਨਾਰ ਦੇ ਸਬੰਧ ਵਿੱਚ ਜੱਜ ਸਾਹਿਬ ਨੇ ਸਕੂਲ ਪ੍ਰਸ਼ਾਸਨ ਨੂੰ ਇਨ੍ਹਾਂ ਸਪੈਸ਼ਲ ਵਿਦਿਆਰਥੀਆਂ ਲਈ ਜਾਂ ਇਸ ਬਿਲਡਿੰਗ ਦੇ ਮੁਤਾਬਿਕ ਕੋਈ ਵੀ ਦਿੱਕਤ ਪੇਸ਼ ਆਉਣ ਤੇ ਦਫ਼ਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵਿਖੇ ਸੰਪਰਕ ਕਰਨ ਲਈ ਕਿਹਾ । ਇਸ ਮੌਕੇ ਜੱਜ ਸਾਹਿਬ ਆਪ ਆਪਣੇ ਘਰ ਤੋਂ ਇਨ੍ਹਾਂ ਵਿਦਿਆਰਥੀਆਂ ਲਈ ਛੋਲੇ ਪੂੜੀਆਂ ਦਾ ਲੰਗਰ ਤਿਆਰ ਕਰ ਕੇ ਲਿਆਏ ਅਤੇ ਆਪ ਇਨ੍ਹਾਂ ਵਿਦਿਆਰਥੀਆਂ ਨੂੰ ਵਰਤਾਇਆ । ਇਸ ਤੋਂ ਬਾਅਦ ਈ ਐੱਨ ਟੀ ਡਾਕਟਰ ਮੈਡਮ ਸ਼ਿਵਾਨੀ ਸ਼ਰਮਾ ਜੀ ਨੇ ਬੱਚਿਆ ਦਾ ਚੈੱਕਅੱਪ ਵੀ ਕੀਤਾ । ਇਸ ਦੇ ਨਾਲ ਨਾਲ ਤਹਿਸੀਲਦਾਰ ਸਾਹਿਬ ਨੇ ਇਸ ਮੌਕੇ ਇਸ ਸਕੂਲ ਦੀ ਬਿਲਡਿੰਗ ਇਸ ਦੇ ਰਸਤੇ ਦਾ ਅਤੇ ਇਸ ਸਕੂਲ ਦੇ ਨਜ਼ਦੀਕ ਬੱਸ ਸਟਾਪ ਬਨਾਉਣ ਦਾ ਜਾਇਜਾ ਵੀ ਲਿਆ । ਇਸ ਮੌਕੇ ਮੈਡਮ ਰਾਜ ਕਿਰਨ ਡੀ ਸੀ ਸੀ ਪੀ ਓ ਜੀ ਨੇ ਇਸ ਸਕੂਲ ਦੇ ਪ੍ਰਬੰਧਣ ਵਿੱਚ ਕੋਈ ਕਮੀ ਨਾ ਰੱਖਣ ਦਾ ਵਾਅਦਾ ਕੀਤਾ ਅਤੇ ਇਨ੍ਹਾਂ ਡਿਸਏਬਲ ਬੱਚਿਆਂ ਦੀ ਪੈਨਸ਼ਨ ਲਗਵਾਉਣ ਦਾ ਵੀ ਭਰੋਸਾ ਦਿੱਤਾ । ਇਸ ਤੋਂ ਇਲਾਵਾ ਜੱਜ ਸਾਹਿਬ ਨੇ ਹਾਜ਼ਰ ਲੋਕਾਂ ਨੂੰ ਜੱਜ ਸਾਹਿਬ ਨੇ ਮਿਤੀ 14 ਮਈ ਨੂੰ ਲੱਗਣ ਵਾਲੀ ਨੈਸ਼ਨਲ ਲੋਕ ਅਦਾਲਤ ਬਾਰੇ ਵੀ ਦੱਸਿਆ । ਅੰਤ ਵਿੱਚ ਸਕੂਲ ਸਟਾਫ ਮੁਖੀ ਮਿਸ ਹਰਵਿੰਦਰ ਕੌਰ ਨੇ ਆਪਣੇ ਪੂਰੇ ਸਟਾਫ ਸਮੇਤ ਆਏ ਹੋਏ ਅਫ਼ਸਰ ਸਾਹਿਬਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਰਾਜ ਸਭਾ ਵਿੱਚ ਬੋਲੇ ਉਪ ਰਾਸ਼ਟਰਪਤੀ

# ਰਾਜਾਂ ਵਿੱਚ ਸਾਈਨ ਬੋਰਡਾਂ ਉੱਤੇ ਸਭ ਤੋਂ ਉਤੇ ਮਾਂ ਬੋਲੀ ਲਿਖੀ ਜਾਵੇ



ਨਵੀਂ ਦਿੱਲੀ, 6 ਅਪ੍ਰੈਲ (ਪੋਸਟ ਬਿਊਰੋ)- ਜਿਸ ਰਾਜ ਦੀ ਭਾਸ਼ਾ ਹਿੰਦੀ ਨਹੀਂ ਹੈ, ਉਥੇ ਸਰਕਾਰੀ ਬੋਰਡਾਂ ਉਤੇ ਹਿੰਦੀ ਤੇ ਅੰਗਰੇਜ਼ੀ ਵਿੱਚ ਜਾਣਕਾਰੀ ਲਿਖੀ ਹੁੰਦੀ ਹੈ। ਅਜਿਹੇ ਵਿੱਚ ਉਸ ਸੂਬੇ ਦੇ ਲੋਕ ਹਿੰਦੀ ਜਾਂ ਅੰਗਰੇਜ਼ੀ ਪੜ੍ਹਨ ਵਿੱਚ ਪ੍ਰੇਸ਼ਾਨੀ ਦਾ ਸਾਹਮਣਾ ਕਰਦੇ ਹਨ। ਲੋਕਾਂ ਨੂੰ ਆਪਣੇ ਖੇਤਰ ਵਿੱਚ ਸਾਈਨ ਬੋਰਡ ਤੋਂ ਸਹੀ ਜਾਣਕਾਰੀ ਮਿਲੇ, ਇਹ ਮਾਮਲਾ ਕੱਲ੍ਹ ਰਾਜ ਸਭਾ ਵਿੱਚ ਸਿਫਰ ਕਾਲ ਦੌਰਾਨ ਚੁੱਕਿਆ ਗਿਆ।

ਇਸ ਉੱਤੇ ਉਪ ਰਾਸ਼ਟਰਪਤੀ ਵੈਂਕਈਆ ਨਾਇਡੂ ਨੇ ਕਿਹਾ ਕਿ ਦੇਸ਼ ਦੇ ਹਰ ਸੂਬੇ ਵਿੱਚ ਸਾਰੇ ਸਰਕਾਰੀ ਸਾਈਨ ਬੋਰਡ ਖੇਤਰੀ ਭਾਸ਼ਾਵਾਂ ਵਿੱਚ ਲਿਖੇ ਜਾਣ।ਪੱਛਮੀ ਬੰਗਾਲ ਤੋਂ ਤ੍ਰਿਣਮੂਲ ਕਾਂਗਰਸਦੇ ਪਾਰਲੀਮੈਂਟ ਮੈਂਬਰ ਸੁਖੇਂਦੂ ਸ਼ੇਖਰ ਰਾਏ ਨੇ ਕਿਹਾ ਕਿ ਸਰਕਾਰੀ ਸਾਈਨ ਬੋਰਡਾਂ ਉੱਤੇ ਸਿਰਫ਼ ਹਿੰਦੀ ਤੇ ਅੰਗਰੇਜ਼ੀ ਭਾਸ਼ਾ ਵਿੱਚ ਹੀ ਜਾਣਕਾਰੀ ਹੁੰਦੀ ਹੈ, ਜੋ ਸਥਾਨਕ ਨਾਗਰਿਕਾਂ ਨੂੰ ਸਮਝ ਨਹੀਂ ਆਉਂਦੀ। ਬੰਗਾਲ ਵਿੱਚ ਆਮ ਲੋਕ ਬਾਂਗਲਾ ਸਮਝਦੇ ਹਨ। ਉਨ੍ਹਾਂ ਕਿਹਾ ਕਿ ਹਿੰਦੀ ਅਤੇ ਅੰਗਰੇਜ਼ੀ ਭਾਸ਼ਾ ਨਾਲ ਉਨ੍ਹਾਂ ਨੂੰ ਕੋਈ ਸਮੱਸਿਆ ਨਹੀਂ, ਪਰ ਮਾਤ ਭਾਸ਼ਾ ਵਿੱਚ ਜੇ ਸਾਈਨ ਬੋਰਡ ਹੋਣਗੇ ਤਾਂ ਲੋਕਾਂ ਨੂੰ ਸਮਝਣ ਵਿੱਚ ਆਸਾਨੀ ਹੋਵੇਗੀ। ਉਨ੍ਹਾਂ ਨੇ ਮੈਟਰੋ ਟ੍ਰੇਨ ਦਾ ਵੀ ਜ਼ਿਕਰ ਕੀਤਾ, ਜਿੱਥੇ ਬੋਰਡ ਉੱਤੇ ਸਿਰਫ਼ ਹਿੰਦੀ ਅਤੇ ਅੰਗਰੇਜ਼ੀ ਭਾਸ਼ਾ ਵਿੱਚ ਜਾਣਕਾਰੀ ਲਿਖੀ ਹੁੰਦੀ ਹੈ। ਇਸ ਮਾਮਲੇ ਦੀ ਗੰਭੀਰਤਾ ਦੇਖਦੇ ਹੋਏ ਚੇਅਰਮੈਨ ਐਮ ਵੈਂਕਈਆ ਨਾਇਡੂ ਨੇ ਕਿਹਾ ਕਿ ਇਹ ਮੁੱਦਾ ਸੁਖੇਂਦੂ ਸ਼ੇਖਰ ਰਾਏ ਦਾ ਨਹੀਂ, ਪੂਰੇ ਦੇਸ਼ ਦਾ ਹੈ। ਹਰ ਸੂਬੇ ਦੇ ਸਾਰੇ ਸਰਕਾਰੀ ਸਾਈਨ ਬੋਰਡਾਂ (ਰਾਜ ਅਤੇ ਕੇਂਦਰੀ) ਉੱਤੇ ਪਹਿਲਾਂ ਮਾਂ ਬੋਲੀ ਜਾਂ ਰਾਜ ਦੀ ਭਾਸ਼ਾ ਵਰਤੀ ਜਾਵੇ, ਫਿਰ ਹਿੰਦੀ ਜਾਂ ਅੰਗਰੇਜ਼ੀ ਦੀ ਵਰਤੋਂ ਕੀਤੀ ਜਾਵੇ, ਤਾਂ ਹੀ ਲੋਕ ਸਮਝਣਗੇ। ਸਥਾਨਕ ਭਾਸ਼ਾ ਵਿੱਚ ਸਾਈਨ ਬੋਰਡਾਂ ਨੂੰ ਜ਼ਰੂਰੀ ਕੀਤਾ ਜਾਵੇ।

# ਹੰਗਰੀ ਵਿੱਚ ਰੇਲ ਗੱਡੀ ਪਟੜੀ ਤੋਂ ਉਤਰੀ, 5 ਮੌਤਾਂ



ਬੁਡਾਪੈਸਟ, 6 ਅਪ੍ਰੈਲ (ਪੋਸਟ ਬਿਊਰੋ)- ਹੰਗਰੀ ਦੇ ਦੱਖਣ ਵਿੱਚ ਕੱਲ੍ਹ ਸਵੇਰੇ ਇੱਕ ਵਾਹਨ ਨੂੰ ਟੱਕਰ ਮਾਰਨ ਮਗਰੋਂ ਇੱਕ ਰੇਲ ਗੱਡੀ ਪੱਟੜੀ ਤੋਂ ਉਤਰ ਗਈ। ਪੁਲਸ ਨੇ ਕਿਹਾ ਕਿ ਇਸ ਹਾਦਸੇ ਵਿੱਚ ਪੰਜ ਜਣਿਆਂ ਦੀ ਮੌਤ ਹੋ ਗਈ ਅਤੇ ਕਈ ਹੋਰ ਜ਼ਖ਼ਮੀ ਹੋ ਗਏ। ਇਹ ਘਟਨਾ ਮਾਈਂਡਸੈਟ ਸ਼ਹਿਰ ਵਿੱਚ ਕੱਲ੍ਹ ਸਵੇਰੇ ਲੱਗਭਗ ਸੱਤ ਵਜੇ ਦੀ ਹੈ।

ਪੁਲਸ ਨੇ ਕਿਹਾ ਕਿ ਮਜ਼ਦੂਰਾਂ ਨੂੰ ਲੈ ਕੇ ਜਾ ਰਿਹਾ ਟਰੱਕ ਪੱਟੜੀ ਉਤੇ ਚਲਾ ਗਿਆ ਅਤੇ ਰੇਲ ਗੱਡੀ ਦੀ ਲਪੇਟ ਵਿੱਚ ਆ ਗਿਆ। ਇਸ ਤੋਂ ਬਾਅਦ ਰੇਲ ਗੱਡੀ ਪੱਟੜੀ ਤੋਂ ਉਤਰ ਗਈ। ਦੁਰਘਟਨਾ ਸਮੇਂ ਟਰੱਕ ਵਿੱਚ ਸੱਤ ਜਣੇ ਸਵਾਰ ਸਨ। ਸਵਾਰ ਪੰਜ ਵਿਅਕਤੀਆਂ ਦੀ ਮੌਤ ਹੋ ਗਈ ਤੇ ਦੋ ਗੰਭੀਰ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਹਸਪਤਾਲ ਦਾਖਲ ਕਰਾਇਆ ਗਿਆ ਹੈ। ਹਾਦਸੇ ਦੇ ਸਮੇਂ ਰੇਲ ਗੱਡੀ ਵਿੱਚ 22 ਵਿਅਕਤੀ ਸਵਾਰ ਸਨ। ਰੇਲ ਗੱਡੀ ਵਿੱਚ ਸਵਾਰ ਵਿਅਕਤੀਆਂ ਵਿੱਚੋਂ ਅੱਠਾਂ ਦੇ ਮਾਮੂਲੀ ਸੱਟਾਂ ਲੱਗੀਆਂ ਹਨ। ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ।

# ਕੇਂਦਰ ਸਰਕਾਰ ਵੱਲੋਂ ਗੁਰੂ ਤੇਗ ਬਹਾਦਰ ਜੀ ਦੇ ਸ਼ਤਾਬਦੀ ਸਮਾਗਮ ਦਾ ਲਾਲ ਕਿੱਲ੍ਹੇ ਉੱਤੇ ਵਿਸ਼ੇਸ਼ ਪ੍ਰੋਗਰਾਮ

ਨਵੀਂ ਦਿੱਲੀ, 6 ਅਪ੍ਰੈਲ (ਪੋਸਟ ਬਿਊਰੋ)- ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਵਾਲੇ ਸਮਾਗਮ ਦਿੱਲੀ ਦੇ ਲਾਲ ਕਿਲ੍ਹੇ ਵਿਖੇ ਕਰਵਾਏ ਜਾਣਗੇ। ਸੱਭਿਆਚਾਰ ਬਾਰੇ ਮੰਤਰਾਲੇ ਨੇ ਇਹ ਜਾਣਕਾਰੀ ਦਿੱਤੀ ਹੈ।

ਇਸ ਬਾਰੇ ਮੰਤਰਾਲੇ ਵੱਲੋਂ ਜਾਰੀ ਬਿਆਨ ਮੁਤਾਬਕ 20 ਅਤੇ 21 ਅਪ੍ਰੈਲ ਨੂੰ ਕਰਾਏ ਜਾਣ ਵਾਲੇ ਸਮਾਗਮ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਸ਼ਿਰਕਤ ਕਰਨਗੇ। ਦੋ ਦਿਨਾਂ ਪ੍ਰੋਗਰਾਮ ਦੀ ਸ਼ੁਰੂਆਤ 20 ਅਪ੍ਰੈਲ ਨੂੰ ਕੀਤੀ ਜਾਵੇਗੀ, ਜਿਸ ਦਾ ਉਦਘਾਟਨ ਗ੍ਰਹਿ ਮੰਤਰੀ ਅਮਿਤ ਸ਼ਾਹ ਕਰਨਗੇ। 21 ਅਪ੍ਰੈਲ ਵਾਲੇ ਪ੍ਰੋਗਰਾਮ ਦਾ ਉਦਘਾਟਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕੀਤਾ ਜਾਵੇਗਾ। ਇਸ ਮੌਕੇ ਉੱਤੇ ਪ੍ਰਧਾਨ ਮੰਤਰੀ ਵੱਲੋਂ ਇੱਕ ਯਾਦਗਾਰੀ ਸਿੱਕਾ ਅਤੇ ਇੱਕ ਡਾਕ ਟਿਕਟਜਾਰੀ ਕੀਤੀ ਜਾਵੇਗੀ। ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਉੱਤੇ 400 ਰਾਗੀਆਂ ਵੱਲੋਂ ਸ਼ਬਦ ਕੀਰਤਨ ਕੀਤਾ ਜਾਵੇਗਾ। 20 ਅਤੇ 21 ਅਪ੍ਰੈਲ ਨੂੰ ਹੋ ਰਹੇ ਸਮਾਗਮਾਂ ਦੌਰਾਨ ਗ੍ਰਹਿ ਮੰਤਰੀ ਤੇ ਪ੍ਰਧਾਨ ਮੰਤਰੀ ਸੰਬੋਧਨ ਵੀ ਕਰਨਗੇ। ਵਰਨਣ ਯੋਗ ਹੈ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਸਮਾਗਮ ਦੀ ਸ਼ੁਰੂਆਤ 1 ਮਈ 2021 ਨੂੰ ਕੀਤੀ ਗਈ ਸੀ। ਦੇਸ਼ ਭਰ ਵਿੱਚ ਚੱਲੇ ਜਸ਼ਨਾਂ ਪਿੱਛੋਂ 20 ਅਤੇ 21 ਅਪ੍ਰੈਲ ਨੂੰ ਦਿੱਲੀ ਦੇ ਲਾਲ ਕਿਲ੍ਹੇ ਵਿੱਚ ਕਰਵਾਏ ਜਾ ਰਹੇ ਇਨ੍ਹਾਂ ਦੋ ਦਿਨਾਂ ਸਮਾਗਮਾਂ ਦੇ ਨਾਲ ਸਮਾਗਮਾਂ ਦੀ ਸਮਾਪਤੀ ਹੋਵੇਗੀ।

# ਸੋਸ਼ਲ ਮੀਡੀਆ ਨੌਜਵਾਨਾਂ ਦੀ ਸਿਹਤ ਉੱਤੇ ਮਾੜਾ ਅਸਰ ਪਾ ਰਿਹੈ



ਨਵੀਂ ਦਿੱਲੀ, 6 ਅਪ੍ਰੈਲ (ਪੋਸਟ ਬਿਊਰੋ)- ਨੌਜਵਾਨਾਂ ਵਿੱਚ ਸੋਸ਼ਲ ਮੀਡੀਏ ਦਾ ਵਧਦਾ ਹੋਇਆ ਕ੍ਰੇਜ ਉਨ੍ਹਾਂ ਦੀ ਸਿਹਤ ਉੱਤੇ ਉਲਟ ਅਸਰ ਪਾ ਰਿਹਾ ਹੈ।ਇੱਕ ਖੋਜ ਵਿੱਚ ਮਨੋਵਿਗਿਆਨੀਆਂ ਨੂੰ ਪਤਾ ਲੱਗਾ ਹੈ ਕਿ ਜਿਨ੍ਹਾਂ ਕੁੜੀਆਂ ਨੇ 11 ਤੋਂ 13 ਸਾਲ ਦੀ ਉਮਰ ਦਰਮਿਆਨ ਸੋਸ਼ਲ ਮੀਡੀਆ ਉੱਤੇ ਜ਼ਿਆਦਾ ਸਮਾਂ ਬਿਤਾਇਆ ਉਹ ਇੱਕ ਸਾਲ ਬਾਅਦ ਆਪਣੀ ਜ਼ਿੰਦਗੀ ਤੋਂ ਘੱਟ ਸੰਤੁਸ਼ਟ ਸਨ ਤੇ ਮੁੰਡਿਆਂ ਵਿੱਚ ਸੋਸ਼ਲ ਮੀਡੀਆ ਦਾ ਇਹ ਅਸਰ 14 ਤੋਂ 15 ਸਾਲ ਵਿਚਾਲੇ ਦਾ ਸੀ।ਖੋਜਕਾਰਾਂ ਨੂੰ ਸੋਸ਼ਲ ਮੀਡੀਆ ਦੇ ਅਸਰ ਦਾ ਹੋਰ ਉਮਰ ਵਿੱਚ ਕੋਈ ਸਬੰਧ ਨਹੀਂ ਲੱਭਾ, ਪਰ 19 ਸਾਲ ਦੀ ਉਮਰ ਵਿੱਚ ਮੁੰਡਿਆਂ ਅਤੇ ਕੁੜੀਆਂ ਦੀ ਸੰਤੁਸ਼ਟੀ ਵਿੱਚ ਗਿਰਾਵਟ ਆਈ ਸੀ।

ਵਿਗਿਆਨਕ ਪ੍ਰੋਫੈਸਰ ਯਵੋਨ ਕੇਲੀ ਦਾ ਕਹਿਣਾ ਹੈ ਕਿ ਖੋਜ ਦੇ ਨਤੀਜੇ ਤੋਂ ਪਤਾ ਲੱਗਾ ਹੈ ਕਿ ਸੋਸ਼ਲ ਮੀਡੀਆ ਉੱਤੇ ਜ਼ਿਆਦਾ ਸਮਾਂ ਬਿਤਾਉਣ ਨਾਲ ਕੁੜੀਆਂ ਵਿੱਚ ਡਿਪ੍ਰੈਸ਼ਨ ਦਾ ਸਮੱਸਿਆ ਵਧ ਗਈ ਅਤੇ ਉਨ੍ਹਾਂ ਨੂੰ ਨੀਂਦ ਨਾ ਆਉਣ ਦੀ ਸਮੱਸਿਆ ਵੀ ਹੋਣ ਲੱਗੀ ਸੀ। ਕੈਂਬ੍ਰਿਜ ਯੂਨੀਵਰਸਿਟੀ ਦੇ ਖੋਜ ਦੇ ਲੇਖਕ ਡਾ. ਐਮੀ ਓਰਬੇਨ ਨੇ ਕਿਹਾ ਕਿ ਮੁੰਡਿਆਂ ਤੇ ਕੁੜੀਆਂ ਦੀ ਕੁਝ ਨਿਸ਼ਚਿਤ ਉਮਰ ਹੈ, ਜਦੋਂ ਸੋਸ਼ਲ ਮੀਡੀਆ ਉਨ੍ਹਾਂ ਦੇ ਜੀਵਨ ਨੂੰ ਪ੍ਰਭਾਵਿਤ ਕਰ ਸਕਦਾ ਹੈ। ਚੈਰਿਟੀ ਯੰਗ ਮਾਈਂਡਸ ਮੁਤਾਬਕ ਮੈਂਟਲ ਹੈਲਥ ਪ੍ਰਾਬਲਮ ਵਾਲੇ 5 ਤੋਂ 16 ਸਾਲ ਦੀ ਉਮਰ ਵਰਗ ਦੇ ਬੱਚਿਆਂ ਦੀ ਗਿਣਤੀ ਵਿੱਚ 2017 ਤੋਂ 2021 ਦਰਮਿਆਨ 50 ਫੀਸਦੀ ਦਾ ਵਾਧਾ ਹੋਇਆ ਹੈ। ਇਸ ਦੇ ਮੁਤਾਬਕ ਇਸ ਸਮੱਸਿਆ ਨਾਲ ਹਰ ਜਮਾਤ ਵਿੱਚ ਲੱਗਭਗ 5 ਬੱਚੇ ਪ੍ਰਭਾਵਿਤ ਹਨ।ਖੋਜ ਦੇ ਸਹਿ-ਲੇਖਕ ਅਤੇ ਕੈਂਬ੍ਰਿਜ ਯੂਨੀਵਰਸਿਟੀ ਦੇ ਮਨੋਵਿਗਿਆਨਕ ਪ੍ਰੋਫੈਸਰ ਸਾਰਾ-ਜੇਨੇ ਬਲੇਕਮੋਰ ਨੇ ਕਿਹਾ ਕਿ ਬੱਚਿਆਂ ਨੂੰ ਘੱਟ ਉਮਰ ਤੋਂ ਸੋਸ਼ਲ ਮੀਡੀਆ ਬਾਰੇ ਜਾਗਰੂਕ ਕਰਨਾ ਜ਼ਰੂਰੀ ਹੈ।

# ਚੋਣ ਬਾਂਡ ਦੇ ਖਿਲਾਫ ਸੁਪਰੀਮ ਕੋਰਟ ਸੁਣਵਾਈ ਕਰੇਗੀ



ਨਵੀਂ ਦਿੱਲੀ, 6 ਅਪ੍ਰੈਲ (ਪੋਸਟ ਬਿਊਰੋ)- ਸੁਪਰੀਮ ਕੋਰਟ ਨੇ ਬੀਤੇ ਦਿਨ ਇੱਕ ਜਨਹਿਤ ਪਟੀਸ਼ਨ ਨੂੰ ਸੁਣਵਾਈ ਲਈ ਸੂਚੀਬੱਧ ਕਰਨ ਉੱਤੇ ਸਹਿਮਤੀ ਪ੍ਰਗਟਾਈ ਹੈ। ਪਟੀਸ਼ਨ ਵਿੱਚ ਚੋਣ ਬਾਂਡ ਯੋਜਨਾ ਰਾਹੀਂ ਸਿਆਸੀ ਦਲਾਂ ਨੂੰ ਚੰਦਾ ਦੇਣ ਨਾਲ ਸਬੰਧਤ ਕਾਨੂੰਨਾਂ ਨੂੰ ਚੁਣੌਤੀ ਦਿੱਤੀ ਗਈ ਹੈ।

ਭਾਰਤ ਦੇ ਚੀਫ ਜਸਟਿਸ ਐਨ ਵੀ ਰਮੰਨਾ, ਜਸਟਿਸ ਕ੍ਰਿਸ਼ਨ ਮੁਰਾਰੀ ਅਤੇ ਹਿਮਾ ਕੋਹਲੀ ਦੇ ਬੈਂਚ ਨੇ ਪਟੀਸ਼ਨਰ ਐਨ ਜੀ ਓ 'ਐਸੋਸੀਏਸ਼ਨ ਫਾਰ ਡੈਮੋਕ੍ਰੇਟਿਕ ਰਿਫਾਰਮਜ਼' ਦੀ ਇਸ ਦਲੀਲ ਉੱਤੇ ਗੌਰ ਕੀਤਾ ਕਿ ਇਹ ਮੁੱਦਾ ਗੰਭੀਰ ਹੈ ਅਤੇ ਇਸ ਉੱਤੇ ਤੁਰੰਤ ਸੁਣਵਾਈ ਦੀ ਲੋੜ ਹੈ। ਐਨ ਜੀ ਓ ਵੱਲੋਂ ਪੇਸ਼ ਹੋਏ ਵਕੀਲ ਪ੍ਰਸ਼ਾਂਤ ਭੂਸ਼ਣ ਨੇ ਕਿਹਾ, ਕੱਲ੍ਹ ਸਵੇਰੇ ਦੱਸਿਆ ਗਿਆ ਕਿ ਕੋਲਕਾਤਾ ਦੀ ਇੱਕ ਕੰਪਨੀ ਨੇ ਚੋਣ ਬਾਂਡ ਰਾਹੀਂ ਚਾਲੀ ਕਰੋੜ ਰੁਪਏ ਦਾ ਭੁਗਤਾਨ ਕੀਤਾ ਸੀ। ਕੰਪਨੀ ਯਕੀਨੀ ਕਰਨਾ ਚਾਹੁੰਦੀ ਸੀ ਕਿ ਉਸ ਉੱਤੇ ਐਕਸਾਈਜ਼ ਟੈਕਸ ਲਈ ਛਾਪਾ ਨਾ ਪਵੇ।ਉਨ੍ਹਾਂ ਕਿਹਾ, ਪਹਿਲਾਂ ਵੀ ਇਸ ਗੱਲ ਦਾ ਜ਼ਿਕਰ ਕੀਤਾ ਗਿਆ ਕਿ ਪਟੀਸ਼ਨ ਨੂੰ ਤੁਰੰਤ ਸੁਣਵਾਈ ਲਈ ਸੂਚੀਬੱਧ ਕੀਤਾ ਜਾਵੇ। ਚੀਫ ਜਸਟਿਸ ਨੇ ਕੇਸ ਨੂੰ ਜਲਦੀ ਸੂਚੀਬੱਧ ਕਰਨ ਦਾ ਭਰੋਸਾ ਦਿੰਦੇ ਹੋਏ ਕਿਹਾ ਕਿ ਜੇ ਕੋਵਿਡ ਮਹਾਮਾਰੀ ਨਾ ਹੁੰਦੀ ਤਾਂ ਮੈਂ ਇਸ ਉੱਤੇ ਸੁਣਵਾਈ ਕਰ ਚੁੱਕਾ ਹੁੰਦਾ। ਇਸ ਤੋਂ ਪਹਿਲਾਂ ਪ੍ਰਸ਼ਾਂਤ ਭੂਸ਼ਣ ਨੇ ਪਿਛਲੇ ਸਾਲ ਚਾਰ ਅਕਤੂਬਰ ਨੂੰ ਸਰਬਉਚ ਅਦਾਲਤ ਨੂੰ ਜਨਹਿਤ ਪਟੀਸ਼ਨ ਨੂੰ ਤੁਰੰਤ ਸੂਚੀਬੱਧ ਕਰਨ ਦੀ ਅਪੀਲ ਕੀਤੀ ਸੀ। ਪਟੀਸ਼ਨ ਵਿੱਚ ਕੇਂਦਰ ਨੂੰ ਇਹ ਨਿਰਦੇਸ਼ ਦੇਣ ਦੀ ਅਪੀਲ ਕੀਤੀ ਗਈ ਸੀ ਕਿ ਉਹ ਸਿਆਸੀ ਦਲਾਂ ਨੂੰ ਚੰਦਾ ਦੇਣ ਅਤੇ ਉਨ੍ਹਾਂ ਦੇ ਖਾਤਿਆਂ ਵਿੱਚ ਪਾਰਦਰਸ਼ਿਤਾ ਦੀ ਘਾਟ ਨਾਲ ਸਬੰਧਤ ਮਾਮਲਾ ਪੈਂਡਿੰਗ ਰਹਿਣ ਦੇ ਦੌਰਾਨ ਚੋਣ ਬਾਂਡ ਦੀ ਵਿਕਰੀ ਦੀ ਇਜਾਜ਼ਤ ਨਾ ਦੇਵੇ।

ਐਨ ਜੀ ਓ ਨੇ 2017 ਵਿੱਚ ਇੱਕ ਪਟੀਸ਼ਨ ਦਾਇਰ ਕੀਤੀ ਸੀ। ਇਸ ਵਿੱਚ ਕਿਹਾ ਗਿਆ ਸੀ ਕਿ ਸਿਆਸੀ ਦਲਾਂ ਨੂੰ ਨਾਜਾਇਜ਼ ਤਰੀਕੇ ਨਾਲ ਤੇ ਵਿਦੇਸ਼ ਤੋਂ ਮਿਲਣ ਵਾਲੇ ਧਨ ਨਾਲ ਭ੍ਰਿਸ਼ਟਾਚਾਰ ਵਧਦਾ ਹੈ।ਚੋਣ ਬਾਂਡ ਯੋਜਨਾ ਮੁਤਾਬਕ ਇਹ ਬਾਂਡ ਕਿਸੇ ਅਜਿਹੇ ਵਿਅਕਤੀ ਵੱਲੋਂ ਖਰੀਦਿਆ ਜਾ ਸਕਦਾ ਹੈ, ਜਿਹੜਾ ਭਾਰਤ ਦਾ ਨਾਗਰਿਕ ਹੈ ਜਾਂ ਇੱਥੇ ਰਹਿੰਦਾ ਹੈ। ਲੋਕ ਨੁਮਾਇੰਦਗੀ ਕਾਨੂੰਨ, 1951 ਤਹਿਤ ਰਜਿਸਟਰਡ ਸਿਆਸੀ ਪਾਰਟੀ ਹੀ ਚੋਣ ਬਾਂਡ ਰਾਹੀਂ ਚੰਦਾ ਲੈ ਸਕਦੀ ਹੈ। ਇਸ ਦੇ ਲਈ ਪਾਰਟੀ ਨੂੰ ਪਿਛਲੀਆਂ ਰਾਜ ਵਿਧਾਨ ਸਭਾ ਚੋਣਾਂ ਵਿੱਚ ਘੱਟੋਂ ਘੱਟ ਇੱਕ ਫੀਸਦੀ ਵੋਟਾਂ ਮਿਲਣਾ ਲਾਜ਼ਮੀ ਸ਼ਰਤ ਹੈ। ਪਾਰਟੀ ਨੂੰ ਕਿਸੇ ਅਧਿਕਾਰਤ ਬੈਂਕ ਵਿੱਚ ਖਾਤਿਆਂ ਜ਼ਰੀਏ ਹੀ ਬਾਂਡ ਦਾ ਭੁਗਤਾਨ ਕੀਤਾ ਜਾ ਸਕਦਾ ਹੈ।

# ਸੰਜੇ ਰਾਊਤ ਨੇ ਕਿਹਾ, ਮੈਂ ਈ ਡੀ ਦੀਆਂ ਕਾਰਵਾਈਆਂ ਤੋਂ ਡਰਨ ਵਾਲਾ ਨਹੀਂ



ਮੁੰਬਈ, 6 ਅਪ੍ਰੈਲ (ਪੋਸਟ ਬਿਊਰੋ)- ਸ਼ਿਵ ਸੈਨਾ ਦੇ ਪਾਰਲੀਮੈਂਟ ਮੈਂਬਰ ਸੰਜੇ ਰਾਊਤ ਨੇ ਕੱਲ੍ਹ ਆਪਣੀ ਜਾਇਦਾਦ ਕੁਰਕ ਕੀਤੇ ਜਾਣ ਸਬੰਧੀ ਇਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਦੀ ਕਾਰਵਾਈ ਨੂੰ 'ਮੱਧ-ਵਰਗੀ ਮਰਾਠੀ ਮਾਨੁਸ਼' ਉੱਤੇ ਹਮਲਾ ਕਰਾਰ ਦਿੱਤਾ ਤੇ ਕਿਹਾ ਕਿ ਉਹ ਅਜਿਹੇ ਕਦਮਾਂ ਤੋਂ ਡਰਨਗੇ ਨਹੀਂ ਤੇ ਉਨ੍ਹਾਂ ਉੱਤੇ ਦਬਾਅ ਬਣਾਉਣ ਲਈ ਕੀਤੀ ਗਈ ਕਿਸੇ ਵੀ ਕਰਵਾਈ ਦਾ ਵਿਰੋਧ ਕਰਨਗੇ।

ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਊਤ ਨੇ ਦੱਸਿਆ ਕਿ ਈ ਡੀ ਦੀ ਕਾਰਵਾਈ ਅਜਿਹੇ ਦਿਨ ਹੋਈ ਹੈ, ਜਦੋਂ ਮੁੰਬਈ ਪੁਲਸ ਨੇ ਕੇਂਦਰੀ ਏਜੰਸੀ ਦੇ ਅਫਸਰਾਂ ਖਿਲਾਫ ਜਬਰੀ ਵਸੂਲੀ ਦੇ ਦੋਸ਼ਾਂ ਦੀ ਜਾਂਚ ਕਰਨ ਦੇ ਲਈ ਇੱਕ ਵਿਸ਼ੇਸ਼ ਜਾਂਚ ਟੀਮ (ਐੱਸ ਆਈ ਟੀ) ਬਣਾਈ ਸੀ। ਪਿਛਲੇ ਮਹੀਨੇ ਰਾਜ ਸਭਾ ਮੈਂਬਰ ਸੰਜੇ ਰਾਊਤ ਨੇ ਦੋਸ਼ ਲਾਇਆ ਸੀ ਕਿ ਈ ਡੀ ਦੇ ਕੁਝ ਅਧਿਕਾਰੀ ਜਬਰੀ ਵਸੂਲੀ ਕਰਨ ਦਾ ਗਿਰੋਹ ਚਲਾ ਰਹੇ ਹਨ। ਉਨ੍ਹਾਂ ਕਿਹਾ ਕਿ ਈ ਡੀ ਦੀ ਕਾਰਵਾਈ ਬਦਲੇ ਦੀ ਭਾਵਨਾ ਨਾਲ ਕੀਤੀ ਗਈ ਹੈ ਤੇ ਉਨ੍ਹਾਂ ਖਿਲਾਫ ਏਜੰਸੀ ਦੇ ਦਾਅਵੇ ਝੂਠੇ ਨਿਕਲਣਗੇ। ਏਜੰਸੀ ਦੀ ਕਾਰਵਾਈ ਤੋਂ ਬਾਅਦ ਸ਼ਿਵ ਸੈਨਾ ਆਗੂ ਨੇ ਟਵੀਟ ਕੀਤਾ, ''ਅਸੱਤਿਆਮੇਵ ਜਯਤੇ' (ਝੂਠ ਦੀ ਜਿੱਤ ਹੋਈ)।'' ਰਾਜ ਸਭਾ ਮੈਂਬਰ ਨੇ ਦਾਅਵਾ ਕੀਤਾ ਕਿ ਉਨ੍ਹਾਂ ਨੂੰ ਸ਼ਿਵ ਸੈਨਾ ਦੀ ਸਾਬਕਾ ਸਹਿਯੋਗੀ ਭਾਜਪਾ ਨਿਸ਼ਾਨਾ ਬਣਾ ਰਹੀ ਹੈ ਕਿਉਂਕਿ ਉਨ੍ਹਾਂ ਮਹਾਰਾਸ਼ਟਰ ਵਿੱਚ ਮਹਾਵਿਕਾਸ ਅਘਾੜੀ (ਐਮ ਵੀ ਏ) ਸਰਕਾਰ ਤੋੜਨ ਦੀਆਂ ਕੋਸ਼ਿਸ਼ਾਂਲਈ ਹਮਾਇਤ ਨਹੀਂ ਕੀਤੀ। ਉਨ੍ਹਾਂ ਕਿਹਾ, ''ਮੇਰੇ ਕਰ ਕੇ ਤੁਹਾਡੀ (ਭਾਜਪਾ) ਸਰਕਾਰ ਨਹੀਂ ਬਣ ਸਕੀ। ਮੈਂ ਸਰਕਾਰ ਤੋੜਨ ਵਿੱਚ ਤੁਹਾਡੀ ਮਦਦ ਨਹੀਂ ਕਰ ਰਿਹਾ। ਇਹ ਮੇਰੇ ਉੱਤੇ ਦਬਾਅ ਬਣਾਉਣ ਦੀ ਕੋਸ਼ਿਸ਼ ਹੈ, ਪਰ ਮੈਂ ਡਰਾਂਗਾ ਨਹੀਂ।''

# ਪਾਰਲੀਮੈਂਟ ਵੱਲੋਂ ਦਿੱਲੀ ਦੇ ਤਿੰਨ ਨਗਰ ਨਿਗਮਾਂ ਦੇ ਰਲੇਵੇਂ ਦੇ ਬਿੱਲ ਨੂੰ ਮਨਜ਼ੂਰੀ

ਨਵੀਂ ਦਿੱਲੀ, 6 ਅਪ੍ਰੈਲ (ਪੋਸਟ ਬਿਊਰੋ)- ਭਾਰਤ ਦੀ ਪਾਰਲੀਮੈਂਟ ਨੇ ਰਾਸ਼ਟਰੀ ਰਾਜਧਾਨੀ ਦਿੱਲੀ ਦੀਆਂ ਤਿੰਨ ਨਗਰ ਨਿਗਮਾਂ ਨੂੰ ਇੱਕਜੁੱਟ ਕਰਨ ਦੇ ਪ੍ਰਬੰਧ ਵਾਲੇ 'ਦਿੱਲੀ ਮਿਊਂਸਪਲ ਕਾਰਪੋਰੇਸ਼ਨ (ਸੋਧ) ਬਿੱਲ, 2022 ਨੂੰ ਕੱਲ੍ਹ ਮਨਜ਼ੂਰੀ ਦੇ ਦਿੱਤੀ ਅਤੇ ਅਗਲੀ ਕਾਰਵਾਈ ਲਈ ਰਾਹ ਪੱਧਰਾ ਹੋ ਗਿਆ ਹੈ।

ਰਾਜ ਸਭਾ ਵਿੱਚਇਸ ਬਿੱਲ ਉੱਤੇ ਹੋਈ ਚਰਚਾ ਦਾ ਜਵਾਬ ਦਿੰਦੇ ਹੋਏ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਇਹ ਬਿੱਲ ਸੰਵਿਧਾਨ ਦੀ ਧਾਰਾ 239 (ਏ ਏ) ਹੇਠ ਮਿਲੇ ਅਧਿਕਾਰ ਰਾਹੀਂ ਲਿਆਂਦਾ ਗਿਆ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਪਾਰਲੀਮੈਂਟ ਨੂੰ ਕੇਂਦਰ ਸਾਸ਼ਤ ਪ੍ਰਦੇਸ਼ ਦਿੱਲੀ ਨਾਲ ਜੁੜੇ ਕਿਸੇ ਵੀ ਵਿਸ਼ੇ ਉੱਤੇ ਕਾਨੂੰਨ ਬਣਾਉਣ ਦਾ ਅਧਿਕਾਰ ਹੈ। ਉਨ੍ਹਾਂ ਕਿਹਾ ਕਿ ਦਿੱਲੀ ਪੂਰਨ ਰਾਜ ਨਹੀਂ ਹੈ।ਇਸ ਤੋਂ ਪਹਿਲਾਂ ਚਰਚਾ ਦੌਰਾਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਰਾਜ ਸਭਾ ਵਿੱਚ ਦੋਸ਼ ਲਾਇਆ ਕਿ ਦਿੱਲੀ ਸਰਕਾਰ ਰਾਸ਼ਟਰੀ ਰਾਜਧਾਨੀ ਦੀਆਂ ਤਿੰਨਾਂ ਨਗਰ ਨਿਗਮਾਂ ਨਾਲ 'ਮਤਰੇਈ ਮਾਂ' ਵਰਗਾ ਸਲੂਕ ਕਰਦੀ ਹੈ। ਉਨ੍ਹਾ ਨੇ ਰਾਜ ਸਭਾ ਵਿੱਚ ਕਿਹਾ ਕਿ 10 ਸਾਲ ਪਹਿਲਾਂ ਦਿੱਲੀ ਨਗਰ ਨਿਗਮ ਨੂੰ ਤਿੰਨ ਨਿਗਮਾਂ ਉਤਰੀ, ਦੱਖਣੀ ਅਤੇ ਪੂਰਬੀ ਨਗਰ ਨਿਗਮਾਂ ਵਿੱਚ ਵੰਡਿਆ ਗਿਆ ਸੀ, ਪਰ ਇਸ ਫ਼ੈਸਲੇ ਦੇ ਪਿੱਛੇ ਦਾ ਇਰਾਦਾ ਹਾਲੇ ਤਕ ਸਪੱਸ਼ਟ ਨਹੀਂ ਹੈ। ਅਮਿਤ ਸ਼ਾਹ ਨੇ ਕਿਹਾ ਕਿ ਉਨ੍ਹਾਂ ਨੇ ਗ੍ਰਹਿ ਮਤੰਰਾਲੇ ਵਿੱਚ ਇਸ ਦਾ ਕਾਰਨ ਲੱਭਿਆ, ਪਰ ਰਿਕਾਰਡ ਵਿੱਚ ਕੋਈ ਜਾਣਕਾਰੀ ਨਹੀਂ ਮਿਲੀ। ਗ੍ਰਹਿ ਮੰਤਰੀ ਨੇ ਕਿਹਾ ਕਿ ਤਿੰਨੋਂ ਨਿਗਮਾਂ ਦੇ 10 ਸਾਲਾਂ ਤਕ ਵੱਖ-ਵੱਖ ਕੰਮ ਕਰਨ ਤੋਂ ਬਾਅਦ ਪਤਾ ਲੱਗਾ ਹੈ ਕਿ ਤਿੰਨਾਂ ਦੀਆਂ ਨੀਤੀਆਂ ਨੂੰ ਲੈ ਕੇ ਇਕਸਾਰਤਾ ਨਹੀਂ ਹੈ।




# ਧਰੁਵੀ ਪੰਛੀਆਂ ਦੇ ਮੁਕਾਬਲੇ ਭੂ-ਮੱਧ ਰੇਖਾ ਨੇੜਲੇ ਪੰਛੀ ਵੱਧ ਰੰਗ-ਬਿਰੰਗੇ

ਨਿਊ ਯਾਰਕ, 6 ਅਪ੍ਰੈਲ (ਪੋਸਟ ਬਿਊਰੋ)- ਬਾਂਦਰ ਤੋਂ ਮਨੁੱਖ ਦਾ ਵਿਕਾਸ ਹੋਇਆ ਸੀ। ਇਹ ਦੱਸਣ ਵਾਲੇ ਵਿਗਿਆਨੀ ਚਾਰਲਸ ਡਾਰਵਿਨ ਨੇ 200 ਸਾਲ ਪਹਿਲਾਂ 18ਵੀਂ ਸ਼ਤਾਬਦੀ ਵਿੱਚ ਜਿਹੜੀ ਲਾਂਗ ਹੈਲਡ ਥਿਊਰੀ ਦਿੱਤੀ ਸੀ, ਉਸ ਉਤੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਦੀ ਜਾਂਚ ਵਿੱਚ ਮੋਹਰ ਲੱਗ ਗਈ ਹੈ।

ਡਾਰਵਿਨ ਨੇ ਕਿਹਾ ਸੀ ਕਿ ਭੂ-ਮੱਧ ਰੇਖਾ ਨੇੜੇ ਰਹਿਣ ਵਾਲੇ ਪੰਛੀ ਵੱਧ ਰੰਗ-ਬਿਰੰਗੇ ਹੁੰਦੇ ਹਨ। ਜਿਵੇਂ-ਜਿਵੇਂ ਅਸੀਂ ਧਰੁਵਾਂ ਵੱਲ ਵਧਦੇ ਹਾਂ, ਤਿਉਂ-ਤਿਉਂ ਰੰਗ ਫਿੱਕਾ ਜਾਂ ਗਹਿਰਾ ਹੋਣ ਲੱਗਦਾ ਹੈ। ਇਸ ਥਿਊਰੀ ਦੀ ਸੱਚਾਈ ਜਾਂਚਣ ਲਈ ਸਟੈਨਫੋਰਡ ਯੂਨੀਵਰਸਿਟੀ ਦੇ ਬਾਇਓਸਾਇੰਸ ਵਿਭਾਗ ਦੇ ਡਾਕਟਰ ਚਰਿਸ ਕੂਨੇ ਅਤੇ ਗੇਵਿਨ ਥਾਮਸ ਨੇ ਨੇਚਰ ਹਿਸਟਰੀ ਮਿਊਜ਼ੀਅਮ ਵਿੱਚ ਰੱਖੇ 4,527 ਨਸਲਾਂ ਦੇ 24,345 ਅਲੱਗ-ਅਲੱਗ ਪੰਛੀਆਂ ਦੇ ਨਮੂਨਿਆਂ ਦੀ ਖੋਜ ਕੀਤੀ। ਇਸ ਦੇ ਲਈ ਵੱਖ-ਵੱਖ ਸਥਿਤੀ ਵਿੱਚ ਉਨ੍ਹਾਂ ਦੀਆਂ ਫੋਟੋ ਖਿਚਵਾਈਆਂ ਗਈਆਂ। ਇਸ ਵਿੱਚ ਪਤਾ ਲੱਗਾ ਕਿ ਭੂ-ਮੱਧ ਰੇਖਾ ਦੇ ਨੇੜੇ ਧਰੁਵੀ ਖੇਤਰਾਂ ਦੇ ਮੁਕਾਬਲੇ 30 ਫੀਸਦੀ ਵੱਧ ਰੰਗ-ਬਿਰੰਗੇ ਪੰਛੀ ਹੁੰਦੇ ਹਨ। ਇਸ ਤੋਂ ਜੈਵ ਵੰਨਸੁਵੰਨਤਾ ਬਿਹਤਰ ਢੰਗ ਨਾਲ ਸਮਝਣ ਵਿੱਚ ਮਦਦ ਮਿਲੇਗੀ।

19ਵੀਂ ਸ਼ਤਾਬਦੀ ਵਿੱਚ ਵੀ ਕੁਝ ਵਿਗਿਆਨੀਆਂ ਨੇ ਏਦਾਂ ਦੀ ਗੱਲ ਕਹੀ ਸੀ, ਪ੍ਰੰਤੂ ਅੱਜ ਤਕ ਇਸ ਦੀ ਪੁਸ਼ਟੀ ਕਿਸੇ ਨੇ ਨਹੀਂ ਕੀਤੀ ਸੀ। ਪੰਛੀਆਂ ਦੇ ਭੋਜਨ ਸਬੰਧੀ ਫਰਕ ਦੇ ਬਾਰੇ ਸਿਰਫ ਇੰਨਾ ਪਤਾ ਲੱਗਾ ਸੀ ਕਿ ਭੂ-ਮੱਧ ਰੇਖਾ ਦੇ ਆਸਪਾਸ ਦੇ ਪੰਛੀਆਂ ਦੀਆਂ ਨਸਲਾਂ ਰੰਗੀਨ ਹੁੰਦੀਆਂ ਹਨ। ਖੋਜ ਅਨੁਸਾਰ ਨਰ ਪੰਛੀ ਦੇ ਮੁਕਾਬਲੇ ਮਾਦਾ ਪੰਛੀਆਂ ਵਿੱਚ ਰੰਗਾਂ ਦਾ ਇਹ ਫਰਕ ਵੱਧ ਸਪੱਸ਼ਟ ਦਿਖਾਈ ਦਿੱਤਾ ਹੈ। ਅਮਰੀਕਾ ਦੀਆਂ ਕੁਝ ਨਸਲਾਂ ਜਿਵੇਂ ਪਾਸੇਰਨੀਆ ਸਾਇਰਸ ਤੇ ਬਲਿਊ, ਯੈਲੋ, ਗ੍ਰੀਨ ਤੇ ਰੈਡ ਨਾਂਅ ਦੇ ਪੰਛੀ ਇਸ ਦੇ ਉਲਟ ਨਿਕਲੇ ਸਨ। ਇਸ ਦੌਰਾਨ ਸਾਲ 1859 ਵਿੱਚ ਓਰੀਜਿਨ ਆਫ ਸਪੀਸ਼ੀਜ਼ ਨਾਂਅ ਦੀ ਡਾਰਵਿਨ ਦੀ ਨੋਟਬੁੱਕ ਦੋ ਦਹਾਕੇ ਪਹਿਲਾਂ ਕੈਂਬਰਿਜ ਯੂਨੀਵਰਸਿਟੀ ਦੀ ਲਾਇਬਰੇਰੀ ਤੋਂ ਗਾਇਬ ਹੋ ਗਈ ਸੀ। ਬੀਤੇ ਦਿਨ ਲਾਇਬਰੇਰੀ ਦੇ ਬਾਹਰ ਇੱਕ ਬੈਗ ਵਿੱਚੋਂ ਇਹ ਨੋਟਬੁੱਕ ਮਿਲ ਗਈ ਹੈ। ਇਸ ਵਿੱਚ ਲਾਇਬਰੇਰੀਅਨ ਨੂੰ ਈਸਟਰ ਦੀਆਂ ਸ਼ੁਭਕਾਮਨਾਵਾਂ ਦਾ ਨੋਟ ਲਿਖਿਆ ਹੈ।

# ਸਕਾਟਲੈਂਡ ਵਿੱਚ ਪਿਛਲੇ ਦਹਾਕੇ ਦੌਰਾਨ 100 ਤੋਂ ਵੱਧ ਪੁਲਸ ਸਟੇਸ਼ਨ ਬੰਦ ਹੋਏ

ਗਲਾਸਗੋ, 6 ਅਪ੍ਰੈਲ (ਪੋਸਟ ਬਿਊਰੋ)- ਸਕਾਟਲੈਂਡ ਵਿੱਚ ਪਿੱਛਲੇ ਇੱਕ ਦਹਾਕੇ ਦੌਰਾਨ 140 ਪੁਲਸ ਸਟੇਸ਼ਨਾਂ ਅਤੇ ਦਫ਼ਤਰਾਂ ਨੂੰ ਬੰਦ ਕੀਤਾ ਗਿਆ ਹੈ। ਇਨ੍ਹਾਂ ਬੰਦ ਕੀਤੇ ਸਟੇਸ਼ਨਾਂ ਅਤੇ ਦਫ਼ਤਰਾਂ ਦੀਆਂ ਇਮਾਰਤਾਂ ਨੂੰ ਵੇਚ ਕੇ ਪੁਲਸ ਨੇ ਮਿਲੀਅਨਾਂ ਪੌਂਡ ਕਮਾਏ ਹਨ, ਪਰ ਇਨ੍ਹਾਂ ਬੰਦ ਕੀਤੇ ਸੇਵਾ ਕੇਂਦਰਾਂ ਬਾਰੇ ਸਕਾਟਿਸ਼ ਪੁਲਸ ਫ਼ੈਡਰੇਸ਼ਨ ਨੇ ਕਿਹਾ ਹੈ ਕਿ ਇਸ ਦਾ ਦੂਰ-ਦੁਰਾਡੇ ਅਤੇ ਪੇਂਡੂ ਖੇਤਰਾਂ ਵਿੱਚ ਨੁਕਸਾਨਦਾਇਕ ਪ੍ਰਭਾਵ ਪੈ ਰਿਹਾ ਸੀ।

ਸੋਸ਼ਲ ਅਫ਼ੇਅਰਜ਼ ਮੈਗਜ਼ੀਨ 1919 ਦੀ ਖੋਜ ਵਿਚ ਪਤਾ ਲੱਗਾ ਹੈ ਕਿ ਕੁਝ ਸਟਾਫ਼ ਨੂੰ ਕੌਂਸਲ ਹੈਡਕੁਆਰਟਰ ਸਣੇ ਸਾਂਝੀਆਂ ਇਮਾਰਤਾਂ ਵਿੱਚ ਬਦਲਿਆ ਗਿਆ ਸੀ। ਬਹੁਤ ਸਾਰੀਆਂ ਇਮਾਰਤਾਂ ਨੂੰ ਬੰਦ ਕਰ ਦਿੱਤਾ ਗਿਆ ਸੀ। ਪੁਲਸ ਸਕਾਟਲੈਂਡ ਨੇ ਆਪਣੀਆਂ 96 ਪੁਰਾਣੀਆਂ ਜਾਇਦਾਦਾਂ ਨੂੰ ਵੇਚ ਕੇ 28.5 ਮਿਲੀਅਨ ਪੌਂਡ ਕਮਾਏ ਸਨ। ਗਲਾਸਗੋ ਦੀ ਪਿਟ ਸਟ੍ਰੀਟ ਵਿੱਚ ਸਾਬਕਾ ਸਟ੍ਰੈਥਕਲਾਈਡ ਪੁਲਸ ਹੈਡਕੁਆਰਟਰ ਨੇ ਫੋਰਸ ਲਈ 9.8 ਮਿਲੀਅਨ ਪੌਂਡ ਇਕੱਠੇ ਕੀਤੇ, ਜਦੋਂ ਕਿ ਚੈਂਬਰਸ ਸਟ੍ਰੀਟ, ਐਡਿਨਬਰਾ ਵਿੱਚ ਸਾਬਕਾ ਪੁਲਸ ਸਿਖਲਾਈ ਸਕੂਲ ਨੇ 3.3 ਮਿਲੀਅਨ ਪੌਂਡ ਕਮਾਈ ਕੀਤੀ। ਇਸ ਦੇ ਇਲਾਵਾ ਹੋਰ 26 ਇਮਾਰਤਾਂ ਨੂੰ ਸੂਚੀਬੱਧ ਕੀਤਾ ਗਿਆ ਸੀ ਜੋ ਮਾਰਕੀਟ ਵਿੱਚ, ਵਿਕਰੀ ਲਈ ਜਾਂ ਕਮਿਊਨਿਟੀ ਟ੍ਰਾਂਸਫ਼ਰ ਲਈ ਤਿਆਰ ਕੀਤੀਆਂ ਜਾ ਰਹੀਆਂ ਹਨ। ਸਕਾਟਿਸ਼ ਪੁਲਸ ਫ਼ੈਡਰੇਸ਼ਨ ਦੇ ਜਨਰਲ ਸੈਕਟਰੀ ਨੇ ਕਿਹਾ ਕਿ ਪੇਂਡੂ ਖੇਤਰਾਂ ਵਿੱਚੋਂ ਸਟਾਫ਼ ਨੂੰ ਸ਼ਹਿਰੀ ਖੇਤਰਾਂ ਵਿੱਚ ਬਦਲਣ ਨਾਲ ਪੇਂਡੂ ਲੋਕਾਂ ਦੇ ਵਿਸ਼ਵਾਸ਼ ਨੂੰ ਠੇਸ ਪਹੁੰਚੇਗੀ।

ਆਪਣੇ ਮਨ ਪਸੰਦ ਦੇ ਸੂਟ, ਸ਼ਾਲ, ਲਹਿੰਗਾ ਅਤੇ ਡੀਜ਼ਾਈਨਰ ਸੂਟ ਲੈਣ ਲਈ ਸੰਪਰਕ ਕਰੋ:
0119-9779100149




# ਕੰਦੂਖੇੜੇ ਵਾਲਿਆਂ ਨੇ ਕਿਹਾ, ਅਸਾਂ ਪੰਜਾਬ ਤੋਂ ਜੁਦਾ ਨਹੀਂ ਹੋਣਾ...

ਚੰਡੀਗੜ੍ਹ, 6 ਅਪ੍ਰੈਲ (ਪੋਸਟ ਬਿਊਰੋ)- ਪੰਜਾਬ ਅਤੇ ਹਰਿਆਣਾ ਵਿਚਾਲੇ ਵਿਵਾਦਾਂ ਕਾਰਨ ਚਰਚਾ ਵਿੱਚ ਆਏ ਕੰਦੂਖੇੜਾ ਪਿੰਡ ਦੇ ਲੋਕਾਂ ਦਾ ਕਹਿਣਾ ਹੈ ਕਿ ''ਅਸੀਂ ਪੰਜਾਬ ਵਿੱਚ ਜੰਮੇ ਹਾਂ ਤੇ ਪੰਜਾਬ ਵਿੱਚ ਹੀ ਮਰਾਂਗੇ, ਸਾਨੂੰ ਕੋਈ ਪੰਜਾਬ ਨਾਲੋਂ ਜੁਦਾ ਨਹੀਂ ਕਰ ਸਕਦਾ।'' ਇਹ ਸਖਤ ਸੁਨੇਹਾ ਹੈ ਪਿੰਡ ਕੰਦੂਖੇੜਾ ਦੇ ਚੌਧਰੀ ਪਰਵਾਰ ਨੇ ਦਿੱਤਾ ਹੈ।

ਤਿੰਨ ਰਾਜਾਂ ਪੰਜਾਬ, ਹਰਿਆਣਾ ਅਤੇ ਰਾਜਸਥਾਨ ਦੀ ਹੱਦ ਉੱਤੇ ਪੈਂਦਾ ਮੁਕਤਸਰ ਦਾ ਪਿੰਡ ਕੰਦੂਖੇੜਾਉਹੀ ਹੈ, ਜਿਸ ਨੇ 1986 ਵਿੱਚ ਅਬੋਹਰ-ਫਾਜ਼ਿਲਕਾ ਦੇ 56 ਪਿੰਡਾਂ ਦੀ ਕਿਸਮਤ ਦਾ ਨਿਬੇੜਾ ਕੀਤਾ ਸੀ ਅਤੇ 'ਕੰਦੂਖੇੜਾ...ਕਰੂ ਨਿਬੇੜਾ' ਵਾਲਾ ਨਾਅਰਾ ਉਦੋਂ ਕੌਮਾਂਤਰੀ ਫਿਜ਼ਾ ਵਿੱਚ ਗੂੰਜਿਆ ਸੀ।

ਉਸ ਵਕਤ ਰਾਜੀਵ-ਲੌਂਗੋਵਾਲ ਸਮਝੌਤੇ ਨੂੰ ਲਾਗੂ ਕਰਨ ਤੋਂ ਪਹਿਲਾਂ ਇਸ ਇਲਾਕੇ ਦੀ ਭਾਸ਼ਾਈ ਪੜਚੋਲ ਕਰਨ ਲਈ ਇੱਕ ਜਸਟਿਸ ਮੈਥਿਊ ਕਮਿਸ਼ਨ ਬਣਾਇਆ ਗਿਆ ਸੀ ਅਤੇ ਉਸ ਨੇ ਜਨਵਰੀ 1986 ਵਿੱਚ ਪਿੰਡ ਕੰਦੂਖੇੜਾ ਦੀ ਭਾਸ਼ਾਈ ਜਨਗਣਨਾ ਦੇ ਹੁਕਮ ਦਿਤੇ, ਜਿਸ ਦੇ ਆਧਾਰ ਉਤੇ ਅਬੋਹਰ-ਫਾਜ਼ਿਲਕਾ ਦੇ 56 ਪਿੰਡਾਂ ਦੀ ਹੋਣੀ ਦਾ ਫੈਸਲਾ ਹੋਣਾ ਸੀ। ਉਸ ਵੇਲੇ ਪਿੰਡ ਕੰਦੂਖੇੜਾ ਦੇ 92 ਫੀਸਦੀ ਤੋਂ ਵੱਧ ਲੋਕਾਂ ਨੇ ਆਪਣੀ ਮਾਤ ਭਾਸ਼ਾ ਪੰਜਾਬੀ ਲਿਖਵਾਈ ਸੀ ਅਤੇ ਇਸ ਕਾਰਨ ਇਹ 56 ਪਿੰਡ ਹਰਿਆਣੇ ਵਿੱਚ ਸ਼ਾਮਲ ਕੀਤੇ ਜਾਣ ਤੋਂ ਬਚ ਗਏ ਸਨ। ਓਦੋਂ ਪਿੰਡ ਕੰਦੂਖੇੜਾ ਦੇ ਸਰਪੰਚ ਹਨੂਮਾਨ ਚੌਧਰੀ ਬਿਸ਼ਨੋਈ ਸਨ, ਜਿਨ੍ਹਾਂ ਦੀ ਹਰਿਆਣੇ ਦੇ ਓਦੋਂ ਦੇ ਮੁੱਖ ਮੰਤਰੀ ਭਜਨ ਲਾਲ ਨਾਲ ਨੇੜਤਾ ਸੀ। ਕੰਦੂਖੇੜਾ ਦੇ ਉਦੋਂ ਦੇ ਸਰਪੰਚ ਹਨੂਮਾਨ ਚੌਧਰੀ ਨੇ ਆਪਣੀ ਮਾਤ




ਭਾਸ਼ਾ ਹਿੰਦੀ ਲਿਖਵਾਈ ਸੀ, ਪਰ ਚੌਧਰੀ ਪਰਵਾਰ ਅੱਜ ਪੰਜਾਬ ਤੇ ਪੰਜਾਬੀਅਤ ਦੇ ਪੱਖ ਵਿੱਚ ਖੁੱਲ੍ਹ ਕੇ ਆ ਗਿਆ ਹੈ। ਮਰਹੂਮ ਹਨੂਮਾਨ ਚੌਧਰੀ ਦੇ ਲੜਕੇ ਰਾਜ ਕੁਮਾਰ ਅਤੇ ਉਸ ਦੇ ਭਰਾਵਾਂ ਨੇ ਮੀਡੀਆ ਨਾਲ ਗੱਲਬਾਤ ਦੌਰਾਨ ਕਿਹਾ ਕਿ ਜਦੋਂ 1986 ਵਿੱਚ ਭਾਸ਼ਾਈ ਜਨਗਣਨਾ ਹੋਈ ਸੀ, ਉਦੋਂ ਉਨ੍ਹਾਂ ਦੇ ਬਜ਼ੁਰਗਾਂ ਨੇ ਓਦੋਂ ਦੇ ਮੁੱਖ ਮੰਤਰੀ ਚੌਧਰੀ ਭਜਨ ਲਾਲ ਅਤੇ ਉਸ ਦੇ ਨੇੜਲੇ ਪੋਕਰ ਮੱਲ ਦੇ ਦਬਾਅ ਹੇਠ ਆ ਕੇ ਮਾਤ ਭਾਸ਼ਾ ਹਿੰਦੀ ਲਿਖਵਾਈ ਸੀ, ਪਰ ਉਹ ਬੀਤੇ ਦੀਆਂ ਗਲਤੀਆਂ ਨਹੀਂ ਦੁਹਰਾਉਣਗੇ। ਉਨ੍ਹਾਂ ਕਿਹਾ, ''ਪੰਜਾਬ ਸਾਡੀ ਜਨਮ ਭੂਮੀ ਹੈ ਅਤੇ ਸਾਡੀਆਂ ਰਗਾਂ ਵਿੱਚ ਪੰਜਾਬੀਅਤ ਹੈ, ਇਸ ਤੋਂ ਵੱਖ ਹੋਣ ਦਾ ਸੁਫਨਾ ਵੀ ਨਹੀਂ ਲੈ ਸਕਦੇ।''

ਵਰਨਣ ਯੋਗ ਹੈ ਕਿ 1986 ਦੀ ਜਨਗਣਨਾ ਮੌਕੇ ਓਦੋਂ ਦੇ ਖਜ਼ਾਨਾ ਮੰਤਰੀ ਬਲਵੰਤ ਸਿੰਘ, ਖੇਤੀ ਮੰਤਰੀ ਕੈਪਟਨ ਅਮਰਿੰਦਰ ਸਿੰਘ, ਮਰਹੂਮ ਐਮ ਪੀ ਭਾਈ ਸ਼ਮਿੰਦਰ ਸਿੰਘ ਸਮੇਤ ਸਾਰੀ ਕੈਬਨਿਟ ਨੇ ਇਸ ਪਿੰਡ ਡੇਰੇ ਲਾਏ ਹੋਏ ਸਨ। ਜਨਗਣਨਾ ਮੌਕੇ ਮੌਜੂਦ ਰਹੇ ਕੰਦੂਖੇੜਾ ਦੇ ਬਲਿਹਾਰ ਸਿੰਘ ਨੇ ਦੱਸਿਆ ਕਿ ਭਜਨ ਲਾਲ ਨੇ ਹਰਿਆਣੇਵਿੱਚੋਂ ਕੰਦੂਖੇੜਾ ਵਿੱਚ ਹਿੰਦੀ ਭਾਸ਼ਾਈ ਬੰਦੇ ਭੇਜ ਕੇ ਜਨਗਣਨਾ ਵਿੱਚ ਗੜਬੜ ਕਰਨ ਦੀ ਚਾਲ ਵੀ ਚੱਲੀ ਸੀ। ਪਿੰਡ ਕੰਦੂਖੇੜਾ ਵਿੱਚ ਬਿਸ਼ਨੋਈ ਭਾਈਚਾਰਾ ਉਦੋਂ ਕਾਫੀ ਸੀ, ਜੋ ਹਿੰਦੀ ਭਾਸ਼ਾਈ ਸੀ। ਅੱਜਕੱਲ੍ਹ ਪਿੰਡ ਵਿੱਚ ਟਾਵੇਂ ਘਰ ਬਿਸ਼ਨੋਈ ਭਾਈਚਾਰੇ ਦੇ ਹਨ। ਕੰਦੂਖੇੜਾ ਦੇ ਮੌਜੂਦਾ ਸਰਪੰਚ ਪਰਮਜੀਤ ਸਿੰਘ ਨੇ ਕਿਹਾ ਕਿ ਪਿੰਡ ਦੀ 3500 ਆਬਾਦੀ ਅੱਜ ਪੂਰੀ ਤਰ੍ਹਾਂ ਪੰਜਾਬ ਨਾਲ ਖੜ੍ਹੀ ਹੈ।ਸਾਬਕਾ ਸਰਪੰਚ ਮਨਿੰਦਰ ਕੌਰ ਨੇ ਕਿਹਾ ਕਿ ਕੰਦੂਖੇੜਾ ਵਿੱਚ ਅੱਜ ਕੋਈ ਹਿੰਦੀ ਭਾਸ਼ਾਈ ਨਹੀਂ ਹੈ। ਇਸੇ ਪਿੰਡ ਦੇ ਕਿਸਾਨ ਸੁਰਿੰਦਰਪਾਲ ਸ਼ਰਮਾ ਨੇ ਕਿਹਾ ਕਿ ਹਿੰਦੀ ਭਾਸ਼ਾਈ ਪਿੰਡਾਂ ਉੱਤੇ ਹਰਿਆਣਾ ਦਾ ਦਾਅਵਾ ਕੋਈ ਮੁੱਦਾ ਹੀ ਨਹੀਂ ਰਿਹਾ।ਹਲਕਾ ਲੰਬੀ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਮੀਤ ਸਿੰਘ ਖੁੱਡੀਆਂ ਦਾ ਇਸ ਬਾਰੇ ਕਹਿਣਾ ਸੀ ਕਿ ਹਰਿਆਣਾ ਵੱਲੋਂ ਇੰਨੇ ਸਾਲਾਂ ਬਾਅਦ ਹਿੰਦੀ ਬੋਲਦੇ ਇਲਾਕਿਆਂ ਦੀ ਗੱਲ ਕਰਨੀ ਅਸਲ ਵਿੱਚ ਅਬੋਹਰ-ਫਾਜ਼ਿਲਕਾ ਦੇ ਲੋਕਾਂ ਨੂੰ ਮਾਨਸਿਕ ਤੌਰ ਉੱਤੇ ਠਿੱਠ ਕਰਨ ਦੀ ਹੀ ਚਾਲ ਹੈ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202



Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2'' ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂMBA ਅਤੇ ਕੈਨੇਡਾ ਤੋਂMarketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਪਲਾਟ ਵਿਕਾਊ

ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਨਜ਼ਦੀਕ ਪਲਾਟ ਵਿਕਾਊ ਹੈ। GT Road ਤੋਂ ਸਿਰਫ 400 ਮੀਟਰ ਦੂਰੀ 'ਤੇ। ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਚ 10 ਮਰਲੇ ਦਾ ਪਲਾਟ ਵਿਕਾਊ ਹੈ।। ਖੁੱਲ੍ਹੀਆਂ ਸੜਕਾਂ ਪਾਰਕ ਆਦਿ ਦੀ ਸਹੂਲਤ।

ਫੋਨ ਨੰਬਰ 917837596119
647-760-2769

## ਲੜਕੀ ਦੀ ਲੋੜ

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੇਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੀ ਦੀ ਲੋੜ

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen
Contact on 6473004877
Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11'' ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9'', ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਕੈਨੇਡਾ ਵਿਚ ਵੈੱਲ ਸੈਟਲਡ ਪੀ.ਆਰ. ਲੜਕਾ, ਟਰੱਕਿੰਗ ਇੰਡਸਟਰੀ ਵਿਚ ਵਧੀਆ ਨੌਕਰੀ ਕਰ ਰਿਹਾ, ਉਮਰ 30 ਸਾਲ, ਕੱਦ 5'9'' ਲਈ ਕੈਨੇਡੀਅਨ ਪੀ.ਆਰ./ਸਿਟੀਜਨ, ਵਰਕ ਪਰਮਿਟ ਜਾਂ ਆਪਣੇ ਪਰਿਵਾਰ ਨਾਲ ਰਹਿ ਰਹੀ ਲੜਕੀ ਦੀ ਲੋੜ ਹੈ। ਲੜਕੇ ਦੀ ਭੈਣ ਕੈਨੇਡਾ ਵਿਚ ਆਪਣੇ ਪਰਿਵਾਰ ਨਾਲ ਰਹਿੰਦੀ ਹੈ। ਸੰਪਰਕ: 647-608-4013







ਫੋਨਾਂ ਦੇ ਸਸਤੇ ਪਲਾਨ ਗਾਰੰਟਿਡ
ਸਸਤੇ ਫੋਨਾਂ ਦੇ ਪਲਾਨ, ਕਿ ਸੁਣ ਕੇ ਹੋ ਜਾਉਗੇ ਹੈਰਾਨ,
ਇਕ ਵਾਰੀ ਅਜਮਾਓ ਤੇ ਫਿਰ ਹੋਰਾਂ ਨੂੰ ਵੀ ਲਿਆਓਂ
20 ਸਾਲਾਂ ਤੋ ਇਕੋ ਨਾਮ-ਇਕੋ ਦੁਕਾਨ
(905)790-9999
2565 Steeles Ave. E, Brampton (Steeles/Torbram)

Check our Free E-paper at:
www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਕੈਨੇਡੀਅਨ ਪੰਜਾਬੀ ਪੋਸਟ



ਸੰਪਰਕ ਕਰੋ: ਸੁਰਜੀਤ ਸਿੰਘ ਦਿਓਲ
647-391-3365

## Change of Name

**I Navbir Singh s/o Inderjit Singh R/o** 8 Whitewash Way, Brampton, ON L6X 4T3 Canada, (Mo no: +1 647 425 6600) have changed my name **Navbir Singh to Navbir Singh Thind.**

**I Harmanjit Kaur W/o Navbir Singh** alias Navbir Singh Thind R/o 8 Whitewash Way, Brampton, ON L6X 4T3 Canada, (Mo no: +1 647 425 6600) have changed my name **Harmanjit Kaur to Harmanjit Kaur Thind.**

Check our Free E-paper at:
www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਕੈਨੇਡੀਅਨ ਪੰਜਾਬੀ ਪੋਸਟ

You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca

Visions of Punjab


Serving the South Asian Community Since 1976

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਫਰੀ ਪਿਕਅਪ
Best Rates For Lessons


647-998-7500 ਬਲਵਿੰਦਰ

Urgently Need New Listings in Brampton/Caledon



visit: www.teamjagaujla.com

Call JAG AUJLA

MCNE, REAL ESTATE BROKER

DIR: 416-371-7777

j.aujla@rogers.com www.jagaujla.com


Follow Us:

CALL JAG FOR A QUICK & FREE HOME EVALUATION

www.BramptonTopRealtor.com www.BramptonTopAgent.com

RECENTLY LISTED/SOLD IN YOUR NEIGHBOURHOOD BY JAG AUJLA


JUST LISTED FOR SALE



* Premium Lot
* Approx. 2 Years New
* Over 2500 Square Feet
* 4 Bedroom + 3 W.R.
* Family Room Open To Above
* Computer Loft
* Main Floor Laundry
* Loaded With Upgrades

BRANTFORD, ONTARIO Call Jag Aujla For Details

JUST LISTED FOR SALE



* Spent over $200k on upgrades

* 70 Feet Wide Prem. Lot
* 4+2 Bedrooms + 6 Washroom + Upgraded
* 2 Bedroom Legal Basement Apt.
* Fully Renovated
* Approx 4000 S/F Living space
* Almost Everything New

BRAMPTON, ONTARIO Call Jag Aujla For Details



SOLD $215,000 OVER ASKING IN 2 DAYS

42 Lawnview Crt
Sandalwood /Hwy 10 / Braidwood




SOLD $101,000 OVER ASKING IN 2 DAYS

11 Germain Circ
Miss.Rd/ William Pkwy/ Bovaird



SOLD $165,000 OVER ASKING IN 2 DAYS

5 Mitchell Ave
Sandalwood/ Conestoga/ Dalzell



SOLD @101% OF ASKING PRICE

12 Laurelcrest St
Queen / Laurelcrest / Hwy 410




SOLD $260,000 OVER ASKING IN 4 DAYS

10 Lady Stewart Blvd
Howden / William Pkwy/ Hwy 410




SOLD @99% OF ASKING PRICE

11 Van Hoof Crest
Castlemore/ Goreway / Latania




SOLD $121,000 OVER ASKING IN 6 DAYS Caledon

42 Pinedale Ave
Kennedy / Dougall



SOLD $73,000 OVER ASKING IN 6 DAYS Shelbourne

416 Olde Village Lane
Hwy 89 / Greenwood



SOLD $355,000 OVER ASKING IN 4 DAYS

37 Esker Dr
Heart Lake Rd/Sandalwood Pkwy

FREE

- Full MLS Services
- Consistently Marketing Your Property Until SOLD
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold
- Competitive Rates, Exceptional Service & Award Winning Results

RE/MAX Realty Specialists Inc. Brokerage (Independently Owned and Operated)

Off: 905-456-3232

*(Based on units sold & commissions)** *Some Conditions Apply.

*Seller* & Jag Aujla Broker of Re/max Realty Specialist Inc. must agree on the terms & conditions, closing date and listing price at the time of listing. Guaranteed Program only for Peel Region Homes Under $1 Million Price

Call JAG AUJLA DIR: 416-371-7777

MCNE, REAL ESTATE BROKER NOT INTENDED TO SOLICIT BUYERS OR SELLER CURRENTLY UNDER CONTRACT

March 2022



ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 31 ਸਾਲਾ ਤਜਰਬੇ ਵਾਲੇ

ਅਵਤਾਰ ਸਿੰਘ ਟਿਵਾਣਾ



- Free Evaluation of your Property
- Special Packages for First Time Buyer
- Arrangement of Low Mortgage rate Lawyer
- Arrangement of Home Inspection

Avtar Singh Tiwana
Sales Representative

Tel: 905.793.5777 416.802.5866

31 Melanie Dr. Unit #4 Brampton, ON L6T 5H8



SOLD $1,399,999

CASTLEMORE/GOREWAY

ਬਰੈਂਪਟਨ ਵਿਚ ਬਹੁਤ ਹੀ ਸੋਹਣਾ ਅਤੇ ਸਾਫ਼ ਸੁਥਰਾ 3500-5000 ਵਰਗ ਦਾ 4 ਬੈੱਡਰਮ ਅਤੇ 5 ਵਾਸ਼ਰੂਮ ਦਾ ਘਰ, ਫਿਨਿਸ਼ਡ ਬੇਸਮੈਂਟ ਵਿਚ ਕਿਚਨ ਅਤੇ ਸੈਪਰੇਟ ਐਂਟਰੈਂਸ, ਮੇਨ ਫਲੋਰ 'ਤੇ 9 ਫੁੱਟ ਦੀ ਸੀਲਿੰਗ,ਫਾਰਮਲ ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ, ਮੇਨ ਫਲੋਰ ਤੇ ਡੇਨ, ਅਪਗ੍ਰੇਡ ਕਿਚਨ ਅਤੇ ਗਰੇਨਾਈਟ ਕਾਊਂਟਰ ਟਾਪ, 2 ਫਰਿੱਜ, 2 ਸਟੋਵ, 1 ਡਿਸ਼ਵਾਸ਼ਰ, ਕੱਪੜੇ ਧੋਣ ਲਈ ਮੇਨ ਫਲੋਰ 'ਤੇ ਵਾਸ਼ਰ ਅਤੇ ਡਰਾਈਅਰ, 4 ਕਾਰ ਪਾਰਕਿੰਗ ਨਾਲ ਡਬਲ ਡੋਰ ਗਰਾਜ। ਸਾਰੀਆਂ ਸਹੂਲਤਾਂ ਦੇ ਨੇੜੇ



FOR SALE $1,749,900

8337 ਗਲਫ ਲਾਈਨ

401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866



FOR SALE $1,950,000

26 Yellow RomeRd

ਕੈਸਲਮੋਰ/ਗੋਰਵੇ

ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਚ ਇਨਸੂਟ ਅਤੇ ਵਾਕਇਨ ਕਲਾਜਿਟ, ਮਾਡਰਨ ਕਿਚਨ ਗ੍ਰੇਨਾਈਟ ਕਊਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੇਂਟ ਵਿਚ ਸੈਪਰੇਟ ਐਂਟਰੈਂਸ, 6 ਵਾਸ਼ਰੂਮ, 2 ਫਰਿੱਜ, 2 ਸਟੋਵ, ਦੂਸਰੀ ਮੰਜ਼ਲ ਉਤੇ ਲਾਊਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ



jobs! jobs! jobs! jobs! jobs!

DUNDAS-JAFINE

HELP WANTED

ਕਾਮਿਆਂ ਦੀ ਲੋੜ

ਜਨਰਲ ਲੇਬਰ ਦਾ ਕੰਮ ਉਪਲੱਬਧ ਹੈ

ਬਰੈਂਪਟਨ ਦੇ ਇਲਾਕੇ ਡੰਡਾਸ ਜੈਫਿਨ, Air Distribution Products ਦੀ Leading Manufacture company HVAC Industry ਲਈ ਫੁੱਲ ਟਾਈਮ ਪੋਜੀਸ਼ਨ ਉਪਲੱਬਧ ਹੈ।

Afternoon and Midnight Shifts Available.

ਕਾਮਿਆਂ ਨੂੰ ਹੇਠ ਲਿਖੇ ਕਾਰਨ ਵਿੱਚ ਸਮਰੱਥ ਹੋਣਾ ਜਰੂਰੀ ਹੈ:
* ਸੁਤੰਤਰ ਤੌਰ ਤੇ ਕੰਮ ਕਰੋ * 20Lbs ਤੱਕ ਭਾਰ ਚੁੱਕ ਸਕਣ
* ਆਪਣੇ Safety Shoes ਹੋਣੇ ਚਾਹੀ ਦੇ ਹਨ

ਅਪਲਾਈ ਕਰਨ ਲਈ ਆਪ ਪਹੁੰਚੋ:
80 West Drive, Brampton

Apply In Person to complete application in the Shipping Department






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017